ਸੋ ਕਿਉ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ ॥

**ਅੰਤਰਰਾਸ਼ਟਰੀ ਮਹਿਲਾ ਦਿਵਸ ਮੁਬਾਰਕ**

ਸਾਲ 4 ▪ ਅੰਕ 343 ▪ 08 ਮਾਰਚ 2026 ▪ ਐਤਵਾਰ ▪ ਸਫ਼ੇ 6 ▪ ਮੁੱਲ 2 ਰੁਪਏ ▪ ਸ੍ਰੀ ਮੁਕਤਸਰ ਸਾਹਿਬ

E.mail. malwabani2021@gmail.com Rni.PUNPUN/2022/85964


# ਮਾਲਵਾ ਬਾਣੀ

## ਥਾਣਾ ਸਦਰ ਮਲੋਟ ਪੁਲਿਸ ਦੀ ਵੱਡੀ ਕਾਮਯਾਬੀ

## ਇਲਾਕੇ ਵਿੱਚ ਲੁੱਟਖੋਹ ਕਰਨ ਵਾਲੇ ਗਿਰੋਹ ਦੇ 5 ਮੈਂਬਰ ਗ੍ਰਿਫ਼ਤਾਰ, ਸੋਨਾ ਤੇ ਮੋਟਰਸਾਈਕਲ ਅਤੇ ਲੱਖਾਂ ਦੇ ਕੈਮਰੇ ਬਰਾਮਦ





**ਮਲੋਟ, 07 ਮਾਰਚ (ਹਰਦੀਪ ਸਿੰਘ ਖਾਲਸਾ)**- ਸਦਰ ਥਾਣਾ ਮਲੋਟ ਪੁਲਿਸ ਨੂੰ ਲੁੱਟਖੋਹ ਦੀਆਂ ਵਾਰਦਾਤਾਂ ਕਰਨ ਵਾਲੇ ਗਿਰੋਹ ਨੂੰ ਕਾਬੂ ਕਰਨ ਵਿੱਚ ਵੱਡੀ ਕਾਮਯਾਬੀ ਮਿਲੀ ਹੈ। ਪ੍ਰੈਸ ਕਾਨਫਰੰਸ ਦੌਰਾਨ ਜਾਣਕਾਰੀ ਦਿੰਦਿਆਂ ਡੀਐਸਪੀ ਮਲੋਟ ਨਵੀਨ ਪਾਲ ਸਿੰਘ ਨੇ ਪ੍ਰੈਸ ਕਾਨਫਰੰਸ ਦੌਰਾਨ ਜਾਣਕਾਰੀ ਦਿੰਦਿਆਂ ਦੱਸਿਆ ਕਿ ਥਾਣਾ ਸਦਰ ਮਲੋਟ ਦੀ ਇੰਚਾਰਜ ਸਬ ਇੰਸਪੈਕਟਰ ਕਰਮਜੀਤ ਕੌਰ ਦੀ ਅਗਵਾਈ ਦੇ ਵਿੱਚ ਪੁਲਿਸ ਪਾਰਟੀ ਵੱਲੋਂ ਇਲਾਕੇ ਵਿੱਚ ਲੁੱਟਾਂ ਖੋਹਾਂ ਦੀਆਂ ਵਾਰਦਾਤਾਂ ਕਰਨ ਵਿੱਚ ਸਰਗਰਮ ਲੋਕਾਂ ਨੂੰ ਕਾਬੂ ਕਰਨ ਲਈ ਚਲਾਈ ਗਈ ਇੱਕ ਵਿਸ਼ੇਸ਼ ਮੁਹਿੰਮ ਦੇ ਦੌਰਾਨ ਪੁਲਿਸ ਨੇ ਲੁੱਟਖੋਹ ਕਰਨ ਵਾਲੇ ਗਿਰੋਹ ਦੇ ਪੰਜ ਮੈਂਬਰਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

ਉਨ੍ਹਾਂ ਦੱਸਿਆ ਕਿ ਕੁਝ ਦਿਨ ਪਹਿਲਾਂ ਫਾਜ਼ਿਲਕਾ ਰੋਡ 'ਤੇ ਇੱਕ ਨੌਜਵਾਨ ਤੋਂ ਸੋਨਾ ਲੁੱਟਿਆ ਗਿਆ ਸੀ, ਜਿਸ ਸਬੰਧੀ ਮਾਮਲਾ ਦਰਜ ਕਰਕੇ ਪੁਲਿਸ ਵੱਲੋਂ ਜਾਂਚ ਸ਼ੁਰੂ ਕੀਤੀ ਗਈ। ਜਾਂਚ ਦੌਰਾਨ ਪਤਾ ਲੱਗਾ ਕਿ ਦੋਸ਼ੀ ਪਹਿਲਾਂ ਇਲਾਕੇ ਵਿੱਚ ਰੇਕੀ ਕਰਦੇ ਸਨ ਅਤੇ ਫਿਰ ਮੌਕਾ ਦੇਖ ਕੇ ਲੁੱਟ ਦੀ ਵਾਰਦਾਤ ਨੂੰ ਅੰਜਾਮ ਦਿੰਦੇ ਸਨ।

ਪੁਲਿਸ ਨੇ ਲੰਬੀ ਜਾਂਚ ਤੋਂ ਬਾਅਦ ਗਿਰੋਹ ਦੇ ਪੰਜ ਮੈਂਬਰਾਂ ਨੂੰ ਕਾਬੂ ਕਰ ਲਿਆ। ਗ੍ਰਿਫ਼ਤਾਰ ਦੋਸ਼ੀਆਂ ਦੀ ਪਹਿਚਾਣ ਅਜੇ ਸਿੰਘ ਪੁੱਤਰ ਕਰਨੈਲ ਸਿੰਘ, ਆਕਾਸ਼ਦੀਪ ਸਿੰਘ ਪੁੱਤਰ ਦਵਿੰਦਰ ਸਿੰਘ, ਮਨਪ੍ਰੀਤ ਸਿੰਘ ਉਰਫ ਮੰਨਾ ਪੁੱਤਰ ਸਾਹਿਬ ਸਿੰਘ, ਬਲਜਿੰਦਰ ਸਿੰਘ ਉਰਫ ਬੁਗੜੀ ਪੁੱਤਰ ਹਰਨੈਲ ਸਿੰਘ ਅਤੇ ਵੀਰ ਸਿੰਘ ਵਜੋਂ ਹੋਈ ਹੈ। ਇਹ ਸਾਰੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਰਹਿਣ ਵਾਲੇ ਹਨ।

ਪੁਲਿਸ ਨੇ ਦੋਸ਼ੀਆਂ ਕੋਲੋਂ ਕਰੀਬ 8 ਲੱਖ ਰੁਪਏ ਮੁੱਲ ਦਾ ਸੋਨਾ ਅਤੇ ਦੋ ਚੋਰੀਸ਼ੁਦਾ ਮੋਟਰਸਾਈਕਲ ਬਰਾਮਦ ਕੀਤੇ ਹਨ। ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਕਿ ਦੋਸ਼ੀਆਂ ਨੇ ਲੁੱਟਿਆ ਹੋਇਆ ਸੋਨਾ ਇੱਕ ਫਾਇਨੈਂਸ ਕੰਪਨੀ ਵਿੱਚ ਗਿਰਵੀ ਰੱਖ ਕੇ ਕਰੀਬ 3 ਲੱਖ 65 ਹਜ਼ਾਰ ਰੁਪਏ ਦਾ ਕਰਜ਼ਾ ਲਿਆ ਸੀ।

ਡੀਐਸਪੀ ਨੇ ਦੱਸਿਆ ਕਿ ਮਲੋਟ ਹਬੋਹਰ ਤੇ ਫਾਜ਼ਲਕਾ ਤਕੋਨੀ ਚੌਂਕ ਤੇ ਇੱਕ ਫੋਟੋਗਰਾਫਰ ਦੀ ਦੁਕਾਨ ਨੂੰ ਇਹਨਾਂ ਵੱਲੋਂ ਨਿਸ਼ਾਨਾ ਬਣਾਉਂਦਿਆਂ ਦਿਨ ਦਿਹਾੜੇ ਤੇਜ਼ਧਾਰ ਹਥਿਆਰਾਂ ਦੀ ਨੋਕ ਤੇ ਇੱਕ ਡਰੋਨ ਕੈਮਰਾ ਅਤੇ ਇੱਕ ਡੀਐਸਐਲ ਆਰ ਕੈਮਰੇ ਦੀ ਲੁੱਟ ਕਰਕੇ ਫਰਾਰ ਹੋ ਗਏ ਸਨ ਇਹਨਾਂ ਲੋਕਾਂ ਵੱਲੋਂ ਫੋਟੋਗ੍ਰਾਫਰ ਦੀ ਦੁਕਾਨ ਤੋਂ ਖੋਹੇ ਗਏ ਕਾਇਮ ਰਹੇ ਦਿੱਲੀ ਦੇ ਇੱਕ ਦੁਕਾਨਦਾਰ ਨੂੰ ਵੇਚ ਦਿੱਤੇ ਸਨ ਪੁਲਿਸ ਪਾਰਟੀ ਨੇ ਦਿੱਲੀ ਜਾ ਕੇ ਉਹ ਕੈਮਰੇ ਵੀ ਰਿਕਵਰ ਕਰ ਲਏ ਜਿਨਾਂ ਦੀ ਕੀਮਤ ਲੱਖਾਂ ਰੁਪਏ ਸੀ ਡੀਐਸਪੀ ਨੇ ਦੱਸਿਆ ਕਿ ਲੁੱਟਮਾਰ ਕਰਨ ਵਾਲੇ ਇਸ ਗਰੋਹ ਨੂੰ ਕਾਬੂ ਕਰਨ ਲਈ ਪੁਲਿਸ ਨੂੰ ਬਹੁਤ ਮੁਸ਼ੱਕਤ ਕਰਨੀ ਪਈ ਉਹਨਾਂ ਦੱਸਿਆ ਕਿ ਇਸ ਮਾਮਲੇ ਦੀ ਜਾਂਚ ਦੌਰਾਨ ਪੁਲਿਸ ਵੱਲੋਂ ਕਰੀਬ 132 ਸੀਸੀਟੀਵੀ ਕੈਮਰੇ ਚੈੱਕ ਕੀਤੇ ਗਏ ਅਤੇ 32 ਪਿੰਡਾਂ ਵਿੱਚ ਜਾ ਕੇ ਪੁੱਛਗਿੱਛ ਕੀਤੀ ਗਈ, ਜਿਸ ਤੋਂ ਬਾਅਦ ਦੋਸ਼ੀਆਂ ਤੱਕ ਪਹੁੰਚ ਬਣੀ।

ਪ੍ਰਾਰੰਭਿਕ ਜਾਂਚ ਵਿੱਚ ਇਸ ਗਿਰੋਹ ਦੀ ਸੱਤ ਵਾਰਦਾਤਾਂ ਵਿੱਚ ਸ਼ਮੂਲੀਅਤ ਸਾਹਮਣੇ ਆਈ ਹੈ। ਦੋਸ਼ੀਆਂ ਦੀ ਉਮਰ ਕਰੀਬ 25 ਤੋਂ 30 ਸਾਲ ਦਰਮਿਆਨ ਦੱਸੀ ਜਾ ਰਹੀ ਹੈ। ਪੁਲਿਸ ਵੱਲੋਂ ਉਨ੍ਹਾਂ ਦਾ ਪੁਰਾਣਾ ਅਪਰਾਧਿਕ ਰਿਕਾਰਡ ਵੀ ਖੰਗਾਲਿਆ ਜਾ ਰਿਹਾ ਹੈ ਅਤੇ ਮਾਮਲੇ ਦੀ ਅਗਲੀ ਜਾਂਚ ਜਾਰੀ ਹੈ।

## ਨਕਲੀ ਪੁਲਿਸ ਅਫਸਰ ਬਣ ਕੇ ਲੋਕਾਂ ਨੂੰ ਗੁੰਮਰਾਹ ਕਰਨ ਵਾਲਾ ਜਾਲਸਾਜ ਵਿਅਕਤੀ ਪੁਲਿਸ ਅੜਿੱਕੇ

### ਨਾਕਾਬੰਦੀ ਦੌਰਾਨ ਪੁਲਿਸ ਟੀਮ ਨਾਲ ਬਹਿਸ ਕਰਕੇ ਪੁਲਿਸ ਮੁਲਾਜਮ 'ਤੇ ਗੱਡੀ ਚੜਾਉਣ ਦੀ ਕੀਤੀ ਸੀ ਕੋਸ਼ਿਸ਼







**ਕੋਟਕਪੂਰਾ, 7 ਮਾਰਚ (ਟਿੰਕੂ ਕੁਮਾਰ)** ਡਾ. ਪ੍ਰਗਿਆ ਜੈਨ ਐਸ.ਐਸ.ਪੀ. ਫਰੀਦਕੋਟ ਦੀ ਅਗਵਾਈ ਹੇਠ ਫਰੀਦਕੋਟ ਪੁਲਿਸ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਜਾ ਰਹੀ ਮੁਹਿੰਮ ਤਹਿਤ ਇੱਕ ਮਹੱਤਵਪੂਰਨ ਕਾਮਯਾਬੀ ਹਾਸਲ ਕਰਦਿਆਂ ਨਕਲੀ ਪੁਲਿਸ ਮੁਲਾਜਮ ਬਣ ਕੇ ਲੋਕਾਂ ਨੂੰ ਗੁੰਮਰਾਹ ਕਰਨ ਵਾਲੇ ਇੱਕ ਵਿਅਕਤੀ ਨੂੰ ਗ੍ਰਿਫਤਾਰ ਕਰਨ ਵਿੱਚ ਮਹੱਤਵਪੂਰਨ ਸਫਲਤਾ ਹਾਸਿਲ ਕੀਤੀ ਹੈ। ਇਹ ਜਾਣਕਾਰੀ ਜੋਗੇਸ਼ਵਰ ਸਿੰਘ ਐਸ.ਪੀ (ਇੰਨਵੈਸਟੀਗੇਸ਼ਨ) ਫਰੀਦਕੋਟ ਵੱਲੋ ਸਾਂਝੀ ਕੀਤੀ ਗਈ। ਫਰੀਦਕੋਟ ਪੁਲਿਸ ਨੂੰ ਇਹ ਸਫਲਤਾ ਅਵਤਾਰ ਸਿੰਘ ਡੀ.ਐਸ.ਪੀ (ਇੰਨਵੈਸਟੀਗੇਸ਼ਨ) ਫਰੀਦਕੋਟ ਦੀ ਸਿੱਧੀ ਨਿਗਰਾਨੀ ਹੇਠ ਹਾਸਿਲ ਹੋਈ। ਜਿਸ ਵਿੱਚ ਸੀ.ਆਈ.ਏ. ਸਟਾਫ ਫਰੀਦਕੋਟ ਅਤੇ ਥਾਣਾ ਸਦਰ ਫਰੀਦਕੋਟ ਦੀਆਂ ਟੀਮਾਂ ਨੇ ਅਹਿਮ ਭੂਮਿਕਾ ਨਿਭਾਈ। ਗ੍ਰਿਫਤਾਰ ਕੀਤੇ ਮੁਲਜਮ ਦੀ ਪਹਿਚਾਣ ਗੁਰਮੰਗਤ ਸਿੰਘ ਪੁੱਤਰ ਬਲਦੇਵ ਸਿੰਘ ਵਜੋ ਹੋਈ ਹੈ, ਜੋ ਕਿ ਹਰਿਆਣਾ ਦੇ ਫਤਿਆਬਾਦ ਜਿਲਾ ਦੇ ਪਿੰਡ ਰੱਤਾਖੇੜਾ ਨਾਲ ਸਬੰਧਿਤ ਹੈ। ਪੁਲਿਸ ਟੀਮ ਪਾਸੋਂ ਦੋਸ਼ੀ ਪਾਸੋ ਇੱਕ ਟੋਇਟਾ ਅਰਬਨ ਕਰੂਜਰ ਕਾਰ ਅਤੇ ਹਰਿਆਣਾ ਪੁਲਿਸ ਦੇ ਐਸ.ਆਈ ਦਾ ਜਾਅਲੀ ਆਈਕਾਰਡ ਵੀ ਹਾਸਿਲ ਹੋਇਆ ਹੈ। ਕਾਰਵਾਈ ਦੇ ਵੇਰਵੇ ਸਾਂਝੇ ਕਰਦਿਆ ਉਹਨਾ ਦੱਸਿਆ ਕਿ ਮਿਤੀ 06 ਮਾਰਚ ਨੂੰ ਸਹਾਇਕ ਥਾਣੇਦਾਰ ਰਵੀ ਕਾਂਤ ਪੁਲਿਸ ਪਾਰਟੀ ਸਮੇਤ ਹਾਈਟੈਕ ਨਾਕਾ ਪਿੰਡ ਟਹਿਣਾ ਵਿਖੇ ਮੌਜੂਦ ਸੀ ਤਾਂ ਉਹਨਾ ਵੱਲੋ ਇੱਕ ਕਾਰ ਟੋਇਟਾ ਅਰਬਨ ਕਰੂਜਰ ਨੂੰ ਰੁਕਣ ਦਾ ਇਸ਼ਾਰਾ ਕੀਤਾ ਤਾਂ ਗੱਡੀ ਦੇ ਡਰਾਇਵਰ ਨੇ ਕਿਹਾ ਇਹ ਹਾਈਕੋਰਟ ਦੇ ਜੱਜ ਸਾਹਿਬ ਦੀ ਗੱਡੀ ਹੈ, ਜਦ ਉਸ ਪਾਸੋ ਡਰਾਇਵਿੰਗ ਲਾਇਸੰਸ ਦੀ ਮੰਗ ਕੀਤੀ ਤਾ ਉਸ ਵੱਲੋ ਹਰਿਆਣਾ ਦੇ ਸਬ ਇੰਸਪੈਕਟਰ ਦਾ ਅਡੈਟੀਕਾਰਡ ਜੋ ਗੁਰਮੰਗਤ ਸਿੰਘ ਦੇ ਨਾਮ ਪਰ ਸੀ ਦਿਖਾਇਆ ਗਿਆ ਪ੍ਰੰਤੂ ਤਾਇਨਾਤੀ ਬਾਰੇ ਕੋਈ ਵੀ ਤਸੱਲੀਬਖਸ ਜਵਾਬ ਨਾ ਦੇ ਸਕਣ ਪਰ ਬਹਿਸ ਬਾਜੀ ਕਰਨ ਲੱਗਾ, ਜਿਸ ਉਪਰੰਤ ਉਸ ਵੱਲੋ ਮਾਰ ਦੇਣ ਦੀ ਨੀਯਤ

### ਦੋਸ਼ੀ ਪਾਸੋਂ ਹਰਿਆਣਾ ਪੁਲਿਸ ਦੇ ਜਾਅਲੀ ਆਈ ਕਾਰਡ ਤੇ ਕਾਰ ਕੀਤੀ ਬਰਾਮਦ

ਨਾਲ ਪੁਲਿਸ ਮੁਲਾਜਮ ਪਰ ਗੱਡੀ ਚੜਾਉਣ ਦੀ ਕੋਸ਼ਿਸ਼ ਕੀਤੀ ਅਤੇ ਮੌਕਾ ਤੋ ਫਰਾਰ ਹੋ ਗਿਆ। ਘਟਨਾ ਦੀ ਸੂਚਨਾ ਮਿਲਦੇ ਹੀ ਫਰੀਦਕੋਟ ਪੁਲਿਸ ਵੱਲੋਂ ਜਿਲ੍ਹੇ ਅੰਦਰ ਤੁਰੰਤ ਨਾਕਾਬੰਦੀ ਕਰਕੇ ਮੁਲਜ਼ਮ ਦੀ ਭਾਲ ਸ਼ੁਰੂ ਕਰ ਦਿੱਤੀ ਗਈ। ਜਿਸ ਦੌਰਾਨ ਸਹਾਇਕ ਥਾਣੇਦਾਰ ਰਾਜ ਸਿੰਘ ਵੱਲੋ ਪੁਲਿਸ ਪਾਰਟੀ ਸਮੇਤ ਦੋਸ਼ੀ ਨੂੰ ਬੀੜ ਚਹਿਲ ਪਾਸੋ ਗੱਡੀ ਸਮੇਤ ਗ੍ਰਿਫਤਾਰ ਕੀਤਾ ਗਿਆ। ਐਸ.ਪੀ. ਨੇ ਦੱਸਿਆ ਕਿ ਦੌਰਾਨੇ ਤਫਤੀਸ਼ ਇਹ ਸਾਹਮਣੇ ਆਇਆ ਹੈ ਕਿ ਦੋਸ਼ੀ ਵੱਲੋ ਹੋਰ ਵੀ ਜਾਅਲੀ ਆਈ.ਡੀ ਕਾਰਡ ਤਿਆਰ ਕੀਤੇ ਗਏ ਸਨ। ਇਸ ਤੋ ਇਲਾਵਾ ਇਸ ਵੱਲੋ ਆਪਣੀ ਗੱਡੀ ਪਰ ਫਲੈਸ਼ਰ ਲਾਈਟ ਅਤੇ ਹਾਈਕੋਰਟ ਦੇ ਜੱਜ ਸਹਿਬਾਨ ਦੇ ਜਾਅਲੀ ਸਟਿਕਰ ਲਗਾਏ ਹੋਏ ਸਨ। ਇਸ ਤੋ ਇਲਾਵਾ ਫਰੀਦਕੋਟ ਪੁਲਿਸ ਵੱਲੋਂ ਮਾਮਲੇ ਦੀ ਗਹਿਰਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਇਸ ਮੁਲਜ਼ਮ ਵੱਲੋਂ ਹੋਰ ਕਿਹੜੀਆਂ ਗਤੀਵਿਧੀਆਂ ਨੂੰ ਅੰਜਾਮ ਦਿੱਤਾ ਗਿਆ ਅਤੇ ਕੀ ਇਸ ਜਾਲਸਾਜੀ ਦੌਰਾਨ ਇਸ ਨਾਲ ਕਿਸੇ ਹੋਰ ਵਿਅਕਤੀ ਦੀ ਵੀ ਸ਼ਮੂਲੀਅਤ ਰਹੀ ਹੈ ਜਾਂ ਨਹੀਂ। ਇਸ ਸਬੰਧੀ ਥਾਣਾ ਸਦਰ ਫਰੀਦਕੋਟ ਵਿਖੇ ਦੋਸ਼ੀ ਖਿਲਾਫ ਮੁਕੱਦਮਾ ਨੰਬਰ 62 ਮਿਤੀ 06.03.2026 ਅਧੀਨ ਧਾਰਾ 109, 132, 221 ਬੀ.ਐਨ.ਐਸ ਤਹਿਤ ਦਰਜ ਰਜਿਸਟਰ ਕੀਤਾ ਗਿਆ ਹੈ। ਜਿਸ ਵਿੱਚ ਬੀ.ਐਨ.ਐਸ ਦੀ ਧਾਰਾ 336(2), 336(3), 340(2) ਦਾ ਵਾਧਾ ਕੀਤਾ ਗਿਆ ਹੈ।

## ਸਫੀਦੋਂ ਦੀ ਫੈਕਟਰੀ ਵਿੱਚ ਅੱਗ ਲੱਗਣ ਨਾਲ 5 ਔਰਤਾਂ ਦੀ ਮੌਤ, 20 ਮਜ਼ਦੂਰ ਝੁਲਸੇ, ਪੁਲਿਸ ਨੇ ਮਾਮਲੇ ਦੀ ਜਾਂਚ ਸ਼ੁਰੂ ਕੀਤੀ





**ਚੰਡੀਗੜ, 7 ਮਾਰਚ (ਜਗਤਾਰ ਸਮਾਲਸਰ)** ਹਰਿਆਣਾ ਦੇ ਜੀਂਦ ਦੇ ਸਫੀਦੋਂ ਵਿੱਚ ਸ਼ਨੀਵਾਰ ਨੂੰ ਹੋਲੀ ਦੇ ਰੰਗ ਅਤੇ ਗੁਲਾਲ ਬਣਾਉਣ ਵਾਲੀ ਇੱਕ ਫੈਕਟਰੀ ਵਿੱਚ ਭਿਆਨਕ ਅੱਗ ਲੱਗ ਗਈ। ਇਸ ਹਾਦਸੇ ਵਿੱਚ ਪੰਜ ਔਰਤਾਂ ਦੀ ਮੌਤ ਹੋ ਗਈ ਜਦੋਂਕਿ 20 ਮਜ਼ਦੂਰ ਝੁਲਸ ਗਏ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਔਰਤਾਂ ਹਨ। ਇਹ ਘਟਨਾ ਸਫੀਦੋਂ ਦੀ ਭਾਟ ਕਲੋਨੀ ਵਿੱਚ ਸਥਿਤ ਫੈਕਟਰੀ ਵਿੱਚ ਵਾਪਰੀ।ਘਟਨਾ ਸਮੇਂ ਫੈਕਟਰੀ ਦਾ ਮੁੱਖ ਗੇਟ ਬਾਹਰੋਂ ਬੰਦ ਸੀ, ਜਿਸ ਕਾਰਨ ਮਜ਼ਦੂਰਾਂ ਨੂੰ ਬਾਹਰ ਨਿਕਲਣ ਵਿੱਚ ਪਰੇਸ਼ਾਨੀ ਦਾ ਸਹਮਣਾ ਕਰਨਾ ਪਿਆ। ਘਟਨਾ ਦੀ ਸੂਚਨਾ ਮਿਲਣ ਤੇ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਮੌਕੇ ਤੇ ਪਹੁੰਚੀਆਂ ਅਤੇ ਕਾਫ਼ੀ ਕੋਸ਼ਿਸ਼ਾਂ ਤੋਂ ਬਾਅਦ ਅੱਗ ਤੇ ਕਾਬੂ ਪਾਇਆ। ਜ਼ਖਮੀਆਂ ਨੂੰ ਸਿਵਲ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਅੱਗ ਕਿਵੇਂ ਲੱਗੀ ਇਹ ਅਜੇ ਪਤਾ ਨਹੀਂ ਲੱਗ ਸਕਿਆ ਹੈ। ਸੂਚਨਾ ਮਿਲਣ ਤੇ ਡੀਸੀ ਮੁਹੰਮਦ ਇਮਰਾਨ ਰਜ਼ਾ ਅਤੇ ਐਸਪੀ ਕੁਲਦੀਪ ਸਿੰਘ ਵੀ ਮੌਕੇ ਤੇ ਪਹੁੰਚੇ ਅਤੇ ਘਟਨਾ ਸਥਾਨ ਦਾ ਮੁਆਇਨਾ ਕੀਤਾ। ਜਾਣਕਾਰੀ ਅਨੁਸਾਰ ਸ਼ਨੀਵਾਰ ਨੂੰ ਸਫੀਦੋਂ ਦੀ ਭਾਟ ਕਲੋਨੀ ਵਿੱਚ ਇੱਕ ਪੇਂਟ ਫੈਕਟਰੀ ਵਿੱਚ ਲਗਭਗ 30 ਮਜ਼ਦੂਰ ਆਮ ਵਾਂਗ ਕੰਮ ਕਰ ਰਹੇ ਸਨ। ਅਚਾਨਕ ਅੱਗ ਲੱਗ ਗਈ ਜੋ ਕੁਝ ਮਿੰਟਾਂ ਵਿੱਚ ਹੀ ਪੂਰੇ ਅਹਾਤੇ ਵਿੱਚ ਫੈਲ ਗਈ। ਆਲੇ ਦੁਆਲੇ ਦੇ ਇਲਾਕੇ ਤੋਂ ਧੂੰਆਂ ਅਤੇ ਅੱਗ ਦੀਆਂ ਲਪਟਾਂ ਉੱਠਣ ਲੱਗੀਆਂ। ਅੱਗ ਫੈਕਟਰੀ ਦੇ ਪ੍ਰਵੇਸ਼ ਦੁਆਰ ਦੇ ਨੇੜੇ ਲੱਗੀ ਅਤੇ ਅੰਦਰ ਮੌਜੂਦ ਲੋਕਾਂ ਵਿੱਚ ਦਹਿਸ਼ਤ ਫੈਲ ਗਈ। ਕੁਝ ਉੱਪਰਲੀ ਮੰਜ਼ਿਲ ਤੇ ਚੜ੍ਹ ਗਏ ਕੁਝ ਨੇ ਆਪਣੀ ਜਾਨ ਬਚਾਉਣ ਲਈ ਉੱਪਰਲੀ ਮੰਜ਼ਿਲ ਤੋਂ ਛਾਲ ਮਾਰ ਦਿੱਤੀ। ਕਰਮਚਾਰੀਆਂ ਅਨੁਸਾਰ ਕੰਮ ਦੌਰਾਨ ਫੈਕਟਰੀ ਦਾ ਮੁੱਖ ਗੇਟ ਬਾਹਰੋਂ ਬੰਦ ਸੀ। ਜਦੋਂ ਅੱਗ ਲੱਗਣ ਤੋਂ ਬਾਅਦ ਮਜ਼ਦੂਰਾਂ ਨੇ ਬਾਹਰ ਨਿਕਲਣ ਦੀ ਕੋਸ਼ਿਸ਼ ਕੀਤੀ ਤਾਂ ਤਾਲਾ ਬੰਦ ਸੀ ਅਤੇ ਉਹ ਅੰਦਰ ਫਸ ਗਏ। ਸਥਾਨਕ ਨੌਜਵਾਨਾਂ ਨੇ ਫੈਕਟਰੀ ਵਿੱਚ ਦਾਖਲ ਹੋ ਕੇ ਫਸੇ ਲੋਕਾਂ ਨੂੰ ਬਚਾਉਣ ਲਈ ਆਪਣੀਆਂ ਜਾਨਾਂ ਜੋਖਮ ਵਿੱਚ ਪਾਈਆਂ। ਪੁਲਿਸ ਨੇ ਫਸੇ ਲੋਕਾਂ ਲਈ ਰਸਤਾ ਬਣਾਉਣ ਲਈ ਕੰਧ ਤੋੜ ਦਿੱਤੀ। ਇਸ ਤੋਂ ਬਾਅਦ ਫਾਇਰ ਬ੍ਰਿਗੇਡ ਅਤੇ ਐਂਬੂਲੈਂਸ ਸੇਵਾਵਾਂ ਨੇ ਬਚਾਅ ਕਾਰਜ ਕੀਤੇ। ਸੜਨ ਕਾਰਨ ਦੋ ਔਰਤਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਫੈਕਟਰੀ ਤੋਂ ਬਚਾਏ ਗਏ ਮਜ਼ਦੂਰਾਂ ਨੂੰ ਸਫੀਦੋਂ ਦੇ ਇੱਕ ਹਸਪਤਾਲ ਲਿਆਂਦਾ ਗਿਆ। ਕਈ ਗੰਭੀਰ ਜ਼ਖਮੀ ਹੋਏ ਅਤੇ ਉਨ੍ਹਾਂ ਨੂੰ ਪਾਣੀਪਤ ਦੇ ਇੱਕ ਹਸਪਤਾਲ ਰੈਫਰ ਕਰ ਦਿੱਤਾ ਗਿਆ। ਬਾਅਦ ਵਿੱਚ ਤਿੰਨ ਹੋਰ ਔਰਤਾਂ ਦੀ ਮੌਤ ਹੋ ਗਈ। ਹਾਦਸੇ ਤੋਂ ਬਾਅਦ ਜ਼ਖਮੀਆਂ ਨੂੰ ਦੋ ਐਂਬੂਲੈਂਸਾਂ ਦੀ ਵਰਤੋਂ ਕਰਕੇ ਜੀਂਦ ਸਿਵਲ ਹਸਪਤਾਲ ਲਿਜਾਇਆ ਗਿਆ। ਜੀਂਦ ਦੇ ਡੀਸੀ ਮੁਹੰਮਦ ਇਮਰਾਨ ਰਜ਼ਾ ਨੇ ਕਿਹਾ ਕਿ ਸਫੀਦੋਂ ਫੈਕਟਰੀ ਵਿੱਚ ਕੰਮ ਕਰਨ ਵਾਲੇ 20 ਲੋਕ ਅੱਗ ਤੋਂ ਪ੍ਰਭਾਵਿਤ ਹੋਏ ਹਨ। ਪੰਜ ਦੀ ਮੌਤ ਹੋ ਗਈ ਹੈ। ਬਾਕੀ ਜ਼ਖਮੀਆਂ ਦਾ ਇਲਾਜ ਚੱਲ ਰਿਹਾ ਹੈ। ਕੁਝ ਨੂੰ ਰੋਹਤਕ ਰੈਫਰ ਕੀਤਾ ਗਿਆ ਹੈ ਅਤੇ ਕੁਝ ਨੂੰ ਜੀਂਦ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ।

## ਥਾਣਾ ਲੰਬੀ ਪੁਲਿਸ ਵੱਲੋਂ 200 ਨਸ਼ੀਲੀਆਂ ਗੋਲੀਆਂ ਸਮੇਤ ਨੌਜਵਾਨ ਕਾਬੂ, ਕਾਰ, ਮੋਬਾਈਲ ਅਤੇ ਨਕਦੀ ਬਰਾਮਦ

**ਮਲੋਟ, 07 ਮਾਰਚ (ਹਰਦੀਪ ਸਿੰਘ ਖਾਲਸਾ)** ਨਸ਼ਿਆਂ ਦੇ ਖਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਥਾਣਾ ਲੰਬੀ ਪੁਲਿਸ ਨੇ ਇੱਕ ਨੌਜਵਾਨ ਨੂੰ 200 ਨਸ਼ੀਲੀਆਂ ਗੋਲੀਆਂ, ਇੱਕ ਕਾਰ, ਮੋਬਾਈਲ ਫ਼ੋਨ ਅਤੇ ਨਕਦੀ ਸਮੇਤ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਥਾਣਾ ਲੰਬੀ ਦੇ ਏਐਸਆਈ ਕੁਲਵਿੰਦਰ ਸਿੰਘ ਦੀ ਅਗਵਾਈ ਦੇ ਵਿੱਚ ਪੁਲਿਸ ਟੀਮ ਗਸ਼ਤ ਅਤੇ ਚੈਕਿੰਗ ਦੌਰਾਨ ਪਿੰਡ ਬਾਦਲ ਤੋਂ ਪਿੰਡ ਮਾਨਾ ਵੱਲ ਜਾ ਰਹੀ ਸੀ। ਜਦੋਂ ਪੁਲਿਸ ਪਾਰਟੀ ਲਿੰਕ ਰੋਡ 'ਤੇ ਦਾਣਾ ਮੰਡੀ ਦੇ ਮੋੜ ਨੇੜੇ ਪਹੁੰਚੀ ਤਾਂ ਉਥੇ ਇੱਕ ਸਫ਼ੈਦ ਰੰਗ ਦੀ ਕਾਰ ਖੜੀ ਦਿਖਾਈ ਦਿੱਤੀ, ਜਿਸ ਵਿੱਚ ਇੱਕ ਨੌਜਵਾਨ ਡਰਾਈਵਰ ਸੀਟ ਦਾ ਦਰਵਾਜ਼ਾ ਖੋਲ੍ਹ ਕੇ ਬੈਠਾ ਹੋਇਆ ਸੀ। ਪੁਲਿਸ ਪਾਰਟੀ ਨੂੰ ਦੇਖ ਕੇ ਨੌਜਵਾਨ ਘਬਰਾ ਗਿਆ ਅਤੇ ਆਪਣੇ ਹੱਥ ਵਿੱਚ ਫੜਿਆ ਕਾਲੇ ਰੰਗ ਦਾ ਲਿਫ਼ਾਫ਼ਾ ਸੁੱਟ ਕੇ ਭੱਜਣ ਦੀ ਕੋਸ਼ਿਸ਼ ਕਰਨ ਲੱਗਾ। ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਉਸ ਨੂੰ ਕਾਬੂ ਕਰ ਲਿਆ। ਪੁੱਛਗਿੱਛ ਦੌਰਾਨ ਉਸ ਨੇ ਆਪਣਾ ਨਾਮ ਗੁਰਭੇਜ ਸਿੰਘ ਉਰਫ਼ ਭੇਜਾ ਵਾਸੀ ਮੀਰਾ ਸ਼ਾਹ ਨੂਰ ਖਾਈ, ਜ਼ਿਲ੍ਹਾ ਫਿਰੋਜ਼ਪੁਰ ਦੱਸਿਆ। ਪੁਲਿਸ ਨੇ ਦੋਸ਼ੀ ਵੱਲੋਂ ਸੁੱਟੇ ਲਿਫ਼ਾਫ਼ੇ ਦੀ ਤਲਾਸ਼ੀ ਲਈ ਤਾਂ ਉਸ ਵਿੱਚੋਂ 200 ਨਸ਼ੀਲੀ ਗੋਲੀਆਂ ਬਰਾਮਦ ਹੋਈਆਂ। ਇਸ ਤੋਂ ਇਲਾਵਾ ਉਸ ਕੋਲੋਂ 520 ਰੁਪਏ ਦੀ ਨਕਦੀ ਅਤੇ ਐਪਲ ਕੰਪਨੀ ਦਾ ਇੱਕ ਮੋਬਾਈਲ ਫ਼ੋਨ ਵੀ ਮਿਲਿਆ। ਬਰਾਮਦ ਕੀਤੀਆਂ ਗੋਲੀਆਂ ਦੇ ਪੱਤਿਆਂ 'ਤੇ ਨਾ ਤਾਂ ਕੋਈ ਬੈਚ ਨੰਬਰ ਲਿਖਿਆ ਹੋਇਆ ਸੀ ਅਤੇ ਨਾ ਹੀ ਮਿਆਦ ਖ਼ਤਮ ਹੋਣ ਦੀ ਤਾਰੀਖ ਦਰਜ ਸੀ। ਪੁਲਿਸ ਨੇ ਦੋਸ਼ੀ ਨੂੰ ਗ੍ਰਿਫ਼ਤਾਰ ਕਰਕੇ ਉਸ ਦੇ ਖ਼ਿਲਾਫ਼ ਨਸ਼ੀਲੇ ਪਦਾਰਥਾਂ ਸੰਬੰਧੀ ਕਾਨੂੰਨ ਤਹਿਤ ਮਾਮਲਾ ਦਰਜ ਕਰ ਲਿਆ ਹੈ ਅਤੇ ਅੱਗੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਿਸ ਇਹ ਵੀ ਪਤਾ ਲਗਾਉਣ ਵਿੱਚ ਜੁਟੀ ਹੋਈ ਹੈ ਕਿ ਦੋਸ਼ੀ ਇਹ ਨਸ਼ੀਲੀਆਂ ਗੋਲੀਆਂ ਕਿੱਥੋਂ ਲੈ ਕੇ ਆਇਆ ਸੀ ਅਤੇ ਕਿਨ੍ਹਾਂ ਨੂੰ ਸਪਲਾਈ ਕਰਨ ਵਾਲਾ ਸੀ।

## ਭੂੰਦੜ ਗੁਰਦੁਆਰਾ ਮਾਮਲੇ ਵਿਚ ਦੋਵਾਂ ਧਿਰਾਂ ਵਿਰੁੱਧ ਮਾਮਲਾ ਦਰਜ



**ਗਿੱਦੜਬਾਹਾ, 7 ਮਾਰਚ (ਕੁਲਭੂਸ਼ਨ ਗਰਗ)** ਹਲਕਾ ਗਿੱਦੜਬਾਹਾ ਦੇ ਪਿੰਡ ਭੂੰਦੜ ਵਿਖੇ ਸਥਿਤ ਗੁਰਦੁਆਰਾ ਬਾਬਾ ਭੂੰਦੜ ਸਾਹਿਬ ਦੇ ਪ੍ਰਬੰਧ ਸੰਭਾਲਣ ਨੂੰ ਲੈ ਕੇ ਬੀਤੇ ਦਿਨ ਦੋ ਧਿਰਾਂ ਵਿਚ ਹੋਈ ਝੜਪ ਦੌਰਾਨ ਚਾਰ ਵਿਅਕਤੀਆਂ ਦੇ ਜਖਮੀ ਹੋ ਗਏ ਸਨ, ਉਕਤ ਮਾਮਲੇ ਵਿਚ ਥਾਣਾ ਕੋਟਭਾਈ ਪੁਲਿਸ ਨੇ ਇਕ ਧਿਰ ਦੇ 18 ਵਿਅਕਤੀਆਂ ਨੂੰ ਨਾਮਜਦ ਕਰਦੇ ਹੋਏ ਦੂਜੀ ਧਿਰ ਵੱਲੋਂ ਦਿੱਤੇ ਗਏ ਬਿਆਨਾ ਦੇ ਆਧਾਰ ਤੇ ਪਹਿਲੀ ਧਿਰ ਦੇ 7 ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਹੈ। ਪੁਲੀਸ ਨੂੰ ਦਿੱਤੇ ਆਪਣੇ ਬਿਆਨਾਂ ਵਿਚ ਸਾਬਕਾ ਸਰਪੰਚ ਸੁਖਦੇਵ ਸਿੰਘ ਨੇ ਦੱਸਿਆ ਕਿ ਪਿਛਲੇ ਕਰੀਬ 5 ਸਾਲ ਤੋਂ ਗੁਰਦੁਆਰਾ ਬਾਬਾ ਭੂੰਦੜ ਸਾਹਿਬ ਦੀ ਪ੍ਰਬੰਧਕੀ ਕਮੇਟੀ ਪਿੰਡ ਦੀ ਸਹਿਮਤੀ ਨਾਲ ਬਣੀ ਸੀ, ਕਮੇਟੀ ਦੇ ਪ੍ਰਧਾਨ ਮਹਿੰਦਰ ਸਿੰਘ ਪੁੱਤਰ ਅੰਗਰੇਜ ਸਿੰਘ ਨੂੰ ਬਣਾਇਆ ਗਿਆ ਸੀ ਅਤੇ ਗੁਰਦਵਾਰਾ ਸਾਹਿਬ ਦਾ ਸਾਰਾ ਹਿਸਾਬ ਕਿਤਾਬ ਕਮੇਟੀ ਪਾਸ ਹੈ ਅਤੇ ਜਦੋਂ ਵੀ ਗੁਰੂ ਦੀ ਗੋਲਕ ਨੂੰ ਖੋਲ੍ਹਿਆ ਜਾਂਦਾ ਹੈ ਤਾਂ ਸਮੂਹ ਕਮੇਟੀ ਮੈਂਬਰ ਅਤੇ ਪਿੰਡ ਵਾਸੀਆਂ ਦੀ ਹਾਜ਼ਰੀ ਵਿੱਚ ਖੋਲ੍ਹਿਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਬੀਤੀ 6 ਮਾਰਚ ਨੂੰ ਪਿੰਡ ਦੇ ਸਰਪੰਚ ਅਮਨਦੀਪ ਸਿੰਘ ਆਪਣੇ ਸਾਥੀਆਂ ਸਮੇਤ ਗੁਰਦੁਆਰਾ ਸਾਹਿਬ ਆ ਗਏ ਅਤੇ ਉਨ੍ਹਾ ਗੋਲਕ ਦੇ ਤਾਲੇ ਅਤੇ ਗੁਰਦੁਆਰਾ ਸਾਹਿਬ ਵਿਚ ਲੱਗੇ ਕੈਮਰੇ ਤੋੜ ਦਿੱਤੇ ਅਤੇ ਹੁੱਲੜਬਾਜ਼ੀ ਕਰਨ ਲੱਗੇ। ਜਦੋਂ ਉਨ੍ਹਾਂ ਨੂੰ ਅਜਿਹਾ ਕਰਨ ਤੋਂ ਰੋਕਿਆ ਤਾਂ ਉਨ੍ਹਾਂ ਕਿਹਾ ਕਿ ਅਸੀਂ ਪੁਰਾਣੀ ਕਮੇਟੀ ਭੰਗ ਕਰ ਦਿੱਤੀ ਹੈ ਅਤੇ ਅੱਜ ਤੋਂ ਅਸੀਂ ਕਮੇਟੀ ਦੇ ਪ੍ਰਧਾਨ ਹਾਂ। ਜਦ ਅਸੀਂ ਉਨ੍ਹਾ ਨੂੰ ਗੁਰਦੁਆਰਾ ਸਾਹਿਬ ਦੀ ਭੰਨਤੋੜ ਕਰਨ ਤੋਂ ਰੋਕਿਆ ਤਾਂ ਉਨ੍ਹਾਂ ਨੇ ਸਾਡੇ ਤੇ ਹਮਲਾ ਕਰ ਦਿੱਤਾ ਅਤੇ ਸਾਨੂੰ ਮਾਰ ਦੇਣ ਦੀ ਨੀਯਤ ਨਾਲ ਫਾਇਰ ਵੀ ਕੀਤੇ ਅਤੇ ਸਾਡੇ ਰੌਲਾ ਪਾਉਣ ਤੋਂ ਬਾਅਦ ਉਕਤ ਸਾਰੇ ਵਿਅਕਤੀ ਮੌਕੇ ਤੋਂ ਭੱਜ ਗਏ। ਉੱਧਰ ਇਸ ਮਾਮਲੇ ਵਿਚ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਐਸ.ਪੀ. (ਡੀ) ਮਨਮੀਤ ਸਿੰਘ ਢਿੱਲੋਂ ਅਤੇ ਡੀ.ਐਸ.ਪੀ. ਅਰੁਣ ਮੁੰਡਨ ਨੇ ਦੱਸਿਆ ਕਿ ਥਾਣਾ ਕੋਟਭਾਈ ਪੁਲੀਸ ਨੇ ਸੁਖਦੇਵ ਸਿੰਘ ਪੁੱਤਰ ਬੋਹੜ ਸਿੰਘ ਦੇ ਬਿਆਨਾਂ ਤੇ ਕਾਰਵਾਈ ਕਰਦੇ ਹੋਏ ਕਰੀਬ ਡੇਢ ਦਰਜਨ ਵਿਅਕਤੀਆਂ ਵਿਰੁੱਧ ਵੱਖ ਵੱਖ ਧਰਾਵਾਂ ਅਧੀਨ ਮਾਮਲਾ ਦਰਜ ਕੀਤਾ ਹੈ, ਜਿੰਨਾਂ ਵਿਚ ਅਮਨਦੀਪ ਸਿੰਘ ਪੁੱਤਰ ਗੁਰਚਰਨ ਸਿੰਘ, ਸਾਧਾ ਸਿੰਘ ਪੁੱਤਰ ਨਾਜਰ ਸਿੰਘ, ਸੁਖਵਿੰਦਰ ਸਿੰਘ ਪੁੱਤਰ ਮੋਹਨ ਲਾਲ, ਗਗਨਦੀਪ ਸਿੰਘ ਪੁੱਤਰ ਸਰਬਜੀਤ ਸਿੰਘ, ਰਾਜਵਿੰਦਰ ਸਿੰਘ ਪੁੱਤਰ ਕੁਲਵੰਤ ਸਿੰਘ, ਵਿਕਰਮਜੀਤ ਸਿੰਘ ਪੁੱਤਰ ਸ਼ਿਵਰਾਜ ਸਿੰਘ, ਅਭੈਜੀਤ ਸਿੰਘ ਪੁੱਤਰ ਸ਼ਿਵਰਾਜ ਸਿੰਘ, ਲਵਦੀਪ ਸਿੰਘ ਪੁੱਤਰ ਮੋਹਨ ਸਿੰਘ, ਹਰਮੀਤ ਸਿੰਘ ਪੁੱਤਰ ਬਲਜੀਤ ਸਿੰਘ, ਜਗਮੀਤ ਸਿੰਘ ਪੁੱਤਰ ਤਰਲੋਚਨ ਸਿੰਘ, ਹਰਪਤ ਸਿੰਘ ਪੁੱਤਰ ਦੇਸੂ ਸਿੰਘ, ਭੋਲੂ ਸਿੰਘ ਪੁੱਤਰ ਬਲਦੇਵ ਸਿੰਘ, ਰਵਿੰਦਰ ਸਿੰਘ ਪੁੱਤਰ ਗੁਰਜੰਟ ਸਿੰਘ, ਤਜਿੰਦਰ ਸਿੰਘ ਪੁੱਤਰ ਗੁਰਜੰਟ ਸਿੰਘ, ਲਾਡੀ ਸਿੰਘ ਪੁੱਤਰ ਹਰਜਿੰਦਰ ਸਿੰਘ, ਰੂਹੜ ਸਿੰਘ ਪੁੱਤਰ ਰੁਲਦੂ ਸਿੰਘ, ਮੱਲ ਸਿੰਘ ਪੁੱਤਰ ਮੁਕੰਦ ਸਿੰਘ, ਸਰਬਜੀਤ ਸਿੰਘ ਪੁੱਤਰ ਅਜਮੇਰ ਸਿੰਘ ਅਤੇ 8/10 ਅਣਪਛਾਤੇ ਵਿਅਕਤੀ ਸ਼ਾਮਿਲ ਹਨ ਜਦੋਂਕਿ ਦੂਜੇ ਪਾਸੇ ਪੁਲਿਸ ਵੱਲੋਂ ਦੂਜੀ ਧਿਰ ਦੇ ਬਿਆਨਾ ਦੇ ਆਧਾਰ ਦੇ ਕਰਾਸ ਮੁਕੱਦਮੇ ਵਜੋਂ ਅੰਮ੍ਰਿਤਪਾਲ ਸਿੰਘ ਪੁੱਤਰ ਪਿਆਰਾ ਸਿੰਘ, ਸੁਖਵਿੰਦਰ ਸਿੰਘ ਪੁੱਤਰ ਇੰਦਰਜੀਤ ਸਿੰਘ, ਸੁਖਦੇਵ ਸਿੰਘ ਪੁੱਤਰ ਬੋਹੜ ਸਿੰਘ, ਮਹਿੰਦਰ ਸਿੰਘ ਪੁੱਤਰ ਗੇਜ ਸਿੰਘ, ਲਖਵੀਰ ਸਿੰਘ ਪੁੱਤਰ ਮਹਿੰਦਰ ਸਿੰਘ, ਦਲਜੀਤ ਸਿੰਘ ਪੁੱਤਰ ਗੁਰਚਰਨ ਸਿੰਘ ਅਤੇ ਸੁਖਪਾਲ ਸਿੰਘ ਦੇ ਖਿਲਾਫ ਵੀ ਮੁਕੱਦਮਾ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਫਿਲਹਾਲ ਪੁਲਿਸ ਨੇ ਦੋਵਾਂ ਧਿਰਾਂ ਦੇ ਕੁੱਲ 5 ਵਿਅਕਤੀਆਂ ਨੂੰ ਰਾਊਂਡ ਅੱਪ ਕੀਤਾ ਗਿਆ ਹੈ।

## ਸਦਰ ਮਲੋਟ ਪੁਲਿਸ ਦੀ ਵੱਡੀ ਕਾਰਵਾਈ: ਦੋ ਔਰਤਾਂ ਸਮੇਤ 5 ਵਿਅਕਤੀ ਗ੍ਰਿਫ਼ਤਾਰ, ਹੈਰੋਇਨ ਅਤੇ ਨਸ਼ੀਲੀਆਂ ਗੋਲੀਆਂ ਬਰਾਮਦ

**ਮਲੋਟ, 07 ਮਾਰਚ (ਹਰਦੀਪ ਸਿੰਘ ਖਾਲਸਾ)** ਨਸ਼ਿਆਂ ਦੇ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਸਦਰ ਥਾਣਾ ਮਲੋਟ ਪੁਲਿਸ ਨੇ ਦੋ ਔਰਤਾਂ ਸਮੇਤ ਪੰਜ ਵਿਅਕਤੀਆਂ ਨੂੰ ਹੈਰੋਇਨ ਅਤੇ ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਪੁਲਿਸ ਵੱਲੋਂ ਦੋਸ਼ੀਆਂ ਖ਼ਿਲਾਫ਼ ਨਸ਼ੀਲੇ ਪਦਾਰਥ ਐਕਟ ਤਹਿਤ ਮਾਮਲੇ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਪਹਿਲੇ ਮਾਮਲੇ ਵਿੱਚ ਸੀਆਈਏ ਸਟਾਫ ਮਲੋਟ ਨੰਬਰ-2 ਦੇ ਹੌਲਦਾਰ ਮਨਦੀਪ ਸਿੰਘ ਆਪਣੇ ਸਾਥੀ ਪੁਲਿਸ ਕਰਮਚਾਰੀਆਂ ਨਾਲ ਗਸ਼ਤ ਦੌਰਾਨ ਪਿੰਡ ਪਿੰਡ ਮਲੋਟ ਤੋਂ ਕਮ ਵਰਕ ਖੇੜਾ ਪਾਣੀ ਵਾਲਾ ਵੱਲ ਜਾ ਰਹੇ ਸਨ। ਜਦੋਂ ਪੁਲਿਸ ਪਾਰਟੀ ਨੀਡ ਫਲਾਈਓਵਰ ਨੇੜੇ ਪਹੁੰਚੀ ਤਾਂ ਵਾਹਨ ਦੀ ਲਾਈਟ ਦੀ ਰੌਸ਼ਨੀ ਵਿੱਚ ਫਲਾਈਓਵਰ ਹੇਠਾਂ ਇੱਕ ਪਿੱਲਰ ਕੋਲ ਸੜਕ ਕਿਨਾਰੇ ਤਿੰਨ ਨੌਜਵਾਨ ਸ਼ੱਕੀ ਹਾਲਤ ਵਿੱਚ ਬੈਠੇ ਦਿਖਾਈ ਦਿੱਤੇ। ਸ਼ੱਕ ਦੇ ਆਧਾਰ 'ਤੇ ਪੁਲਿਸ ਨੇ ਵਾਹਨ ਰੋਕ ਕੇ ਤਿੰਨਾਂ ਨੌਜਵਾਨਾਂ ਨੂੰ ਕਾਬੂ ਕਰ ਲਿਆ। ਉਨ੍ਹਾਂ ਦੇ ਹੱਥ ਵਿੱਚ ਇੱਕ ਪਾਰਦਰਸ਼ੀ ਲਿਫ਼ਾਫ਼ਾ ਸੀ ਜਿਸ ਵਿੱਚ ਕੋਈ ਨਸ਼ੀਲਾ ਪਦਾਰਥ ਨਜ਼ਰ ਆ ਰਿਹਾ ਸੀ। ਪੁੱਛਗਿੱਛ ਦੌਰਾਨ ਦੋਸ਼ੀਆਂ ਨੇ ਆਪਣੇ ਨਾਮ ਸੋਨੂ ਸਿੰਘ ਉਰਫ਼ ਨੂਰ, ਗੌਰਵ ਉਰਫ਼ ਗੌਰਵ ਅਤੇ ਸੁਨੀਲ ਕੁਮਾਰ ਵਾਸੀ ਫਾਜ਼ਿਲਕਾ ਦੱਸੇ। ਪੁਲਿਸ ਵੱਲੋਂ ਲਿਫ਼ਾਫ਼ੇ ਦੀ ਤਲਾਸ਼ੀ ਲੈਣ 'ਤੇ ਉਸ ਵਿੱਚੋਂ ਹੈਰੋਇਨ ਬਰਾਮਦ ਹੋਈ, ਜਿਸ ਦਾ ਵਜ਼ਨ ਕਰਨ 'ਤੇ ਕਰੀਬ 100 ਗ੍ਰਾਮ ਨਿਕਲੀ। ਪੁਲਿਸ ਨੇ ਤਿੰਨਾਂ ਆਰੋਪੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਦੂਜੇ ਮਾਮਲੇ ਵਿੱਚ ਸਦਰ ਥਾਣਾ ਮਲੋਟ ਦੇ ਹੌਲਦਾਰ ਖੁਸ਼ਵੰਤ ਸਿੰਘ ਪੁਲਿਸ ਪਾਰਟੀ ਨਾਲ ਗਸ਼ਤ ਕਰਦੇ ਹੋਏ ਸ਼ੱਕੀ ਵਿਅਕਤੀਆਂ ਦੀ ਜਾਂਚ ਕਰ ਰਹੇ ਸਨ। ਇਸ ਦੌਰਾਨ ਪਿੰਡ ਖਾਨ ਕੀ ਢਾਣੀ ਵਿੱਚ ਧਨੀ ਸੁੱਚਾ ਸਿੰਘ ਨੇੜੇ ਸੜਕ ਕਿਨਾਰੇ ਦੋ ਔਰਤਾਂ ਖੜੀਆਂ ਦਿਖਾਈ ਦਿੱਤੀਆਂ। ਸ਼ੱਕ ਦੇ ਆਧਾਰ 'ਤੇ ਪੁਲਿਸ ਨੇ ਉਨ੍ਹਾਂ ਨੂੰ ਕਾਬੂ ਕਰ ਲਿਆ। ਪੁੱਛਗਿੱਛ ਦੌਰਾਨ ਇੱਕ ਨੇ ਆਪਣਾ ਨਾਮ ਪਲਕ ਪਤਨੀ ਭਜਨ ਸਿੰਘ ਅਤੇ ਦੂਜੀ ਨੇ ਨਿੰਦਰ ਕੌਰ ਪਤਨੀ ਪਰਮਜੀਤ ਸਿੰਘ ਵਾਸੀ ਜੋਰਹਾਟ ਤਹਿਸੀਲ ਮਲੋਟ ਦੱਸਿਆ। ਤਲਾਸ਼ੀ ਲੈਣ 'ਤੇ ਉਨ੍ਹਾਂ ਕੋਲੋਂ ਫੜੇ ਲਿਫ਼ਾਫ਼ੇ ਵਿੱਚੋਂ 10 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਪੁਲਿਸ ਨੇ ਦੋਵਾਂ ਔਰਤਾਂ ਨੂੰ ਗ੍ਰਿਫ਼ਤਾਰ ਕਰਕੇ ਨਸ਼ੀਲੇ ਪਦਾਰਥ ਐਕਟ ਤਹਿਤ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

## ਟਰੈਫਿਕ ਪੁਲਿਸ ਅਤੇ ਨਗਰ ਕੌਂਸਲ ਵੱਲੋਂ ਸਾਂਝੀ ਕਾਰਵਾਈ, ਨਜਾਇਜ਼ ਕਬਜ਼ੇ ਹਟਾਏ



**ਗਿੱਦੜਬਾਹਾ, 7 ਮਾਰਚ (ਕੁਲਭੂਸ਼ਨ ਗਰਗ)** ਸ਼ਹਿਰ ਵਿੱਚ ਟਰੈਫਿਕ ਪ੍ਰਬੰਧਾਂ ਨੂੰ ਸੁਚੱਜਾ ਬਣਾਉਣ ਅਤੇ ਸੜਕਾਂ 'ਤੇ ਹੋ ਰਹੇ ਨਜਾਇਜ਼ ਕਬਜ਼ਿਆਂ ਨੂੰ ਖਤਮ ਕਰਨ ਲਈ ਅੱਜ ਟਰੈਫਿਕ ਪੁਲਿਸ ਅਤੇ ਨਗਰ ਕੌਂਸਲ ਦੀ ਟੀਮ ਵੱਲੋਂ ਸਾਂਝੀ ਕਾਰਵਾਈ ਕੀਤੀ ਗਈ। ਇਸ ਦੌਰਾਨ ਹੁਸਨਰ ਰੋਡ (ਸਿਨੇਮਾ ਰੋਡ) ਅਤੇ ਭਾਰੂ ਰੋਡ 'ਤੇ ਦੁਕਾਨਦਾਰਾਂ ਵੱਲੋਂ ਦੁਕਾਨਾਂ ਦੇ ਅੱਗੇ ਨਜਾਇਜ਼ ਕਬਜ਼ਿਆਂ ਨੂੰ ਹਟਵਾਇਆ ਗਿਆ। ਇਸ ਸੰਬੰਧੀ ਨਗਰ ਕੌਂਸਲ ਦੇ ਸੈਨਟਰੀ ਸੁਪਰਵਾਈਜ਼ਰ ਕਰਨ ਕੁਮਾਰ ਅਤੇ ਟਰੈਫਿਕ ਪੁਲਿਸ ਇੰਚਾਰਜ ਹਰਭਗਵਾਨ ਸਿੰਘ ਮਾਨ ਨੇ ਦੱਸਿਆ ਕਿ ਦੁਕਾਨਦਾਰਾਂ ਵੱਲੋਂ ਆਪਣੀਆਂ ਦੁਕਾਨਾਂ ਦੇ ਅੱਗੇ ਸਮਾਨ ਰੱਖ ਕੇ ਸੜਕ ਦਾ ਹਿੱਸਾ ਘੇਰ ਲਿਆ ਗਿਆ ਹੈ, ਜਿਸ ਕਾਰਨ ਰਾਹਗੀਰਾਂ ਅਤੇ ਵਾਹਨ ਚਾਲਕਾਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸਮੱਸਿਆ ਦੇ ਹੱਲ ਲਈ ਅੱਜ ਟਰੈਫਿਕ ਪੁਲਿਸ ਅਤੇ ਨਗਰ ਕੌਂਸਲ ਦੀ ਟੀਮ ਨੇ ਸ਼ਹਿਰ ਦੀਆਂ ਉਕਤ ਦੋਵੇਂ ਸੜਕਾਂ 'ਤੇ ਪਿਆ ਸਮਾਨ ਹਟਵਾਇਆ ਅਤੇ ਦੁਕਾਨਦਾਰਾਂ ਨੂੰ ਭਵਿੱਖ ਵਿੱਚ ਸੜਕਾਂ 'ਤੇ ਕਬਜ਼ਾ ਨਾ ਕਰਨ ਦੀ ਚੇਤਾਵਨੀ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਵਿੱਚ ਟਰੈਫਿਕ ਨੂੰ ਸੁਚਾਰੂ ਬਣਾਈ ਰੱਖਣ ਲਈ ਇਸ ਤਰ੍ਹਾਂ ਦੀਆਂ ਕਾਰਵਾਈਆਂ ਅੱਗੇ ਵੀ ਜਾਰੀ ਰਹਿਣਗੀਆਂ। ਉਨ੍ਹਾਂ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਉਹ ਆਪਣਾ ਸਮਾਨ ਦੁਕਾਨਾਂ ਦੇ ਅੰਦਰ ਹੀ ਰੱਖਣ ਅਤੇ ਸੜਕਾਂ ਜਾਂ ਫੁੱਟਪਾਥਾਂ 'ਤੇ ਕਬਜ਼ਾ ਨਾ ਕਰਨ ਤਾਂ ਜੋ ਆਮ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਟਰੈਫਿਕ ਪੁਲਿਸ ਕਰਮਚਾਰੀਆਂ ਤੋਂ ਇਲਾਵਾ ਨਗਰ ਕੌਂਸਲ ਦੇ ਅਮਿਤ ਕੁਮਾਰ ਅਤੇ ਦੀਪਕ ਕੁਮਾਰ ਆਦਿ ਵੀ ਮੌਜੂਦ ਸਨ।

## ਏਲਨਾਬਾਦ ਦੇ ਖੇਤਾਂ ਵਿੱਚ ਮਿਲੇ ਲਾਹੌਰ ਦੇ ਇੱਕ ਕਾਲਜ ਦਾ ਨਾਮ ਲਿਖੇ ਪਾਕਿਸਤਾਨੀ ਗੁਬਾਰੇ, ਸਮਾਗਮ ਦੌਰਾਨ ਛੱਡੇ ਜਾਣ ਦਾ ਸ਼ੱਕ, ਪੁਲਿਸ ਨੇ ਜ਼ਬਤ ਕਰਕੇ ਜਾਂਚ ਆਰੰਭੀ



**ਸਿਰਸਾ,7 ਮਾਰਚ (ਜਗਤਾਰ ਸਮਾਲਸਰ)** ਜ਼ਿਲ੍ਹੇ ਦੇ ਸ਼ਹਿਰ ਏਲਨਾਬਾਦ ਦੇ ਪਿੰਡ ਧੌਲਪਾਲੀਆ ਦੇ ਖੇਤਾਂ ਵਿੱਚ ਅੱਜ ਪਾਕਿਸਤਾਨ ਦੇ ਲਾਹੌਰ ਦੇ ਇੱਕ ਕਾਲਜ ਦਾ ਨਾਮ ਲਿਖੇ ਵਾਲੇ ਗੁਬਾਰੇ ਮਿਲੇ। ਇਨ੍ਹਾਂ ਗੁਬਾਰਿਆਂ ਤੇ ਕਾਲਜ ਵਿੱਚ ਇੱਕ ਸਮਾਗਮ ਦਾ ਨਾਮ ਲਿਖਿਆ ਹੋਇਆ ਸੀ। ਖੇਤਾਂ ਵਿੱਚ ਪਾਕਿਸਤਾਨੀ ਗੁਬਾਰੇ ਮਿਲਣ ਤੇ ਕਿਸਾਨਾਂ ਨੇ ਤੁਰੰਤ ਸਥਾਨਕ ਪ੍ਰਸ਼ਾਸਨ ਅਤੇ ਪੁਲਿਸ ਨੂੰ ਸੂਚਿਤ ਕੀਤਾ। ਥਾਣਾ ਇੰਚਾਰਜ ਪ੍ਰਗਟ ਸਿੰਘ ਪੁਲਿਸ ਟੀਮ ਨਾਲ ਮੌਕੇ ਤੇ ਪਹੁੰਚੇ। ਉਨ੍ਹਾਂ ਗੁਬਾਰਿਆਂ ਦਾ ਮੁਆਇਨਾ ਕੀਤਾ ਅਤੇ ਪਿੰਡ ਵਾਸੀਆਂ ਤੋਂ ਜਾਣਕਾਰੀ ਇਕੱਠੀ ਕੀਤੀ। ਮੁੱਢਲੀ ਜਾਂਚ ਦੌਰਾਨ ਪਤਾ ਲੱਗਾ ਹੈ ਕਿ ਇਹ ਗੁਬਾਰੇ ਪਾਕਿਸਤਾਨ ਵਿੱਚ ਕਿਸੇ ਸਮਾਗਮ ਦੌਰਾਨ ਛੱਡੇ ਗਏ ਹੋ ਸਕਦੇ ਹਨ ਅਤੇ ਹਵਾ ਦੀ ਦਿਸ਼ਾ ਕਾਰਨ ਉਹ ਸਰਹੱਦ ਪਾਰ ਕਰਕੇ ਏਲੇਨਾਬਾਦ ਖੇਤਰ ਵਿੱਚ ਪਹੁੰਚ ਗਏ। ਜਿਵੇਂ ਹੀ ਗੁਬਾਰੇ ਮਿਲਣ ਦੀ ਖ਼ਬਰ ਮਿਲੀ ਤਾਂ ਵੱਡੀ ਗਿਣਤੀ ਵਿੱਚ ਲੋਕ ਮੌਕੇ ਤੇ ਇਕੱਠੇ ਹੋ ਗਏ। ਪੁਲਿਸ ਨੇ ਪਿੰਡ ਵਾਸੀਆਂ ਨੂੰ ਚੌਕਸ ਰਹਿਣ ਅਤੇ ਕਿਸੇ ਵੀ ਸ਼ੱਕੀ ਵਸਤੂ ਦੀ ਤੁਰੰਤ ਸੂਚਨਾ ਪ੍ਰਸ਼ਾਸਨ ਨੂੰ ਦੇਣ ਦੀ ਸਲਾਹ ਦਿੱਤੀ ਹੈ। ਥਾਣਾ ਇੰਚਾਰਜ ਪ੍ਰਗਟ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਦੀ ਵਿਸਥਾਰਤ ਜਾਂਚ ਕੀਤੀ ਜਾ ਰਹੀ ਹੈ ਅਤੇ ਗੁਬਾਰਿਆਂ ਤੇ ਲਿਖੇ ਵੇਰਵਿਆਂ ਦੇ ਆਧਾਰ ਤੇ ਹੋਰ ਜਾਣਕਾਰੀ ਇਕੱਠੀ ਕੀਤੀ ਜਾ ਰਹੀ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਕਿਹਾ ਕਿ ਘਬਰਾਉਣ ਦੀ ਕੋਈ ਲੋੜ ਨਹੀਂ ਹੈ। ਫਿਲਹਾਲ ਪੁਲੀਸ ਵੱਲੋਂ ਜਾਂਚ ਜਾਰੀ ਹੈ।

# ਪੰਜਾਬ ਵਿਧਾਨ ਸਭਾ ਦੇ ਬਜਟ ਸੈਸ਼ਨ ਦੀ ਕਾਰਵਾਈ ਪਿੰਡ ਗੰਭੀਰਪੁਰ ਵਿਖੇ ਐਲ.ਈ.ਡੀ ਸਕਰੀਨਾਂ ’ਤੇ ਹੋਵੇਗੀ ਲਾਈਵ ਪ੍ਰਸਾਰਿਤ - ਹਰਜੋਤ ਸਿੰਘ ਬੈਂਸ

## ਕੈਬਨਿਟ ਮੰਤਰੀ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਹਲਕੇ ਭਰ ਦੀਆਂ ਮਹਿਲਾਵਾਂ ਨੂੰ ਇਤਿਹਾਸਕ ਬਜਟ ਦੇਖਣ ਲਈ ਦਿੱਤਾ ਸੱਦਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਕਰ ਰਹੀ ਹੈ ਸਾਰੇ ਵਾਅਦੇ ਪੂਰੇ

**ਸ੍ਰੀ ਅਨੰਦਪੁਰ ਸਾਹਿਬ**, 7 ਮਾਰਚ (**ਸੈਣੀ ਨਿੱਕੂਵਾਲ/ ਰਾਣਾ ਹਰੀਵਾਲ**) ਹਲਕਾ ਸ਼੍ਰੀ ਅਨੰਦਪੁਰ ਸਾਹਿਬ ਦੇ ਪਿੰਡ ਗੰਭੀਰਪੁਰ ਵਿਖੇ ਅੱਜ ਕੈਬਨਿਟ ਮੰਤਰੀ ਸ੍ਰ. ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਇਕ ਮਹੱਤਵਪੂਰਨ ਮੀਟਿੰਗ ਆਯੋਜਿਤ ਕੀਤੀ ਗਈ, ਜਿਸ ਵਿੱਚ 8 ਮਾਰਚ ਨੂੰ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ ਹੋਣ ਵਾਲੇ ਪੰਜਾਬ ਵਿਧਾਨ ਸਭਾ ਦੇ ਬਜਟ ਸੈਸ਼ਨ ਦੀਆਂ ਤਿਆਰੀਆਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਮੰਤਰੀ ਬੈਂਸ ਨੇ ਐਲਾਨ ਕੀਤਾ ਕਿ ਬਜਟ ਸੈਸ਼ਨ ਦੀ ਕਾਰਵਾਈ ਪਿੰਡ ਗੰਭੀਰਪੁਰ ਵਿਖੇ ਵੱਡੀਆਂ ਐਲ.ਈ.ਡੀ ਸਕਰੀਨਾਂ ’ਤੇ ਲਾਈਵ ਦਿਖਾਈ ਜਾਵੇਗੀ ਤਾਂ ਜੋ ਇਲਾਕੇ ਦੇ ਲੋਕ, ਖ਼ਾਸ ਕਰਕੇ ਮਹਿਲਾ ਪ੍ਰਤੀਨਿਧੀ, ਇਸ ਇਤਿਹਾਸਕ ਸੈਸ਼ਨ ਨੂੰ ਸਿੱਧੇ ਤੌਰ ’ਤੇ ਦੇਖ ਸਕਣ।ਇਸ ਸਮਾਗਮ ਵਿੱਚ ਹਲਕੇ ਭਰ ਦੀਆਂ ਮਹਿਲਾ ਆਗੂਆਂ ਅਤੇ ਪ੍ਰਤੀਨਿਧੀਆਂ ਨੂੰ ਸੱਦਾ ਦਿੱਤਾ ਗਿਆ ਹੈ, ਜਿਨ੍ਹਾਂ ਵਿੱਚ ਬਲਾਕ ਸਮਿਤੀਆਂ ਦੀਆਂ ਮੈਂਬਰਾਂ, ਚੇਅਰਪਰਸਨ, ਵਾਈਸ ਚੇਅਰਪਰਸਨ, ਸਰਪੰਚ ਅਤੇ ਪੰਚ ਸ਼ਾਮਲ ਹੋਣਗੀਆਂ। ਮੰਤਰੀ ਬੈਂਸ ਨੇ ਕਿਹਾ ਕਿ ਇਸ ਪਹਿਲ ਦਾ ਮਕਸਦ ਲੋਕਤੰਤਰਕ ਭਾਗੀਦਾਰੀ ਨੂੰ ਹੋਰ ਮਜ਼ਬੂਤ ਕਰਨਾ ਹੈ ਤਾਂ ਜੋ ਲੋਕ ਸਿੱਧੇ ਤੌਰ ’ਤੇ ਰਾਜ ਦੀ ਵਿਧਾਨਕ ਪ੍ਰਕਿਰਿਆ ਨਾਲ ਜੁੜੇ ਰਹਿਣ।

ਇਸ ਮੌਕੇ ਸੰਬੋਧਨ ਕਰਦਿਆਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੇ ਲੋਕਾਂ ਨਾਲ ਕੀਤੇ ਸਾਰੇ ਵਾਅਦੇ ਪੂਰੇ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਪਹਿਲਾਂ ਹੀ ਲੋਕ ਭਲਾਈ ਲਈ ਕਈ ਇਤਿਹਾਸਕ ਫ਼ੈਸਲੇ ਕੀਤੇ ਗਏ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਲੋਕ-ਕੇਂਦਰਿਤ ਨੀਤੀਆਂ ਲਾਗੂ ਕੀਤੀਆਂ ਜਾਂਦੀਆਂ ਰਹਿਣਗੀਆਂ।

ਉਨ੍ਹਾਂ ਕਿਹਾ ਕਿ 8 ਮਾਰਚ ਨੂੰ ਪੇਸ਼ ਕੀਤਾ ਜਾਣ ਵਾਲਾ ਬਜਟ ਸਰਕਾਰ ਦੀ ਵਿਕਾਸ, ਪਾਰਦਰਸ਼ਤਾ ਅਤੇ ਸਮਾਜਿਕ ਭਲਾਈ ਪ੍ਰਤੀ ਵਚਨਬੱਧਤਾ ਨੂੰ ਦਰਸਾਏਗਾ। ਮੰਤਰੀ ਬੈਂਸ ਨੇ ਦੱਸਿਆ ਕਿ ਸਰਕਾਰ ਵੱਲੋਂ ਪਹਿਲਾਂ ਹੀ ਘਰੇਲੂ ਖਪਤਕਾਰਾਂ ਲਈ 600



ਯੂਨਿਟ ਮੁਫ਼ਤ ਬਿਜਲੀ ਦੀ ਸੁਵਿਧਾ ਲਾਗੂ ਕੀਤੀ ਗਈ ਹੈ, ਜਿਸ ਦਾ ਲਾਭ ਪਿਛਲੇ ਚਾਰ ਸਾਲਾਂ ਤੋਂ ਲੋਕਾਂ ਨੂੰ ਮਿਲ ਰਿਹਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਇਹ ਸੁਵਿਧਾ ਜਾਰੀ ਰਹੇਗੀ।

ਮੰਤਰੀ ਬੈਂਸ ਨੇ ਹੋਰ ਦੱਸਿਆ ਕਿ ਵਿਧਾਨ ਸਭਾ ਸੈਸ਼ਨ ਦੌਰਾਨ ਵਿੱਤ ਮੰਤਰੀ ਸ੍ਰ. ਹਰਪਾਲ ਸਿੰਘ ਚੀਮਾ ਵੱਲੋਂ ਸੂਬੇ ਦਾ ਬਜਟ ਪੇਸ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਬਜਟ ਸਿੱਖਿਆ ਖੇਤਰ ਨੂੰ ਹੋਰ ਮਜ਼ਬੂਤ ਕਰਨ, ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਲੋਕ ਭਲਾਈ ਯੋਜਨਾਵਾਂ ’ਤੇ ਕੇਂਦਰਿਤ ਹੋਵੇਗਾ, ਜਿਸ ਨਾਲ ਪੰਜਾਬ ਦੇ ਲੋਕਾਂ ਦੀ ਜੀਵਨ ਗੁਣਵੱਤਾ ਵਿੱਚ ਸੁਧਾਰ ਆਵੇਗਾ।

ਸਿੱਖਿਆ ਖੇਤਰ ਵਿੱਚ ਹੋ ਰਹੇ ਸੁਧਾਰਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਸਿੱਖਿਆ ਕ੍ਰਾਂਤੀ ਦੇ ਨਤੀਜੇ ਮੈਦਾਨ ਵਿੱਚ ਸਪੱਸ਼ਟ ਤੌਰ ’ਤੇ ਦਿਖਾਈ ਦੇ ਰਹੇ ਹਨ ਅਤੇ ਸਰਕਾਰੀ ਸਕੂਲਾਂ ਵਿੱਚ ਢਾਂਚਾਗਤ ਅਤੇ ਸਿੱਖਿਆ ਸੰਬੰਧੀ ਵੱਡੇ ਸੁਧਾਰ ਕੀਤੇ ਗਏ ਹਨ। ਮੀਟਿੰਗ ਦੇ ਅੰਤ ਵਿੱਚ ਮੰਤਰੀ ਬੈਂਸ ਨੇ ਹਲਕੇ ਦੀਆਂ ਸਾਰੀਆਂ ਮਹਿਲਾ ਪ੍ਰਤੀਨਿਧੀਆਂ ਨੂੰ ਅਪੀਲ ਕੀਤੀ ਕਿ ਉਹ 8 ਮਾਰਚ ਨੂੰ ਪਿੰਡ ਗੰਭੀਰਪੁਰ ਵਿਖੇ ਹੋਣ ਵਾਲੇ ਸਮਾਗਮ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚਣ ਅਤੇ ਇਕੱਠੇ ਹੋ ਕੇ ਬਜਟ ਪੇਸ਼ੀ ਨੂੰ ਦੇਖਣ ਦੇ ਨਾਲ ਅੰਤਰਰਾਸ਼ਟਰੀ ਮਹਿਲਾ ਦਿਵਸ ਦੀ ਭਾਵਨਾ ਨੂੰ ਵੀ ਮਨਾਉਣ। ਨਾਲ ਹੀ ਉਨ੍ਹਾਂ ਰਾਜ ਸਰਕਾਰ ਦੇ ਵਿਕਾਸੀ ਉਪਰਾਲਿਆਂ ਨੂੰ ਮਜ਼ਬੂਤ ਬਣਾਉਣ ਲਈ ਆਪਣੇ ਸਮਰਥਨ ਨੂੰ ਦੁਹਰਾਉਣ ਦੀ ਅਪੀਲ ਕੀਤੀ।

# ਸ੍ਰੀ ਚਮਕੌਰ ਸਾਹਿਬ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਵਿੱਚ ਨੌਜਵਾਨ ਹੋਏ ਸ਼ਾਮਿਲ

**ਸ੍ਰੀ ਚਮਕੌਰ ਸਾਹਿਬ 7 ਮਾਰਚ (ਅਮਰਜੀਤ ਸਿੰਘ ਕਲਸੀ)** ਸ੍ਰੀ ਚਮਕੌਰ ਸਾਹਿਬ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਦੀ ਮੀਟਿੰਗ ਹੋਈ। ਜਿਸ ਵਿੱਚ ਡਾਕਟਰ ਦਲਜੀਤ ਸਿੰਘ ਸੋਢੀ ਵਿਸ਼ੇਸ਼ ਤੌਰ ਤੇ ਪਹੁੰਚੇ ਜਿਨਾਂ ਨੇ ਨੌਜਵਾਨਾਂ ਨੂੰ ਸਰੋਪੇ ਪਾ ਕੇ ਪਾਰਟੀ ਵਿੱਚ ਸ਼ਾਮਿਲ ਕੀਤਾ। ਉਨਾਂ ਨੇ ਸੰਬੋਧਨ ਕਰਦੇ ਹੋਏ ਕਿਹਾ ਕੀ ਪੰਜਾਬ ਸਭ ਤੋਂ ਮਾੜੇ ਦੌਰ ਵਿੱਚ ਗੁਜ਼ਰ ਰਿਹਾ ਹੈ।

ਝੂਠੇ ਕੇਸ ਬਣਾ ਕੇ ਨੌਜਵਾਨਾਂ ਨੂੰ ਜ਼ਬਰਦਸਤੀ ਜੇਲਾਂ ਵਿਚ ਡੱਕਿਆ ਜਾ ਰਿਹਾ ਹੈ। ਪੰਜਾਬ ਦੇ ਸਾਰੇ ਮਸਲਿਆਂ ਦਾ ਇਕੱ-ਇਕ ਦੀ ਹੱਲ ਹੈ ਕਿ ਪੰਜਾਬ ਵਿੱਚ ਇੱਕ ਮਜ਼ਬੂਤ ਖੇਤਰੀ ਪਾਰਟੀ ਨੂੰ ਮੁੜ ਸੁਰਜੀਤ ਕੀਤਾ ਜਾਵੇ। ਸ. ਮਨਜਿੰਦਰ ਸਿੰਘ ਸੈਣੀ ਨੇ ਵੀ ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਪੰਜਾਬ ਅਤੇ ਪੰਥ ਦੀ ਗੱਲ ਕਰਨ ਅਤੇ ਪੰਜਾਬੀਆਂ ਦੇ ਸਿਧਾਂਤਾਂ ਤੇ ਪਹਿਰਾ ਦੇਣ ਵਾਲੇ ਲੋਕਾਂ ਲਈ ਇਸ ਤੋਂ ਵਧੀਆ ਪਲੇਟਫਾਰਮ ਕੋਈ ਹੋਰ ਨਹੀਂ ਹੋ ਸਕਦਾ ਕਿਉਂਕਿ ਸਾਡੇ ਪੁਰਖਿਆਂ ਵਲੋਂ ਬਣਾਇਆ ਅਕਾਲੀ ਦਲ ਬਾਦਲ ਪਰਿਵਾਰ ਦਾ ਨਿੱਜੀ ਦਲ ਬਣ ਕੇ ਰਹਿ ਗਿਆ ਹੈ ਜਿਸ ਨੇ ਗੱਲ ਤਾਂ ਪੰਜਾਬ ਅਤੇ ਪੰਥ ਦੇ ਹਿੱਤਾਂ ਦੀ ਕਰਨੀ ਸੀ ਪਰ ਉਸ ਨੇ ਇੱਕ ਪਰਿਵਾਰ ਨੂੰ ਫਾਇਦਾ ਪਹੁੰਚਾਉਣ ਲਈ ਸਦਾ ਪੰਥਕ ਸਿਧਾਂਤਾਂ ਦਾ ਘਾਣ ਕੀਤਾ ਹੈ। ਉਨ੍ਹਾਂ ਕਿਹਾ ਕਿ ਜਿੱਥੇ



ਕਾਂਗਰਸ ਪਾਰਟੀ ਅਤੇ ਆਮ ਆਦਮੀ ਪਾਰਟੀ ਤੋਂ ਲੋਕਾਂ ਦਾ ਮੋਹ ਭੰਗ ਹੋ ਚੁੱਕਿਆ ਹੈ। ਉੱਥੇ ਹੀ ਅਕਾਲੀ ਦਲ ਬਾਦਲ ਨੂੰ ਵੀ ਲੋਕ ਨਕਾਰ ਚੁੱਕੇ ਹਨ। ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਵਿੱਚ ਸ਼ਾਮਿਲ ਹੋਏ ਡਾਕਟਰ ਰਵੀ ਸਿੰਘ ਨੇ ਕਿਹਾ ਕਿ ਨਵੀਂ ਬਣੀ ਇਹ ਰਾਜਨੀਤਿਕ ਪਾਰਟੀ ਪੰਥਕ ਮੁੱਦਿਆ ਅਤੇ ਪੰਜਾਬ ਦੇ ਹਿੱਤਾਂ ਦੀ ਗੱਲ ਕਰੇਗੀ ਤੇ ਨੋਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ, ਪੰਜਾਬੀਆਂ ਨੂੰ ਨਵੇਂ ਰੁਜ਼ਗਾਰ ਦੇਣਾ, ਮਜ਼ਦੂਰਾਂ ਕਿਰਤੀ ਕਿਸਾਨਾ, ਦੁਕਾਨਦਾਰਾਂ, ਮੁਲਾਜ਼ਮਾਂ ਅਤੇ ਵਪਾਰੀਆਂ ਦੇ ਹਿੱਤਾਂ ਦੀ ਰਾਖੀ ਕਰਨ ਲਈ ਬਚਨ ਬੱਧ ਹੋਵੇਗੀ। ਇਸ ਮੌਕੇ ਡਾਕਟਰ ਅਮਿਤ ਕੁਮਾਰ, ਡਾਕਟਰ ਰਵਿੰਦਰ ਪ੍ਰੀਤ ਸਿੰਘ ਉਰਫ ਰਵੀ ਸਿੰਘ ਅਪਣੇ ਸਾਥਿਆਂ ਸਮੇਤ ਪਾਰਟੀ ਵਿੱਚ ਸ਼ਾਮਲ ਹੋਏ ਤੇ ਨੌਜਵਾਨ ਕਿਸਾਨ ਸਭਾ ਦੀ ਟੀਮ ਜਿਸ ਵਿੱਚ ਅਮਨ ਸਿੰਘ ਮੋਰਿੰਡਾ, ਸੁਖਜਿੰਦਰ ਸਿੰਘ ਗੋਲਡੀ, ਡਾ ਗੁਰਪ੍ਰੀਤ ਸਿੰਘ, ਡਾ ਹੀਰਾ ਸਿੰਘ, ਹਰਚੰਦ ਸਿੰਘ, ਹੇਮਰਾਜ ਥਰੇਜਾ , ਗੁਰਜੀਤ ਸਿੰਘ ਰਾਜੂ, ਮਨਜੀਤ ਮਿੰਟੂ ਪਾਰਟੀ ਵਿੱਚ ਸ਼ਾਮਲ ਹੋਏ। ਇਸ ਮੌਕੇ ਡਾ ਰਵਿੰਦਰ ਪ੍ਰੀਤ ਸਿੰਘ ਨੂੰ ਹਲਕਾ ਸ੍ਰੀ ਚਮਕੌਰ ਸਾਹਿਬ ਦਾ ਮੁੱਖ ਸੇਵਾਦਾਰ ਲਗਾਇਆ ਗਿਆ। ਅਬਜ਼ਰਵਰ ਡਾ ਦਲਜੀਤ ਸਿੰਘ ਸੋਢੀ ਜੀ ਦੇ ਨਾਲ ਕਾਰਜਕਾਰਣੀ ਮੈਂਬਰ ਮਨਜਿੰਦਰ ਸਿੰਘ ਸੈਣੀ, ਨਿਤਿਨ ਕੁਮਾਰ, ਅਮਰਜੀਤ ਸਿੰਘ ਅਤੇ ਕੁਲਵੰਤ ਸਿੰਘ ਬੱਚਿਤਰ ਸਿੰਘ ਜਟਾਣਾ, ਵੀ ਹਾਜ਼ਰ ਸਨ।

# ਅੰਤਰਰਾਸ਼ਟਰੀ ਮਹਿਲਾ ਦਿਵਸ - ਨਾਰੀ ਸਸ਼ਕਤੀਕਰਨ ਅਤੇ ਸਮਾਨਤਾ ਦਾ ਸੰਦੇਸ਼

ਅੰਤਰਰਾਸ਼ਟਰੀ ਮਹਿਲਾ ਦਿਵਸ ਹਰ ਸਾਲ 8 ਮਾਰਚ ਨੂੰ ਸੰਸਾਰ ਭਰ ਵਿੱਚ ਮਨਾਇਆ ਜਾਂਦਾ ਹੈ। ਇਹ ਦਿਨ ਮਹਿਲਾਵਾਂ ਦੇ ਅਧਿਕਾਰਾਂ, ਉਨ੍ਹਾਂ ਦੀਆਂ ਪ੍ਰਾਪਤੀਆਂ ਅਤੇ ਸਮਾਜ ਵਿੱਚ ਉਨ੍ਹਾਂ ਦੀ ਮਹੱਤਵਪੂਰਨ ਭੂਮਿਕਾ ਨੂੰ ਸਲਾਮ ਕਰਨ ਲਈ ਸਮਰਪਿਤ ਹੈ। ਇਸ ਦੀ ਸ਼ੁਰੂਆਤ 20ਵੀਂ ਸਦੀ ਵਿੱਚ ਹੋਈ, ਜਦੋਂ ਮਹਿਲਾਵਾਂ ਨੇ ਆਪਣੇ ਹੱਕਾਂ- ਜਿਵੇਂ ਵੋਟ ਦਾ ਅਧਿਕਾਰ, ਬਿਹਤਰ ਕੰਮਕਾਜੀ ਹਾਲਾਤ ਅਤੇ ਸਮਾਨ ਮਜ਼ਦੂਰੀ ਲਈ ਆਵਾਜ਼ ਉਠਾਈ। ਅੱਜ ਇਹ ਦਿਨ ਸਿਰਫ਼ ਜਸ਼ਨ ਮਨਾਉਣ ਲਈ ਨਹੀਂ, ਸਗੋਂ ਸਮਾਨਤਾ ਅਤੇ ਨਿਆਂ ਦੇ ਸੰਕਲਪ ਨੂੰ ਦੁਹਰਾਉਣ ਲਈ ਵੀ ਹੈ।

ਸਾਡੇ ਸਮਾਜ ਵਿੱਚ ਮਹਿਲਾ ਨੂੰ ਮਾਂ, ਭੈਣ, ਪਤਨੀ ਅਤੇ ਧੀ ਦੇ ਰੂਪ ਵਿੱਚ ਸਨਮਾਨ ਮਿਲਦਾ ਹੈ। ਉਹ ਪਰਿਵਾਰ ਦੀ ਨੀਂਹ ਹੈ ਅਤੇ ਆਪਣੇ ਪਿਆਰ, ਤਿਆਗ ਅਤੇ ਸਮਰਪਣ ਨਾਲ ਘਰ ਨੂੰ ਸੁਖ-ਸ਼ਾਂਤੀ ਨਾਲ ਭਰ ਦਿੰਦੀ ਹੈ। ਪਰ ਆਧੁਨਿਕ ਯੁੱਗ ਵਿੱਚ ਮਹਿਲਾ ਨੇ ਘਰ ਦੀ ਚੌਖਟ ਤੋਂ ਬਾਹਰ ਨਿਕਲ ਕੇ ਹਰ ਖੇਤਰ ਵਿੱਚ ਆਪਣੀ ਕਾਬਲੀਅਤ ਦਾ ਝੰਡਾ ਲਹਿਰਾਇਆ ਹੈ। ਰਾਜਨੀਤੀ, ਵਿਗਿਆਨ, ਖੇਡਾਂ, ਸਿੱਖਿਆ, ਸੈਨਾ ਅਤੇ ਅੰਤਰਿਕਸ਼ ਤੱਕ ਮਹਿਲਾਵਾਂ ਨੇ ਆਪਣੀ ਹਿੰਮਤ ਅਤੇ ਮੇਹਨਤ ਨਾਲ ਨਵੀਆਂ ਉਚਾਈਆਂ ਛੂਹੀਆਂ ਹਨ। ਭਾਰਤ ਦੀਆਂ ਪ੍ਰਸਿੱਧ ਹਸਤੀਆਂ ਜਿਵੇਂ ਇੰਦਿਰਾ ਗਾਂਧੀ, ਮੇਰੀ ਕੋਮ ਅਤੇ ਪੀ. ਵੀ. ਸਿੰਧੂ ਇਸ ਗੱਲ ਦਾ ਸਪਸ਼ਟ ਸਬੂਤ ਹਨ ਕਿ ਜੇ ਮੌਕਾ ਮਿਲੇ ਤਾਂ ਮਹਿਲਾ ਕਿਸੇ ਵੀ ਖੇਤਰ ਵਿੱਚ ਪਿੱਛੇ ਨਹੀਂ ਰਹਿੰਦੀ।

ਇਸ ਦੇ ਬਾਵਜੂਦ, ਸਮਾਜ ਵਿੱਚ ਅਜੇ ਵੀ ਕਈ ਚੁਣੌਤੀਆਂ ਮੌਜੂਦ ਹਨ। ਕੁਝ ਥਾਵਾਂ ’ਤੇ ਲੜਕੀਆਂ ਨੂੰ ਉੱਚੀ ਸਿੱਖਿਆ ਤੋਂ ਵਾਂਝਾ ਰੱਖਿਆ ਜਾਂਦਾ ਹੈ, ਕੰਮਕਾਜ ਵਾਲੀ ਥਾਂ ’ਤੇ ਅਸਮਾਨ ਮਜ਼ਦੂਰੀ ਮਿਲਦੀ ਹੈ ਅਤੇ ਘਰੇਲੂ ਹਿੰਸਾ ਵਰਗੀਆਂ ਸਮੱਸਿਆਵਾਂ ਵੀ ਸਾਹਮਣੇ ਆਉਂਦੀਆਂ ਹਨ। ਇਹ ਸਾਰੀਆਂ ਗੱਲਾਂ ਦਰਸਾਉਂਦੀਆਂ ਹਨ ਕਿ ਸਾਨੂੰ ਅਜੇ ਵੀ ਬਹੁਤ ਕੁਝ ਬਦਲਣਾ ਬਾਕੀ ਹੈ। ਮਹਿਲਾ ਸਸ਼ਕਤੀਕਰਨ ਦਾ ਅਸਲ ਅਰਥ ਇਹ ਹੈ ਕਿ ਉਨ੍ਹਾਂ ਨੂੰ ਫੈਸਲੇ ਲੈਣ ਦੀ ਆਜ਼ਾਦੀ, ਆਰਥਿਕ ਖੁਦਮੁਖਤਿਆਰੀ ਅਤੇ ਸੁਰੱਖਿਅਤ ਮਾਹੌਲ ਪ੍ਰਦਾਨ ਕੀਤਾ ਜਾਵੇ।

ਜਦੋਂ ਇੱਕ ਮਹਿਲਾ ਸਿੱਖਿਆ ਪ੍ਰਾਪਤ ਕਰਦੀ ਹੈ, ਤਾਂ ਉਹ ਸਿਰਫ਼ ਆਪਣੇ ਲਈ ਹੀ ਨਹੀਂ, ਸਗੋਂ ਆਪਣੇ ਪਰਿਵਾਰ ਅਤੇ ਸਮਾਜ ਲਈ ਵੀ ਰੌਸ਼ਨੀ ਦਾ ਦੀਵਾ ਬਣਦੀ ਹੈ। ਇਸ ਲਈ “ਬੇਟੀ ਬਚਾਓ, ਬੇਟੀ ਪੜ੍ਹਾਓ”ਵਰਗੇ ਉਪਰਾਲੇ ਬਹੁਤ ਮਹੱਤਵਪੂਰਨ ਹਨ। ਸਾਨੂੰ ਲੜਕੀਆਂ ਨੂੰ ਆਪਣੇ ਸੁਪਨੇ ਪੂਰੇ ਕਰਨ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ ਅਤੇ ਉਨ੍ਹਾਂ ਦੀ ਕਾਬਲੀਅਤ ’ਤੇ ਭਰੋਸਾ ਕਰਨਾ ਚਾਹੀਦਾ ਹੈ।

ਅੰਤਰਰਾਸ਼ਟਰੀ ਮਹਿਲਾ ਦਿਵਸ ਸਾਨੂੰ ਇਹ ਯਾਦ ਦਿਵਾਉਂਦਾ ਹੈ ਕਿ ਮਹਿਲਾਵਾਂ ਦਾ ਸਤਿਕਾਰ ਸਿਰਫ਼ ਇੱਕ ਦਿਨ ਤੱਕ ਸੀਮਿਤ ਨਾ ਰਹੇ। ਹਰ ਦਿਨ ਉਨ੍ਹਾਂ ਨੂੰ ਸਮਾਨ ਅਧਿਕਾਰ, ਪਿਆਰ ਅਤੇ ਸਤਿਕਾਰ ਮਿਲਣਾ ਚਾਹੀਦਾ ਹੈ। ਆਓ, ਅਸੀਂ ਸਭ ਮਿਲ ਕੇ ਇਹ ਸੰਕਲਪ ਕਰੀਏ ਕਿ ਇੱਕ ਅਜਿਹਾ ਸਮਾਜ ਬਣਾਈਏ ਜਿੱਥੇ ਨਾਰੀ ਨੂੰ ਸੱਚੇ ਅਰਥਾਂ ਵਿੱਚ ਸਨਮਾਨ ਅਤੇ ਸਮਾਨਤਾ ਪ੍ਰਾਪਤ ਹੋਵੇ।



**ਅਮਨਦੀਪ ਕੌਰ**
**ਹੈੱਡਮਿਸਟਰੈਸ (ਸ.ਹ.ਸ.ਚਕੇਰੀਆਂ)**

# ਸਰਪੰਚ ਜਗਰੂਪ ਸਿੰਘ ਸੇਹ ਨੇ ਸਰਕਾਰੀ ਹਾਈ ਸਕੂਲ ਦੀ ਮੇਨ ਰਾਹਦਾਰੀ ਦਾ ਕੀਤਾ ਉਦਘਾਟਨ, ਸਰਕਾਰੀ ਸਕੂਲ ਵਿੱਚ ਦਾਖਲੇ ਕਰਵਾਉਣ ਸਬੰਧੀ ਲੋਕਾਂ ਨੂੰ ਕੀਤਾ ਉਤਸਾਹਿਤ




**ਸਮਰਾਲਾ 7 ਮਾਰਚ, ਹਨੀਸ਼ ਕੌਸ਼ਲ/ ਸ਼ਾਸ਼ਵੱਤ ਦੱਤ ਅਤਰੇ** - ਸਰਕਾਰੀ ਹਾਈ ਸਕੂਲ ਸੇਹ (ਲੁਧਿਆਣਾ) ’ਚ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਪਿੰਡ ਦੇ ਸਰਪੰਚ ਜਗਰੂਪ ਸਿੰਘ ਨੇ ਇੱਕ ਛੋਟਾ ਜਿਹਾ ਸਰਾਹਣਯੋਗ ਉਪਰਾਲੇ ਵਜੋ ਸਕੂਲ ਦੀ ਮੇਨ ਰਾਹਦਾਰੀ ਵਿੱਚ ਲਗਾਈਆਂ ਗਈਆਂ ਇੰਟਰਲਾਕ ਟਾਇਲਾਂ ਦਾ ਉਦਘਾਟਨ ਕੀਤਾ ਹੈ। ਇਸ ਦੇ ਨਾਲ ਹੀ ਪਿੰਡ ਦੇ ਲੋਕਾਂ ਨੂੰ ਪਿੰਡ ਦੇ ਸਰਕਾਰੀ ਸਕੂਲ ਵਿੱਚ ਆਪਣੇ ਬੱਚਿਆਂ ਦੇ ਉਚੇਰੇ ਭਵਿੱਖ ਲਈ ਸਕੂਲ ਵਿੱਚ ਦਾਖਲਾ ਲੈਣ ਲਈ ਪ੍ਰੇਰਿਤ ਕੀਤਾ ਅਤੇ ਦੱਸਿਆ ਕਿ ਸਰਕਾਰੀ ਹਾਈ ਸਕੂਲ, ਸੇਹ ਵਿਖੇ ਹਰ ਇੱਕ ਵਿਦਿਆਰਥੀ ਨੂੰ ਮੁਫ਼ਤ ਕਿਤਾਬਾਂ ਅਤੇ ਖਾਣਾ, ਹਰ ਤਰ੍ਹਾਂ ਦਾ ਵਜ਼ੀਫਾ, ਸਮਾਰਟ ਕਲਾਸ ਰੂਮ ਜਿਸ ਵਿੱਚ ਪ੍ਰੋਜੈਕਟਰ ਆਦਿ ਸ਼ਾਮਲ ਹਨ ਇਸ ਤੋ ਇਲਾਵਾ ਵਾਲੀਬਾਲ ਤੇ ਹੈਂਡਬਾਲ ਆਦਿ ਖੇਡਾਂ ਦੀ ਮੈਦਾਨ, ਖੁੱਲਾ ਗਰਾਊਂਡ, ਮੁਫ਼ਤ ਕੰਪਿਊਟਰ ਸਿੱਖਿਆ, ਸਾਰੇ ਸਬਜੈਕਟ ਦੀਆਂ ਲੈਬਸ, ਖੁੱਲੇ ਹਵਾਦਾਰ ਕਮਰੇ, ਫਿਲਟਰਡ ਪਾਣੀ , ਮੁਫ਼ਤ ਸਕੂਲ ਆਉਣ-ਜਾਣ ਲਈ ਵਿਦਿਆਰਥੀਆਂ ਲਈ ਆਟੋ, ਵਿਦਿਅਕ ਪਾਰਕ ਅਤੇ ਸਾਰੇ ਵਿਸ਼ਿਆਂ ਸਬੰਧੀ ਤਜਰਬੇਕਾਰ ਤੇ ਉੱਚੇਰੀ ਵਿਦਿਆ ਪ੍ਰਾਪਤੀ ਅਧਿਆਪਕ ਹਨ। ਇਸ ਦੇ ਨਾਲ ਹੀ ਵਿਦਿਆਰਥੀਆਂ ਨੂੰ ਪੜਾਈ ਤੋਂ ਬਾਅਦ ਕਿੱਤੇ ਬਾਰੇ ਕਾਨਸਲਿੰਗ ਦਿੱਤੀ ਜਾਂਦੀ ਹੈ, ਵਿਦਿਆਰਥੀਆਂ ਦੇ ਮਨੋਰੰਜਨ ਅਤੇ ਵਿਦਿਆ ਪ੍ਰਤੀ ਹੋਰ ਜਾਣਕਾਰੀ ਵਿੱਚ ਵਾਧਾ ਕਰਨ ਲਈ ਮੁਫ਼ਤ ਟੂਰ ਤੇ ਲਿਜਾਇਆ ਜਾਂਦਾ ਹੈ। ਇਸ ਸਕੂਲ ਵਿੱਚ ਵਿਗਿਆਨ ਪ੍ਰਤੀ ਪ੍ਰਦਰਸ਼ਨੀਆਂ ਅਤੇ ਪ੍ਰਯੋਗ ਸਬੰਧੀ ਵਿਦਿਆਰਥਿਆਂ ਨੂੰ ਜ਼ਿਲ੍ਹਾ ਪ੍ਰੀਸ਼ਦ ਤੱਕ ਹਿੱਸੇ ਦਵਾਏ ਜਾਂਦੇ ਹਨ ਜਿਸ ਵਿੱਚ ਵਿਦਿਆਰਥੀ ਆਪਣਾ ਵਿਦਿਅਕ ਗਿਆਨ ਅਤੇ ਪ੍ਰਤਿਭਾ ਨੂੰ ਦਰਸਾਉਂਦੇ ਹਨ । ਜਗਰੂਪ ਸਿੰਘ (ਸਰਪੰਚ) ਨੇ ਦਾਖਲੇ ਨੂੰ ਵਧਾਉਣ ਲਈ ਸਕੂਲ ਦੇ ਅਧਿਆਪਕਾਂ, ਵਿਦਿਆਰਥੀਆਂ ਅਤੇ ਐੱਸ.ਐੱਮ.ਸੀ ਕਮੇਟੀ ਦੇ ਸਾਰੇ ਮੈਂਬਰਾਂ ਅਤੇ ਪਿੰਡ ਵਿੱਚ ਘਰ-ਘਰ ਜਾ ਕਿ ਲੋਕਾਂ ਨੂੰ ਉਤਸ਼ਾਹਿਤ ਕੀਤਾ। ਜਿਨ੍ਹਾਂ ਨੇ ਇਸ ਸਕੂਲ ਦੀ ਜ਼ਰੂਰਤ ਨੂੰ ਮੁੱਖ ਰੱਖਦਿਆਂ ਆਪਣੇ ਕੀਮਤੀ ਸਮੇਂ ਵਿੱਚੋਂ ਸਮਾਂ ਕੱਢ ਕੇ ਸਕੂਲ ਦੇ ਮਾਰਗ ਦੇ ਉਦਘਾਟਨ ਵਿੱਚ ਸ਼ਾਮਲ ਹੋਏ। ਉਮੀਦ ਹੈ ਕਿ ਵਿਦਿਆਰਥੀਆਂ ਦੇ ਭਵਿੱਖ ਨੂੰ ਰੌਸ਼ਨ ਕਰਨ ਵਿੱਚ ਇਹ ਉਪਰਾਲਾ ਮਹੱਤਵਪੂਰਨ ਭੂਮਿਕਾ ਨਿਭਾਏਗਾ। ਪੂਰੇ ਪ੍ਰੋਗਰਾਮ ਦੌਰਾਨ ਸਕੂਲ ਦੇ ਹੈੱਡਮਾਸਟਰ ਸੌਰਭ ਮੈਨਰੋ, ਜਸਵੀਰ ਕੌਰ (ਡੀ.ਪੀ.ਈ), ਦਿਨੇਸ਼ ਕੁਮਾਰ (ਮੈਥ ਮਾਸਟਰ), ਜਗਵਿੰਦਰ ਕੌਰ (ਸਾਇੰਸ ਮਿਸਟਰੈਸ), ਲਖਵੀਰ ਕੌਰ (ਆਰਟ ਐਂਡ ਕਰਾਫਟ), ਜੋਤੀ ਭਮਰਾ (ਅੰਗਰੇਜ਼ੀ ਮਿਸਟਰੈਸ), ਨਵਦੀਪ ਕੌਰ (ਐੱਸ.ਐੱਸ. ਮਿਸਟਰੈਸ), ਗੁਰਜੀਤ ਕੌਰ (ਹਿੰਦੀ ਮਿਸਟਰੈਸ), ਪ੍ਰਭਜੋਤ ਕੌਰ (ਕਲਰਕ) ਅਤੇ ਸੁਖਦੇਵ ਸਿੰਘ (ਸਵੀਪਰ) ਸਕੂਲ ਮੈਂਬਰ ਹਾਜ਼ਰ ਸਨ।

# ਅੰਤਰਰਾਸ਼ਟਰੀ ਮਹਿਲਾ ਦਿਵਸ ਸਬੰਧੀ ਵੱਖ ਵੱਖ ਸ਼ਖਸ਼ੀਅਤਾਂ ਦੇ ਵਿਚਾਰ

**ਸ੍ਰੀ ਅਨੰਦਪੁਰ ਸਾਹਿਬ 7 ਮਾਰਚ (ਸੈਣੀ ਨਿੱਕੂਵਾਲ)** ਅੰਤਰਰਾਸ਼ਟਰੀ ਮਹਿਲਾ ਦਿਵਸ ਦਾ ਮੁੱਖ ਉਦੇਸ਼ ਔਰਤਾਂ ਨੂੰ ਉਤਸ਼ਾਹਿਤ ਕਰਨਾ ਹੈ ਕਿ ਉਹ ਆਪਣੇ ਦਮ ’ਤੇ ਅੱਗੇ ਵਧਣ ਅਤੇ ਵਰਤਮਾਨ ਅਤੇ ਭਵਿੱਖ ਵਿੱਚ ਆਪਣੀ ਵੱਖਰੀ ਪਛਾਣ ਬਣਾ ਸਕਣ। ਅੱਜ ਇਸ ਆਰਟੀਕਲ ਦੇ ਰਾਹੀ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਇਤਿਹਾਸ ਅਤੇ ਇਸ ਦੇ ਮਹੱਤਵ ਬਾਰੇ ਜਾਣਦੇ ਹਾਂ -

### ਅੰਤਰਰਾਸ਼ਟਰੀ ਮਹਿਲਾ ਦਿਵਸ - ਮਹਿਲਾਵਾਂ ਦੀ ਤਾਕਤ ਦਾ ਜਸ਼ਨ ਹੈ : ਨਿਸ਼ਾ ਸ਼ਰਮਾ ਸਮਾਜਿਕ ਸਿੱਖਿਆ ਅਧਿਆਪਕ



ਅੰਤਰਰਾਸ਼ਟਰੀ ਮਹਿਲਾ ਦਿਵਸ ਵੱਖ ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਵਾਲੀਆਂ ਔਰਤਾਂ ਦੇ ਸਨਮਾਨ ਅਤੇ ਜਾਗਰੂਕਤਾ ਲਈ ਮਨਾਇਆ ਜਾਂਦਾ ਹੈ। ਇਸ ਦਿਨ ਦਾ ਮਕਸਦ ਲਿੰਗ ਸਮਾਨਤਾ ਨੂੰ ਉਤਸ਼ਾਹਿਤ ਕਰਨਾ ਅਤੇ ਮਹਿਲਾਵਾਂ ਦੇ ਅਧਿਕਾਰਾਂ ਬਾਰੇ ਜਾਗਰੂਕਤਾ ਫੈਲਾਉਣਾ ਹੈ। ਮਹਿਲਾਵਾਂ ਸਾਡੀ ਸਮਾਜ ਦੀ ਮਜ਼ਬੂਤ ਨੀਂਹ ਹਨ। ਉਹ ਘਰ ਦੀ ਸੰਭਾਲ ਕਰਨ ਦੇ ਨਾਲ-ਨਾਲ ਸਿੱਖਿਆ, ਵਿਗਿਆਨ, ਰਾਜਨੀਤੀ, ਖੇਡਾਂ ਅਤੇ ਵਪਾਰ ਜਿਹੇ ਹਰ ਖੇਤਰ ਵਿੱਚ ਅੱਗੇ ਵਧ ਰਹੀਆਂ ਹਨ। ਅੱਜ ਦੀ ਮਹਿਲਾ ਸਿਰਫ਼ ਪਰਿਵਾਰ ਦੀ ਜ਼ਿੰਮੇਵਾਰੀ ਹੀ ਨਹੀਂ ਨਿਭਾਂਦੀ, ਸਗੋਂ ਸਮਾਜ ਦੀ ਤਰੱਕੀ ਵਿੱਚ ਵੀ ਮਹੱਤਵਪੂਰਨ ਭੂਮਿਕਾ ਅਦਾ ਕਰਦੀ ਹੈ।

### ਔਰਤਾਂ ਦਾ ਸਸ਼ਕਤੀਕਰਨ ਇੱਕ ਖੁਸ਼ਹਾਲ ਅਤੇ ਨਿਆਂਪੂਰਨ ਸਮਾਜ ਦੀ ਕੁੰਜੀ ਹੈ : ਕੁਲਵਿੰਦਰ ਕੌਰ ਕੰਪਿਊਟਰ ਅਧਿਆਪਿਕਾ



ਅੰਤਰਰਾਸ਼ਟਰੀ ਮਹਿਲਾ ਦਿਵਸ ਹਰ ਸਾਲ 8 ਮਾਰਚ ਨੂੰ ਮਨਾਇਆ ਜਾਂਦਾ ਹੈ। ਇਹ ਦਿਨ ਦੁਨੀਆ ਭਰ ਦੀਆਂ ਮਹਿਲਾਵਾਂ ਦੀਆਂ ਉਪਲਬਧੀਆਂ, ਉਨ੍ਹਾਂ ਦੇ ਸੰਘਰਸ਼ ਅਤੇ ਸਮਾਜ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਸਨਮਾਨ ਦੇਣ ਲਈ ਸਮਰਪਿਤ ਹੁੰਦਾ ਹੈ । ਮਹਿਲਾਵਾਂ ਨੂੰ ਸਿੱਖਿਆ, ਸੁਰੱਖਿਆ ਅਤੇ ਸਮਾਨ ਅਧਿਕਾਰ ਮਿਲਣ, ਤਾਂ ਸਮਾਜ ਅਤੇ ਦੇਸ਼ ਦੋਵੇਂ ਤੇਜ਼ੀ ਨਾਲ ਤਰੱਕੀ ਕਰ ਸਕਦੇ ਹਨ। ਇਸ ਲਈ ਹਰ ਇੱਕ ਨੂੰ ਮਹਿਲਾਵਾਂ ਦਾ ਸਤਿਕਾਰ ਕਰਨਾ ਅਤੇ ਉਨ੍ਹਾਂ ਦੀ ਤਾਕਤ ਨੂੰ ਮੰਨਣਾ ਚਾਹੀਦਾ ਹੈ। ਮਹਿਲਾਵਾਂ ਸੱਚਮੁੱਚ ਸਮਾਜ ਦੀ ਸ਼ਕਤੀ ਹਨ।

### ਔਰਤਾਂ ਨੂੰ ਬਣਦਾ ਸਤਿਕਾਰ ਅਤੇ ਸਨਮਾਨ ਮਿਲਣਾ ਚਾਹੀਦਾ ਹੈ : ਸੀਮਾ ਰਾਣੀ ਅੰਗਰੇਜੀ ਮਿਸਟਰੈਸ



8 ਮਾਰਚ ਨੂੰ ਦੁਨੀਆ ਭਰ ’ਚ ਔਰਤਾਂ ਨੂੰ ਉਨ੍ਹਾਂ ਦੇ ਬਣਦੇ ਅਧਿਕਾਰ ਅਤੇ ਸਨਮਾਨ ਦੇਣ ਲਈ ਮਹਿਲਾ ਦਿਵਸ ਆਯੋਜਤ ਕੀਤਾ ਜਾ ਰਿਹਾ ਹੈ, ਕਿਉਂਕਿ ਔਰਤ ਆਪਣੀ ਜ਼ਿੰਦਗੀ ’ਚ ਕਈ ਤਰ੍ਹਾਂ ਦੇ ਕਿਰਦਾਰ ਨਿਭਾਉਂਦੀ ਹੈ, ਜਿਸ ’ਚ ਧੀ, ਭੈਣ, ਨੂੰਹ, ਮਾਂ ਅਤੇ ਹੋਰ ਰਿਸ਼ਤੇ ਸ਼ਾਮਲ ਹਨ। ਇਸ ਦਿਵਸ ’ਤੇ ਅਸੀਂ ਵੱਖ-ਵੱਖ ਸਿੱਖਿਆ ਅਤੇ ਹੋਰ ਘਰੇਲੂ ਔਰਤਾਂ ਦੇ ਵਿਚਾਰ ਪੇਸ਼ ਕਰਦੇ ਹਾਂ, ਜਿਨ੍ਹਾਂ ਮਹਿਲਾ ਦਿਵਸ ’ਤੇ ਆਪਣੀਆਂ ਇੱਛਾਵਾਂ ਅਤੇ ਔਰਤਾਂ ਦੇ ਬਣਦੇ ਹੱਕਾਂ ਪ੍ਰਤੀ ਆਪਣੀ ਆਵਾਜ਼ ਬੁਲੰਦ ਕੀਤੀ ਹੈ। ਔਰਤ ਨੇ ਹਰ ਖੇਤਰ ’ਚ ਸਮਾਜ ਨੂੰ ਵਿਕਸਿਤ ਕਰਨ ਲਈ ਜਿਥੇ ਮਰਦ ਦੀ ਮਦਦ ਹੀ ਨਹੀਂ ਕੀਤੀ, ਬਲਕਿ ਬਹੁਤ ਸਾਰੀਆਂ ਔਰਤਾਂ ਪ੍ਰੇਰਨਾ ਸਰੋਤ ਵੀ ਰਹੀਆਂ ਹਨ। ਉਨ੍ਹਾਂ ਕਿਹਾ ਕਿ ਵਰਤਮਾਨ ਸਮੇਂ ’ਚ ਔਰਤਾਂ ਸਿਰਫ ਘਰ ਦੀ ਜ਼ਿੰਮੇਵਾਰੀ ਹੀ ਨਹੀਂ, ਬਲਕਿ ਆਰਥਕ ਜ਼ਿੰਮੇਵਾਰੀਆਂ ਨੂੰ ਵੀ ਬਾਖੂਬੀ ਉਠਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਅੱਜ ਮਹਿਲਾ ਦਿਵਸ ’ਤੇ ਔਰਤਾਂ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ ’ਤੇ ਸਨਮਾਨ ਮਿਲਣਾ ਚਾਹੀਦਾ ਹੈ।

### *ਔਰਤ ਦਾ ਹਰ ਖੇਤਰ ’ਚ ਸਮਾਜ ਲਈ ਆਪਣਾ ਵੱਡਮੁੱਲਾ ਯੋਗਦਾਨ : ਲਖਵਿੰਦਰ ਕੌਰ ਨਿੱਕੂਵਾਲ*



*ਰਾਸ਼ਟਰੀ ਮਹਿਲਾ ਦਿਵਸ ਦਾ ਇਤਿਹਾਸ ਵੀ ਮਹਿਲਾਵਾਂ ਦੇ ਅਧਿਕਾਰਾਂ ਲਈ ਲੜਾਈ ਨਾਲ ਜੁੜਿਆ ਹੋਇਆ ਹੈ। ਪਿਛਲੇ ਸਮੇਂ ਵਿੱਚ ਮਹਿਲਾਵਾਂ ਨੇ ਆਪਣੇ ਹੱਕਾਂ ਲਈ ਬਹੁਤ ਸੰਘਰਸ਼ ਕੀਤਾ। ਉਹਨਾਂ ਨੇ ਬਰਾਬਰ ਤਨਖਾਹ, ਵੋਟ ਦੇ ਅਧਿਕਾਰ ਅਤੇ ਸਮਾਨ ਮੌਕਿਆਂ ਲਈ ਆਵਾਜ਼ ਉਠਾਈ। ਉਨ੍ਹਾਂ ਦੀ ਇਸ ਲੜਾਈ ਨੇ ਅੱਜ ਦੇ ਸਮਾਜ ਨੂੰ ਬਿਹਤਰ ਬਣਾਉਣ ਵਿੱਚ ਵੱਡਾ ਯੋਗਦਾਨ ਦਿੱਤਾ ਹੈ। ਅੱਜ ਵੀ ਕਈ ਥਾਵਾਂ ’ਤੇ ਮਹਿਲਾਵਾਂ ਨੂੰ ਭੇਦਭਾਵ ਅਤੇ ਅਸਮਾਨਤਾ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਲਈ ਅੰਤਰਰਾਸ਼ਟਰੀ ਮਹਿਲਾ ਦਿਵਸ ਸਾਨੂੰ ਯਾਦ ਦਿਵਾਂਦਾ ਹੈ ਕਿ ਸਾਨੂੰ ਮਹਿਲਾਵਾਂ ਦੀ ਇਜ਼ਤ ਕਰਨੀ ਚਾਹੀਦੀ ਹੈ ਅਤੇ ਉਨ੍ਹਾਂ ਨੂੰ ਬਰਾਬਰ ਦੇ ਮੌਕੇ ਦੇਣੇ ਚਾਹੀਦੇ ਹਨ।*

# ਮਹਿਲਾ ਦਿਵਸ ਤਾਂ ਮਹਿਲਾਵਾਂ ਦੀ ਸੁਰੱਖਿਆ ਨਾਲ ਹੀ ਚੰਗਾ ਲੱਗਦਾ..!

ਮਹਿਲਾਵਾਂ ਆਪਣੀ ਸੋਚ ,ਆਪਣੀ ਲਿਆਕਤ ਅਤੇ ਆਪਣੇ ਰੁਤਬੇ ਨੂੰ ਮਜਬੂਤ ਬਣਾਉਣ ਲਈ ਅੱਜ ਬਹੁਤ ਅੱਗੇ ਵੱਧ ਰਹੀਆਂ ਹਨ, ਜਿਸ ਲਈ ਉਹਨਾਂ ਦੀ ਮਿਹਨਤ ਅਤੇ ਪਰਿਵਾਰਿਕ ਸਾਥ ਅਹਿਮ ਸਹਿਯੋਗੀ ਹਨ ਪ੍ਰੰਤੂ ਅੱਜ ਦੇ ਹਾਲਾਤ ਵਿੱਚ ਵੀ ਮਹਿਲਾ ਦਿਵਸ ਤਾਂ ਹੀ ਚੰਗਾ ਲੱਗੇਗਾ ਜੇਕਰ ਅਸੀਂ ਮਹਿਲਾਵਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਵਾਂਗੇ ਕਿਉਂਕਿ ਹਾਲਾਤ ਇਹ ਬਣ ਚੁੱਕੇ ਹਨ ਕਿ ਮਹਿਲਾ ਕਿਤੇ ਵੀ ਸੁਰੱਖਿਆਤ ਨਹੀਂ, ਘਰ ਵਿੱਚ ਕਾਰੋਬਾਰ ਪਰਿਵਾਰ ਨੂੰ ਫਿਰੌਤੀਆਂ ਲਈ ਗੈਂਗਸਟਰਾਂ ਦੇ ਆਉਂਦੇ ਫੋਨ ਕਰਕੇ ਗੈਂਗਸਟਰਾਂ ਦੀ ਦਹਿਸ਼ਤ, ਲੁਟੇਰਿਆਂ ਦਾ ਖੌਫ ,ਰਾਹ ਜਾਂਦਿਆਂ ਲਈ ਲੁੱਟ ਖੋਹ ਦੀਆਂ ਘਟਨਾਵਾਂ, ਨਸ਼ੇੜੀਆਂ ਦੀ ਦਹਿਸ਼ਤ ਅਤੇ ਦਫਤਰਾਂ ਵਿੱਚ ਉਹਨਾਂ ਦੇ ਪ੍ਰਤੀ ਮਾੜੀ ਸੋਚ, ਲਗਾਤਾਰ ਭਾਰੂ ਹੁੰਦੀ ਜਾ ਰਹੀ ਹੈ, ਜਿਸ ਕਰਕੇ 8 ਮਾਰਚ ਨੂੰ ਮਨਾਏ ਜਾਂਦੇ ਮਹਿਲਾ ਦਿਵਸ ਮੌਕੇ ਉਨਾਂ ਸਾਰੀਆਂ ਮਹਿਲਾਵਾਂ ਨੂੰ ਵਧਾਈ ਜੋ ਆਪਣੇ ਰੁਤਬੇ ਨੂੰ ਕਾਇਮ ਰੱਖਣ ਅਤੇ ਆਪਣੇ ਮਾਨ ਸਨਮਾਨ ਨੂੰ ਮਜ਼ਬੂਤ ਲਈ ਹਮੇਸ਼ਾ ਯਤਨਸ਼ੀਲ ਹਨ ਅਤੇ ਉਮੀਦ ਕਰਦੇ ਹਾਂ ਕਿ ਹਰ ਖੇਤਰ ਵਿੱਚ ਕੰਮ ਕਰਨ ਵਾਲੀਆਂ ਮਹਿਲਾਵਾਂ ਨਾਲ ਕੰਮ ਕਰਦੇ ਪੁਰਸ਼ ਉਹਨਾਂ ਨੂੰ ਹਮੇਸ਼ਾ ਉਹਨਾਂ ਦੇ ਮਾਨ ਸਨਮਾਨ ਨੂੰ ਮਜਬੂਤ ਬਣਾਉਣ ,ਉਹਨਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਮਦਦਗਾਰ ਹੋਣਗੇ। ਅੱਜ ਧੀਆਂ ਦੀ ਦਰ ਘੱਟਦੀ ਜਾ ਰਹੀ ਹੈ, ਕਿਉਂਕਿ ਮਾੜੇ ਦੌਰ ਵਿੱਚ ਆਈਆਂ ਅਲਟਰਾਸਾਊਂਡ ਦੀਆਂ ਮਸ਼ੀਨਾਂ ਨੇ ਕੁੜੀ ਮਾਰ ਸੋਚ ਨੂੰ ਮਜਬੂਤ ਬਣਾਇਆ, ਜਿਸ ਕਰਕੇ ਅੱਜ ਔਰਤਾਂ ਦੀ ਗਿਣਤੀ ਘੱਟ ਰਹੀ ਹੈ, ਪਰ ਖੁਸ਼ਹਾਲ ਸਮਾਜ ਤੇ ਮਹਿਲਾਵਾਂ ਦੀ ਤਰੱਕੀ ਲਈ ਉੱਚੀ ਸੋਚ ਵਾਲਾ ਪੰਜਾਬ ਮਹਿਲਾਵਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਹਮੇਸ਼ਾ ਮੋਹਰੀ ਸੂਬਾ ਰਿਹਾ ਹੈ। ਸਾਨੂੰ ਮਾਨ ਹੈ ਅਸੀਂ ਆਪਣੇ ਪੰਜਾਬ ਅਤੇ ਸੱਭਿਅਤਾ ਨੂੰ ਮਜਬੂਤ ਬਣਾਉਣ ਲਈ ਬਣਦਾ ਯੋਗਦਾਨ ਪਾਉਣ ਲਈ ਯਤਨਸ਼ੀਲ ਰਹਿੰਦੀਆਂ ਹਾਂ। ਆਓ ਆਪਾਂ ਮਹਿਲਾ ਦਿਵਸ ਤੇ ਆਪਣੀਆਂ ਮਹਿਲਾਵਾਂ ਦੀ ਸੁਰੱਖਿਆ ,ਧੀਆਂ ਦੇ ਸਤਿਕਾਰ, ਨੂੰਹ ਲਈ ਪਿਆਰ ਵਾਲਾ ਪਰਿਵਾਰ ਅਤੇ ਦਫਤਰਾਂ ਵਿੱਚ ਇੱਕ ਦੋਸਤਾਨਾ ਤੇ ਪਰਿਵਾਰ ਅਤੇ ਸੁਰੱਖਿਆਤ ਮਾਹੌਲ ਬਣਾਕੇ ਮਹਿਲਾਵਾਂ ਦੇ ਕੱਦ ਨੂੰ ਉੱਚਾ ਚੱਕਣ ਦਾ ਪ੍ਰਣ ਕਰੀਏ। ਮਹਿਲਾ ਦਿਵਸ ਦੀ ਸਾਰਿਆਂ ਨੂੰ ਬਹੁਤ ਬਹੁਤ ਵਧਾਈ, ਉਮੀਦ ਕਰਦੇ ਹਾਂ ਕਿ 8 ਮਾਰਚ ਦਾ ਮਹਿਲਾ ਦਿਵਸ ਮਹਿਲਾਵਾਂ ਲਈ ਇੱਕ ਨਵੀਂ ਸੋਚ ਤੇ ਨਵੀਂ ਉਮੀਦ ਲੈ ਕੇ ਆਵੇਗਾ।



**ਅਨੰਤਦੀਪ ਕੌਰ**

# ਮਹਿਲਾ ਦਿਵਸ ਤੇ ਵਿਸ਼ੇਸ਼: ਔਰਤ ਅਬਲਾ ਨਹੀਂ ਜਗਤ ਜਨਣੀ ਹੈ, ਔਰਤ ਸਮਾਜ ਦੀ ਸਿਰਜਨਾ ਦਾ ਮੁੱਢ ਹੈ

ਅੱਜ ਦੀ ਔਰਤ ਨੂੰ ਅਗਰ ਸਮਾਜ ਦੀ ਸਿਰਜਨਾ ਦਾ ਮੁੱਢ ਕਿਹਾ ਜਾਵੇ ਤਾਂ ਕੋਈ ਅਥਕਥਨੀ ਨਹੀਂ ਹੋਵੇਗੀ। ਕਿਉਂਕਿ ਔਰਤ ਸਮਾਜ ਦੀ ਸਿਰਜਨਾ ਦਾ ਮੁੱਢ ਹੁੰਦੀ ਹੈ ਉਹ ਚਾਹੇ ਸਮਾਜ ਨੂੰ ਕੋਈ ਵੀ ਸੇਧ ਦੇ ਸਕਦੀ ਹੈ ਅਗਰ ਨਾਰੀ ਸਿਖਿਸ਼ਤ ਹੋਵੇਗੀ ਤਾਂ ਹੀ ਵਧੀਆ ਸਮਾਜ ਦੀ ਸਿਰਜਨਾ ਹੋ ਸਕਦੀ ਹੈ। ਇਸ ਲਈ ਅੱਜ ਔਰਤ ਨੂੰ ਘਰੇਲੂ ਕੰਮ ਕਾਜ ਦੇ ਨਾਲ ਸਿਖਿਸ਼ਤ ਹੋਣਾ ਵੀ ਬਹੁਤ ਜਰੂਰੀ ਹੈ। ਔਰਤ ਪ੍ਰਮਾਤਮਾ ਵਲੋਂ ਨਿਵਾਜਿਆ ਗਿਆ ਅਨਮੋਲ ਤੋਹਫਾ ਹੈ ਜਿਸ ਨੂੰ ਜਗਤ ਜਨਣੀ ਜਿਹੇ ਸਬਦਾਂ ਨਾਲ ਸਤਿਕਾਰ ਦਿਤਾ ਗਿਆ ਹੈ ਬਾਣੀ ਵਿੱਚ ਕਿਹਾ ਹੈ ਕਿ ਸੋ ਕਿਉਂ ਮੰਦਾ ਆਖੀਐ, ਜਿਤੁ ਜੰਮਿਹ ਰਾਜਾਨ। ਜਿਸ ਦੇਸ਼ ਵਿਚ ਔਰਤ ਦਾ ਸਨਮਾਨ ਨਹੀਂ ਹੁੰਦਾ ਉਹ ਦੇਸ਼ ਕਦੇ ਤਰੱਕੀ ਨਹੀਂ ਕਰ ਸਕਦਾ। ਅੱਜ ਦੀ ਔਰਤ ਅਬਲਾ ਨਹੀਂ ਰਹੀ ਆਪਣੇ ਬਲਬੂਤੇ ਤੇ ਆਸਮਾਨ ਵਿਚ ਉਡਾਰੀਆਂ ਮਾਰ ਰਹੀ ਹੈ। ਇਸ ਲਈ ਸਮਾਜ ਨੇ ਨਾਰੀ ਸ਼ਕਤੀ ਦੀ ਅਹਿਮੀਅਤ ਨੂੰ ਪਰਵਾਨ ਕਰਦਿਆਂ ਸੰਸਾਰ ਵਿਚ ਵੱਖ ਵੱਖ ਖੇਤਰਾਂ ਵਿਚ ਉਪਲੱਬਦੀ ਹਾਸਲ ਕਰ ਚੁੱਕੀਆਂ ਮਹਿਲਾਵਾਂ ਨੂੰ ਸਨਮਾਨ ਦੇਣ ਲਈ ਕੌਮਾਂਤਰੀ ਪੱਧਰ ਤੇ ਖਾਸ ਦਿਨ ਨਿਸਚਤ ਕੀਤਾ ਗਿਆ ਜਿਸ ਨੂੰ ਮਹਿਲਾ ਦਿਵਸ ਦਾ ਨਾਮ ਦਿੱਤਾ ਗਿਆ। ਇਹ ਦਿਨ ਸਾਨੂੰ ਯਾਦ ਦਿਲਾਉਂਦਾ ਹੈ ਕਿ ਨਾਰੀ ਬਿਨਾਂ ਸੰਸਾਰ ਅਧੂਰਾ ਹੈ। ਕਿਹਾ ਜਾਂਦਾ ਹੈ ਕਿ ਕੌਮਾਂਤਰੀ ਮਹਿਲਾ ਦਿਵਸ ਦੀ ਸੁਰੂਆਤ ਫਰਾਂਸੀਸੀ ਕ੍ਰਾਂਤੀ ਦੌਰਾਨ ਲੀਸਿਸਟ੍ਰਟਾ ਨਾਂ ਦੀ ਮਹਿਲਾ ਨੇ ਯੁੱਧ ਖਤਮ ਕਰਨ ਦੀ ਮੰਗ ਲੈ ਕੇ ਇਸ ਅੰਦੋਲਨ ਦੀ ਸੁਰੂਆਤ ਕੀਤੀ ਸੀ ਸਮੂਹ ਔਰਤਾਂ ਨੇ ਯੁੱਧ ਦੌਰਾਨ ਔਰਤਾਂ ਤੇ ਹੁੰਦੇ ਅਤਿਆਚਾਰ ਨੂੰ ਰੋਕਣ ਦੇ ਉਦੇਸ ਨਾਲ ਇੱਕ ਅੰਦੋਲਨ ਕੀਤਾ ਸੀ। ਉਸ ਸਮੇ ਪਹਿਲੀ ਵਾਰ ਅਮਰੀਕਾ ਵਿਚ ਇਹ ਦਿਨ 28 ਫਰਵਰੀ 1990 ਵਿਚ ਮਹਿਲਾ ਦਿਵਸ ਵਜੋਂ ਮਨਾਇਆ ਗਿਆ। ਉਸ ਤੋਂ ਬਾਅਦ ਇਸ ਦਿਵਸ ਨੂੰ ਸਾਲਾਨਾ ਉਤਸਵ ਦੇ ਤੌਰ ਤੇ ਮਨਾਉਣ ਲਈ ਰੂਪ ਰੇਖਾ ਉਲੀਕੀ ਗਈ ਅਤੇ ਔਰਤਾਂ ਨੂੰ ਬਰਾਬਰੀ ਦਾ ਅਧਿਕਾਰ ਦੇਣ ਲਈ 19 ਮਾਰਚ 1911 ਨੂੰ ਕਈ ਦੇਸਾਂ ਵਿਚ ਇਹ ਦਿਨ ਮਨਾਇਆ ਗਿਆ। 1914 ਵਿਚ ਸਿਡਨੀ ਵਿਚ ਔਰਤਾਂ ਵਲੋਂ ਇੱਕ ਰੈਲੀ ਦੌਰਾਨ 8ਮਾਰਚ ਨੂੰ ਮਹਿਲਾ ਦਿਵਸ ਕੌਮਾਂਤਰੀ ਪੱਧਰ ਤੇ ਮਨਾਉਣ ਦਾ ਪ੍ਰਸਤਾਵ ਰਖਿਆ ਗਿਆ। ਉਸ ਦਿਨ ਤੋਂ ਇਹ ਵਿਸੇਸ਼ ਦਿਨ ਭਾਰਤ ਵਿਚ ਵੀ ਹਰ ਸਾਲ 8 ਮਾਰਚ ਨੂੰ ਮਨਾਇਆ ਜਾਂਦਾ ਹੈ। ਅੱਜ ਪੁਰਸ਼ ਵੀ ਆਪਣੇ ਨਾਲ ਔਰਤਾਂ ਵਲੋਂ ਦਿੱਤੇ ਜਾ ਰਹੇ ਯੋਗਦਾਨ ਤੇ ਮਾਣ ਮਹਿਸੂਸ ਕਰਦੇ ਹਨ। ਅੱਜ ਦੀ ਔਰਤ ਸ਼ਕਤੀ, ਖੁਸ਼ਹਾਲੀ ਦਾ ਦੂਜਾ ਨਾ ਹੈ। ਕਿਹਾ ਜਾਂਦਾ ਹੈ ਕਿ ਹਰ ਪੁਰਸ਼ ਦੀ ਕਾਮਯਾਬੀ ਪਿਛੇ ਔਰਤ ਦੇ ਯੋਗਦਾਨ ਦੀ ਕਹਾਣੀ ਛੁਪੀ ਹੁੰਦੀ ਹੈ। ਔਰਤ




ਅਤੇ ਪੁਰਸ਼ ਗੱਡੀ ਦੇ ਦੋ ਪਹੀਏ ਹੁੰਦੇ ਹਨ ਅਗਰ ਇਕ ਪਹੀਆ ਕਮਜੋਰ ਪੈ ਜਾਵੇ ਤਾਂ ਗੱਡੀ ਦੀ ਰਫਤਾਰ ਰੁੱਕ ਜਾਂਦੀ ਹੈ। ਪਰ ਸਮਾਜ ਵਿਚ ਅਜੇ ਵੀ ਔਰਤਾਂ ਨਾਲ ਕਈ ਖੇਤਰਾਂ ਵਿਚ ਮਾੜਾ ਸਲੂਕ ਕੀਤਾ ਜਾਂਦਾ ਹੈ,ਲੜਕੀ ਨੂੰ ਕੁੱਖ ਵਿਚ ਹੀ ਮਾਰ ਦਿਤਾ ਜਾਂਦਾ ਹੈ, ਅਜੇ ਵੀ ਬਲਾਤਕਾਰ ਜਿਹੇ ਹਾਦਸੇ ਵਾਪਰ ਰਹੇ ਹਨ। ਫਿਰ ਵੀ ਇਨਾਂ ਹਾਦਸਿਆਂ ਦਾ ਟਾਕਰਾ ਕਰਦੀ ਹੋਈ ਔਰਤ ਆਪਣਾ ਰੁਤਬਾ ਬਣਾਉਣ ਵਿਚ ਕਾਮਯਾਬ ਹੋ ਰਹੀ ਹੈ। ਇਸ ਲਈ ਅੱਜ ਔਰਤਾਂ ਆਪਣੀ ਕਾਬਲੀਅਤ ਦੇ ਅਨੁਸਾਰ ਵੱਖ ਵੱਖ ਖੇਤਰਾਂ ਵਿਚ ਕੰਮ ਕਰਦੇ ਹੋਏ ਆਪਣੇ ਪਰਿਵਾਰ, ਸਮਾਜ ਅਤੇ ਦੇਸ਼ ਦੀ ਤਰੱਕੀ ਵਿਚ ਆਪਣਾ ਯੋਗਦਾਨ ਪਾ ਰਹੀਆਂ ਹਨ। ਔਰਤ ਦੇ ਮਜਬੂਤ ਇਰਾਦਿਆਂ ਅਤੇ ਨਵੀਂ ਸੋਚ ਕਾਰਨ ਅਤੇ ਕੁੱਝ ਕਰਨ ਦੇ ਜਜਬੇ ਕਾਰਨ ਨਾਰੀ ਨੂੰ ਇੱਕ ਨਵੀਂ ਪਛਾਣ ਮਿਲੀ ਹੈ। ਚਾਰ ਦਿਵਾਰੀ ਵਿਚੋਂ ਨਿਕਲ ਕੇ ਔਰਤ ਅੱਜ ਅਸਮਾਨ ਦੀਆਂ ਬੁਲੰਦੀਆਂ ਨੂੰ ਛੂਹ ਰਹੀ ਹੈ। ਪੁਰਸ਼ ਦੇ ਮੋਢੇ ਨਾਲ ਮੋਢਾ ਜੋੜ ਕੇ ਹਰ ਕੰਮ ਵਿਚ ਸਫਲ ਹੋ ਰਹੀ ਹੈ। ਜਿਸ ਕਾਰਨ ਪੂਰੇ ਸੰਸਾਰ ਵਿਚ ਨਾਰੀ ਦਾ ਬੋਲਬਾਲਾ ਹੈ ਜੋ ਔਰਤ ਦੀ ਹਿੰਮਤ ਅਤੇ ਜਜਬੇ ਦਾ ਪ੍ਰਤੀਕ ਹੈ। ਨਾਰੀ ਹਮੇਸਾਂ ਹੀ ਸਨਮਾਨ ਦੀ ਹੱਕਦਾਰ ਰਹੀ ਹੈ। ਕੌਮਾਤਰੀ ਮਹਿਲਾ ਦਿਵਸ ਮਨਾ ਕੇ ਅਸੀਂ ਔਰਤ ਦੇ ਜਜਬੇ ਨੂੰ ਸਲਾਮ ਕਰਦੇ ਹਾਂ ਇਸ ਲਈ ਮਹਿਲਾ ਦਿਵਸ ਤੇ ਨਾਰੀ ਦਾ

ਸਨਮਾਨ ਜਰੂਰ ਕਰੋ ਪਰ ਇਹ ਸਨਮਾਨ ਇੱਕ ਦਿਨ ਲਈ ਸੀਮਤ ਨਹੀਂ ਰਹਿਣਾ ਚਾਹੀਦਾ। ਕਿਉਕਿ ਬੇਸ਼ਕ ਔਰਤਾਂ ਸਮਾਜਿਕ ਅਤੇ ਵਿਵਹਾਰਕ ਤੌਰ ਤੇ ਖੁਸ਼ਹਾਲ ਅਤੇ ਸਫਲ ਨਜਰ ਆਉਂਦੀਆਂ ਹਨ ਪਰ ਅਜੇ ਵੀ ਆਪਣੀ ਨਿੱਜੀ ਜਿੰਦਗੀ ਵਿਚ ਸੰਤੁਸ਼ਟ ਅਤੇ ਖੁਸ਼ੀ ਮਹਿਸੂਸ ਨਹੀਂ ਕਰਦੀਆਂ। ਉਨਾਂ ਦੀ ਸਫਲਤਾ ਦਾ ਅਨੰਦ ਉਸ ਮੰਚ ਤੱਕ ਹੀ ਸੀਮਤ ਰਹਿ ਜਾਂਦਾ ਹੈ ਮੰਚ ਤੋਂ ਉਤਰਦੇ ਹੀ ਘਰ ਦੀਆਂ ਜਿਮੇਵਾਰੀਆਂ ਉਸ ਨੂੰ ਵੱਖਰਾ ਆਸਮਾਨ ਲੱਭਣ ਲਈ ਮਜਬੂਰ ਕਰ ਦਿੰਦੀਆਂ ਹਨ। ਸਰਕਾਰਾਂ ਵੀ ਸਾਲ ਵਿਚ ਮਹਿਲਾ ਦਿਵਸ ਮਨਾ ਕੇ ਕਾਗਜੀ ਕਾਰਵਾਈ ਪੂਰੀ ਕਰਦੀਆਂ ਹਨ ਪਰ ਅਮਲੀ ਰੂਪ ਵਿਚ ਸਰਕਾਰਾਂ ਔਰਤਾਂ ਪ੍ਰਤੀ ਗੰਭੀਰ ਨਹੀਂ ਹਨ। ਜਿਸ ਦਾ ਮੁਖ ਕਾਰਨ ਜਿਆਦਾਤਰ ਘਰੇਲੂ ਔਰਤਾਂ ਦਾ ਸਿਖਿਸ਼ਤ ਨਾ ਹੋਣਾ। ਇਸ ਲਈ ਹਰ ਔਰਤ ਨੂੰ ਸਮਝਣਾ ਚਾਹੀਦਾ ਹੈ ਕਿ ਉਸ ਦੀ ਆਪਣੀ ਸ਼ਾਨ ਹੈ, ਆਪਣੀ ਹੋਂਦ ਹੈ ਉਸ ਨੂੰ ਆਪਣੇ ਢੰਗ ਨਾਲ ਜਿਉਣ ਦਾ ਪੂਰਾ ਹੱਕ ਹੈ। ਹਰ ਮਾਤਾ ਪਿਤਾ ਨੂੰ ਚਾਹੀਦਾ ਹੈ ਕਿ ਆਪਣੀ ਲੜਕੀਆਂ ਨੂੰ ਚੰਗੀ ਸਿਖਿਆ ਦੇ ਕੇ ਇਸ ਕਾਬਿਲ ਬਣਾਏ ਤਾਂ ਕਿ ਉਹ ਸਮਾਜ ਵਿਚ ਆਪਣਾ ਅਤੇ ਆਪਣੇ ਮਾਤਾ ਪਿਤਾ ਦਾ ਨਾ ਰੋਸ਼ਨ ਕਰ ਸਕੇ ਅਤੇ ਆਪਣੇ ਹੱਕਾਂ ਲਈ ਸਮਾਜ ਦਾ ਟਾਕਰਾ ਕਰ ਸਕੇ। ਅਗਰ ਹਰ ਘਰ ਵਿਚ ਔਰਤ ਦਾ ਸਨਮਾਨ ਹੋਵੇ ਫਿਰ ਹੀ ਮਹਿਲਾ ਦਿਵਸ ਦਾ ਮੰਤਵ ਪੂਰਾ ਹੋਵੇਗਾ।

**ਰਾਜਿੰਦਰ ਪ੍ਰਸਾਦ**
**ਸਿੰਗਲਾ ਬਰਨਾਲਾ**
**95013 42000**



# ਖਾਲਸੇ ਦੀ ਜਨਮ ਭੂਮੀ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਨੌਵੇਂ ਪਾਤਸ਼ਾਹ ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਨਾਮ 'ਤੇ ਬਣੇਗੀ ਵਿਸ਼ਵ ਪੱਧਰੀ ਯੂਨੀਵਰਸਿਟੀ - ਹਰਜੋਤ ਸਿੰਘ ਬੈਂਸ

## ਪੰਜਾਬ ਕੈਬਨਿਟ ਦੀ ਬੈਠਕ ਵਿੱਚ ਯੂਨੀਵਰਸਿਟੀ ਦੀ ਸਥਾਪਨਾ ਨੂੰ ਮਿਲੀ ਮੰਜ਼ੂਰੀ - ਕੈਬਨਿਟ ਮੰਤਰੀ

**ਸ਼੍ਰੀ ਅਨੰਦਪੁਰ ਸਾਹਿਬ, 7 ਮਾਰਚ (ਸੈਣੀ ਨਿੱਕੂਵਾਲ/ ਰਾਣਾ ਹਰੀਵਾਲ)** ਮੁੱਖ ਮੰਤਰੀ ਪੰਜਾਬ ਸ੍. ਭਗਵੰਤ ਸਿੰਘ ਮਾਨ ਜੀ ਦੀ ਅਗਵਾਈ ਹੇਠ ਹੋਈ ਪੰਜਾਬ ਕੈਬਨਿਟ ਦੀ ਮੀਟਿੰਗ ਵਿੱਚ ਖਾਲਸੇ ਦੀ ਜਨਮ ਭੂਮੀ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਹਿੰਦ ਦੀ ਚਾਦਰ ਨੌਵੇਂ ਪਾਤਸ਼ਾਹ ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਨਾਮ 'ਤੇ ਵਿਸ਼ਵ ਪੱਧਰੀ ਯੂਨੀਵਰਸਿਟੀ ਦੀ ਸਥਾਪਨਾ ਨੂੰ ਕੈਬਨਿਟ ਵੱਲੋਂ ਮੰਜ਼ੂਰੀ ਦੇ ਦਿੱਤੀ ਗਈ ਹੈ।ਇਸ ਸੰਬੰਧੀ ਹੋਰ ਜਾਣਕਾਰੀ ਦਿੰਦਿਆਂ ਸ਼੍ਰੀ ਅਨੰਦਪੁਰ ਸਾਹਿਬ ਤੋਂ ਹਲਕਾ ਵਿਧਾਇਕ ਅਤੇ ਸਿੱਖਿਆ ਮੰਤਰੀ ਪੰਜਾਬ ਸ੍. ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਨੌਵੇਂ ਪਾਤਸ਼ਾਹ ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ 350 ਸਾਲਾ ਸ਼ਹੀਦੀ ਦਿਹਾੜਾ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਪੰਜਾਬ ਸਰਕਾਰ ਵੱਲੋਂ ਬਹੁਤ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ ਸੀ ਅਤੇ ਗੁਰਮਤਿ ਸਮਾਗਮ ਵੀ ਕਰਵਾਏ ਗਏ ਸਨ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸ੍. ਭਗਵੰਤ ਸਿੰਘ



ਮਾਨ ਵੱਲੋਂ ਸਮਾਗਮਾਂ ਦੇ ਆਖ਼ਰੀ ਦਿਨ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਨਾਮ 'ਤੇ ਵਿਸ਼ਵ ਪੱਧਰੀ ਯੂਨੀਵਰਸਿਟੀ ਬਣਾਉਣ ਦਾ ਐਲਾਨ ਕੀਤਾ ਗਿਆ ਸੀ, ਜਿਸ ਨੂੰ ਹੁਣ ਅਮਲੀ ਜਾਮਾ ਪਹਿਨਾਇਆ ਜਾ ਰਿਹਾ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਅੱਜ ਹੋਈ ਕੈਬਨਿਟ ਦੀ ਮੀਟਿੰਗ ਵਿੱਚ ਯੂਨੀਵਰਸਿਟੀ ਦੀ ਸਥਾਪਨਾ ਨੂੰ ਮੰਜ਼ੂਰੀ ਦੇ ਦਿੱਤੀ ਗਈ ਹੈ, ਜਿਸ ਲਈ ਉਹ ਮੁੱਖ ਮੰਤਰੀ ਪੰਜਾਬ ਸ੍. ਭਗਵੰਤ ਸਿੰਘ ਮਾਨ ਜੀ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਸ਼੍ਰੀ ਅਨੰਦਪੁਰ ਸਾਹਿਬ ਨੂੰ ਯੂਨੀਵਰਸਿਟੀ ਦੇ ਰੂਪ ਵਿੱਚ ਇੱਕ ਵੱਡਾ ਤੋਹਫਾ ਦਿੱਤਾ ਹੈ ਜਿਸ ਲਈ ਹਲਕਾ ਵਾਸੀ ਵੀ ਉਨਾਂ ਦਾ ਦਿਲੋਂ ਧੰਨਵਾਦ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਯੂਨੀਵਰਸਿਟੀ ਅਤਿ ਆਧੁਨਿਕ ਤਕਨੀਕਾਂ ਨਾਲ ਲੈਸ ਹੋਵੇਗੀ ਤੇ ਬੱਚਿਆਂ ਨੂੰ ਨਵੀਂ ਤਕਨਾਲੋਜੀ ਨਾਲ ਪੜ੍ਹਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਯੂਨੀਵਰਸਿਟੀ ਇਲਾਕੇ ਦੇ ਨੌਜਵਾਨਾਂ ਨੂੰ ਜਿੱਥੇ ਉੱਚ ਪੱਧਰੀ ਸਿੱਖਿਆ ਦਾ ਮੌਕਾ ਪ੍ਰਦਾਨ ਕਰੇਗੀ, ਉੱਥੇ ਹੀ ਵਿਸ਼ਵ ਪੱਧਰ 'ਤੇ ਸ਼੍ਰੀ ਅਨੰਦਪੁਰ ਸਾਹਿਬ ਦੀ ਇੱਕ ਨਵੀਂ ਪਹਿਚਾਣ ਵੀ ਬਣਾਵੇਗੀ। ਕੈਬਨਿਟ ਮੰਤਰੀ ਨੇ ਕਿਹਾ ਕਿ ਜਲਦ ਹੀ ਇਸ ਯੂਨੀਵਰਸਿਟੀ ਸੰਬੰਧੀ ਹੋਰ ਮਹੱਤਵਪੂਰਨ ਜਾਣਕਾਰੀਆਂ ਵੀ ਸਾਂਝੀਆਂ ਕਰ ਦਿੱਤੀਆਂ ਜਾਣਗੀਆਂ।

# ਪੰਜਾਬ ਬਚਾਓ ਵਿਸ਼ਾਲ ਰੈਲੀ ਰਚੇਗੀ ਇਤਿਹਾਸ- ਰੋਜ਼ੀ ਬਰਕੰਦੀ

## 06 ਅਪ੍ਰੈਲ ਦੀ ਪੰਜਾਬ ਬਚਾਓ ਰੈਲੀ ਨੂੰ ਸਫਲ ਬਣਾਉਣ ਲਈ ਤਿਆਰੀਆਂ ਵਿੱਢਣ ਦਾ ਦਿੱਤਾ ਸੱਦਾ

## ਭਾਈ ਮਹਾਂ ਸਿੰਘ ਦੀਵਾਨ ਹਾਲ ਵਿਖੇ ਰੋਜ਼ੀ ਬਰਕੰਦੀ ਦੀ ਅਗਵਾਈ ਹੇਠ ਹੋਈ ਸ੍ਰੋਮਣੀ ਅਕਾਲੀ ਦਲ ਦੀ ਮੀਟਿੰਗ



**ਸ੍ਰੀ ਮੁਕਤਸਰ ਸਾਹਿਬ, 07 ਮਾਰਚ (ਰਵੀਨਾ ਅਰੋੜਾ)** ਆਉਂਦੀ 06 ਅਪ੍ਰੈਲ ਨੂੰ ਸ੍ਰੀ ਮੁਕਤਸਰ ਸਾਹਿਬ ਹਲਕੇ 'ਚ ਹੋਣ ਜਾ ਰਹੀ ਪੰਜਾਬ ਬਚਾਓ ਵਿਸ਼ਾਲ ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਅੱਜ ਭਾਈ ਮਹਾਂ ਸਿੰਘ ਦੀਵਾਲ ਹਾਲ ਵਿਖੇ ਸ੍ਰੋਮਣੀ ਅਕਾਲੀ ਦਲ ਵੱਲੋਂ ਜਿਲਾ ਪ੍ਰਧਾਨ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਦੀ ਅਗਵਾਈ ਹੇਠ ਵਰਕਰ ਮੀਟਿੰਗ ਹੋਈ। ਜਿਸ ਚ ਰੋਜ਼ੀ ਬਰਕੰਦੀ ਵੱਲੋਂ ਇਸ ਰੈਲੀ ਨੂੰ ਸਫਲ ਬਣਾਉਣ ਲਈ ਕਮਰ ਕਸਣ ਦੀ ਗੱਲ ਤੇ ਜ਼ੋਰ ਦਿੱਤਾ ਗਿਆ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਰੋਜ਼ੀ ਬਰਕੰਦੀ ਨੇ ਕਿਹਾ ਕਿ ਇਹ ਰੈਲੀ ਇਤਿਹਾਸਕ ਸਾਬਤ ਹੋਵੇਗੀ। ਇਸ ਰੈਲੀ ਨੂੰ ਲੈ ਕੇ ਵਰਕਰਾਂ ਦਾ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ ਤੇ ਅੱਜ ਦੀ ਮੀਟਿੰਗ ਚ ਹੋਏ ਭਰਵੇਂ ਇੱਕਠ ਨੇ ਸਾਬਤ ਕਰ ਦਿੱਤਾ ਹੈ ਕਿ ਵਰਕਰ ਸ੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਲਈ ਤਿਆਰ ਨੇ। ਰੋਜ਼ੀ ਬਰਕੰਦੀ ਨੇ ਕਿਹਾ ਕਿ ਜ਼ੇਕਰ ਪੰਜਾਬ ਦਾ ਭਲਾ ਚਾਹੁੰਦੇ ਹੋ ਤੇ ਪੰਜਾਬ ਨੂੰ ਬਚਾਉਣਾ ਚਾਹੁੰਦੇ ਹੋ ਤਾਂ ਐਤਕੀ ਸ੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਓ। ਉਨਾਂ ਦੱਸਿਆ ਕਿ 06 ਅਪ੍ਰੈਲ ਦੀ ਇਹ ਰੈਲੀ ਮਲੋਟ ਰੋਡ ਬਾਈਪਾਸ ਸਥਿਤ ਮੇਲਾ ਮਾਘੀ ਵਾਲੀ ਥਾਂ ਤੇ ਹੀ ਹੋਵੇਗੀ। ਜਿੱਥੇ ਮਾਘੀ ਕਾਨਫਰੰਸ ਹੋਇਆ ਕਰਦੀ ਹੈ। ਇਸ ਲਈ ਵਰਕਰ ਹੁਣ ਤਿਆਰੀਆਂ ਚ ਲੱਗ ਪੈਣ ਤੇ ਕੋਈ ਇਸ ਰੈਲੀ ਤੱਕ ਛੁੱਟੀ ਨਾ ਮਾਰੇ। ਉਨਾਂ ਕਿਹਾ ਕਿ ਇਸ ਰੈਲੀ ਮਗਰੋਂ ਆਉਂਦੀ ਸਰਕਾਰ ਬਣਾਉਣ ਦੀਆਂ ਤਿਆਰੀਆਂ ਸ਼ੁਰੂ ਕਰਨੀਆਂ ਨੇ ਤੇ ਇਸ ਰੈਲੀ ਮਗਰੋਂ ਦੋ ਮਹੀਨੇ ਵਰਕਰ ਜਿੱਧਰ ਮਰਜ਼ੀ ਘੁੰਮ ਆਉਣ ਪਰ ਇਸ ਮਗਰੋਂ ਚੋਣਾਂ ਚ ਰੁੱਝ ਜਾਣ।

ਇਸ ਮੌਕੇ ਇਸਤਰੀ ਅਕਾਲੀ ਦਲ ਦੀ ਕੌਮੀ ਪ੍ਰਧਾਨ ਹਰਗੋਬਿੰਦ ਕੌਰ, ਜਗਜੀਤ ਸਿੰਘ ਹਨੀ ਫੱਤਣਵਾਲਾ, ਹਰਪਾਲ ਸਿੰਘ ਬੇਦੀ, ਗੁਰਦੀਪ ਸਿੰਘ ਮੜਮੱਲੂ, ਹੀਰਾ ਸਿੰਘ ਚੜੇਵਾਨ,ਨਵਤੇਜ ਕਾਉਣੀ, ਜਗਤਾਰ ਸਿੰਘ ਪੱਪੀ ਥਾਂਦੇਵਾਲਾ, ਟੇਕ ਚੰਦ ਬੱਤਰਾ, ਬਲਦੇਵ ਸਿੰਘ ਬੱਲਮਗੜ, ਸੁਰਿੰਦਰ ਸਿੰਘ ਛਿੰਦੀ, ਜਗਵੰਤ ਸਿੰਘ ਲੰਬੀ, ਚਰਨਜੀਤ ਸੱਕਾਂਵਾਲੀ ਸਮੇਤ ਵੱਡੀ ਗਿਣਤੀ ਚ ਵਰਕਰ ਮੌਜੂਦ ਸਨ। ਇਸ ਮੌਕੇ ਮੰਚ ਸੰਚਾਲਨ ਬਿੰਦਰ ਗੋਨਿਆਣਾ ਨੇ ਕੀਤਾ।

# ਪਾਤੜਾਂ ਇਲਾਕੇ ਵਿੱਚ ਰਹਿ ਰਹੇ ਕਈ ਪ੍ਰਵਾਸੀ ਮਜ਼ਦੂਰਾਂ ਦੀ ਪੁਲਿਸ ਥਾਣੇ ਵਿੱਚ ਆਈਡੀ ਦਰਜ ਨਹੀਂ

**ਪਾਤੜਾਂ, 7 ਮਾਰਚ (ਜਸਵਿੰਦਰ ਸਿੰਘ ਪਾਰਸ)** - ਪਾਤੜਾਂ ਇਲਾਕੇ ਅੰਦਰ ਉੱਤਰ ਪ੍ਰਦੇਸ਼, ਬਿਹਾਰ ਅਤੇ ਜੰਮੂ ਕਸ਼ਮੀਰ ਤੋਂ ਆਏ ਕਈ ਪ੍ਰਵਾਸੀ ਮਜ਼ਦੂਰ ਵੱਡੀ ਗਿਣਤੀ ਵਿੱਚ ਕਿਰਾਏ ਦੇ ਮਕਾਨਾਂ ਵਿੱਚ ਰਹਿ ਰਹੇ ਹਨ, ਪਰ ਉਨ੍ਹਾਂ ਵਿੱਚੋਂ ਬਹੁਤ ਸਾਰੇ ਲੋਕਾਂ ਦੀ ਪਛਾਣ ਸੰਬੰਧੀ ਜਾਣਕਾਰੀ ਅਜੇ ਤੱਕ ਪੁਲਿਸ ਥਾਣੇ ਵਿੱਚ ਦਰਜ ਨਹੀਂ ਕਰਵਾਈ ਗਈ।

ਜ਼ਿਕਰਯੋਗ ਹੈ ਕਿ ਪੁਲਿਸ ਵੱਲੋਂ ਮਕਾਨ ਮਾਲਕਾਂ ਨੂੰ ਸਖ਼ਤ ਨਿਰਦੇਸ਼ ਜਾਰੀ ਕੀਤੇ ਜਾਂਦੇ ਹਨ ਕਿ ਜਦੋਂ ਵੀ ਉਹ ਆਪਣਾ ਮਕਾਨ ਕਿਰਾਏ 'ਤੇ ਦੇਣ, ਤਾਂ ਸਭ ਤੋਂ ਪਹਿਲਾਂ ਕਿਰਾਏਦਾਰ ਦੀ ਪਛਾਣ ਅਤੇ ਆਈਡੀ ਸੰਬੰਧੀ ਜਾਣਕਾਰੀ ਨਜ਼ਦੀਕੀ ਪੁਲਿਸ ਥਾਣੇ ਵਿੱਚ ਦਰਜ ਕਰਵਾਈ ਜਾਵੇ। ਇਸ ਦੇ ਬਾਵਜੂਦ ਕਈ ਮਕਾਨ ਮਾਲਕ ਕਿਰਾਏਦਾਰਾਂ ਤੋਂ ਕੋਈ ਪੱਕਾ ਪਰੂਫ ਨਹੀਂ ਲੈ ਰਹੇ ਅਤੇ ਨਾ ਹੀ ਉਨ੍ਹਾਂ ਦੀ ਪੁਲਿਸ ਵੱਲੋਂ ਤਸਦੀਕ ਕਰਵਾ ਰਹੇ ਹਨ।

ਇਸ ਕਾਰਨ ਕਈ ਵਾਰ ਬਾਹਰਲੇ ਸੂਬਿਆਂ ਤੋਂ ਆਏ ਲੋਕ ਕਿਸੇ ਘਟਨਾ ਜਾਂ ਅਪਰਾਧ ਨੂੰ ਅੰਜਾਮ ਦੇ ਕੇ ਇਲਾਕੇ ਤੋਂ ਚਲੇ ਜਾਂਦੇ ਹਨ, ਜਿਸ ਨਾਲ ਬਾਅਦ ਵਿੱਚ ਉਨ੍ਹਾਂ ਦੀ ਭਾਲ ਕਰਨਾ ਪੁਲਿਸ ਲਈ ਮੁਸ਼ਕਲ ਬਣ ਜਾਂਦਾ ਹੈ। ਇਸ ਮਾਮਲੇ ਵਿੱਚ ਕਈ ਵਾਰ ਪੁਲਿਸ ਪ੍ਰਸ਼ਾਸਨ ਦੀ ਢਿੱਲੀ ਕਾਰਗੁਜ਼ਾਰੀ ਵੀ ਸਾਹਮਣੇ ਆਉਂਦੀ ਰਹੀ ਹੈ।

ਹੁਣ ਦੇਖਣਾ ਇਹ ਹੋਵੇਗਾ ਕਿ ਪਾਤੜਾਂ ਇਲਾਕੇ ਵਿੱਚ ਰਹਿ ਰਹੇ ਉੱਤਰ ਪ੍ਰਦੇਸ਼, ਬਿਹਾਰ ਅਤੇ ਜੰਮੂ ਕਸ਼ਮੀਰ ਤੋਂ ਆਏ ਪ੍ਰਵਾਸੀ ਲੋਕਾਂ ਦੀ ਪੁਲਿਸ ਵੱਲੋਂ ਪ੍ਰੌਪਰ ਜਾਂਚ ਅਤੇ ਰਿਕਾਰਡ ਦਰਜ ਕਰਨ ਦੀ ਕਾਰਵਾਈ ਕੀਤੀ ਜਾਂਦੀ ਹੈ ਜਾਂ ਫਿਰ ਇਹ ਮਾਮਲਾ ਇਸੇ ਤਰ੍ਹਾਂ ਲਗਾਤਾਰ ਚੱਲਦਾ ਰਹੇਗਾ।

# ਪਾਤੜਾਂ ਵਿੱਚ ਟਰੈਫਿਕ ਪੁਲਿਸ ਦੀ ਕਾਰਵਾਈ, ਸੜਕਾਂ 'ਤੇ ਗੱਡੀਆਂ ਖੜੀਆਂ ਕਰਨ ਵਾਲਿਆਂ ਦੇ ਕੱਟੇ ਚਲਾਨ



**ਪਾਤੜਾਂ, 7 ਮਾਰਚ (ਜਸਵਿੰਦਰ ਸਿੰਘ ਪਾਰਸ)**: ਪਾਤੜਾਂ ਸ਼ਹਿਰ ਵਿੱਚ ਕਾਫ਼ੀ ਸਮੇਂ ਤੋਂ ਲੱਗ ਰਹੇ ਟਰੈਫਿਕ ਜਾਮ ਦੀ ਸਮੱਸਿਆ ਨੂੰ ਦੇਖਦੇ ਹੋਏ ਅੱਜ ਟਰੈਫਿਕ ਪੁਲਿਸ ਵੱਲੋਂ ਸਖ਼ਤ ਕਾਰਵਾਈ ਕੀਤੀ ਗਈ। ਸ਼ਹਿਰ ਅੰਦਰ ਸੜਕਾਂ ਅਤੇ ਨੈਸ਼ਨਲ ਹਾਈਵੇ 'ਤੇ ਗਲਤ ਤਰੀਕੇ ਨਾਲ ਗੱਡੀਆਂ ਖੜੀਆਂ ਕਰਨ ਵਾਲੇ ਵਾਹਨ ਚਾਲਕਾਂ ਦੇ ਚਲਾਨ ਕੱਟੇ ਗਏ। ਜਿਕਰਯੋਗ ਹੈ ਕਿ ਪਾਤੜਾਂ ਸ਼ਹਿਰ ਵਿੱਚ ਟਰੈਫਿਕ ਪੁਲਿਸ ਦੇ ਮੁਲਾਜ਼ਮ ਘੱਟ ਹੋਣ ਕਰਕੇ ਉਹ ਵੱਖ-ਵੱਖ ਚੌਂਕਾਂ 'ਤੇ ਡਿਊਟੀ ਨਿਭਾ ਰਹੇ ਹਨ, ਪਰ ਇਸ ਦੇ ਬਾਵਜੂਦ ਬਾਹਰੋਂ ਆਉਣ ਵਾਲੇ ਲੋਕਾਂ ਵੱਲੋਂ ਨੈਸ਼ਨਲ ਹਾਈਵੇ 'ਤੇ ਡਬਲ ਲਾਈਨ ਵਿੱਚ ਗੱਡੀਆਂ ਖੜੀਆਂ ਕਰ ਦਿੱਤੀਆਂ ਜਾਂਦੀਆਂ ਹਨ, ਜਿਸ ਕਾਰਨ ਅਕਸਰ ਜਾਮ ਦੀ ਸਥਿਤੀ ਬਣ ਜਾਂਦੀ ਹੈ। ਇਸ ਨਾਲ ਨਾ ਸਿਰਫ਼ ਸ਼ਹਿਰ ਦੀ ਟਰੈਫਿਕ ਪ੍ਰਭਾਵਿਤ ਹੁੰਦੀ ਹੈ, ਸਗੋਂ ਬਾਹਰੋਂ ਆਉਣ ਵਾਲੇ ਵਾਹਨਾਂ ਨੂੰ ਵੀ ਕਾਫ਼ੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਟਰੈਫਿਕ ਇੰਚਾਰਜ ਦਰਸ਼ਨ ਰਾਮ ਨੇ ਦੱਸਿਆ ਕਿ ਅੱਜ ਸਵੇਰੇ ਤੋਂ ਹੀ ਸੜਕਾਂ 'ਤੇ ਗਲਤ ਤਰੀਕੇ ਨਾਲ ਗੱਡੀਆਂ ਖੜੀਆਂ ਕਰਨ ਵਾਲਿਆਂ ਦੇ ਚਲਾਨ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਟਰੈਫਿਕ ਪੁਲਿਸ ਵੱਲੋਂ ਲੋਕਾਂ ਨੂੰ ਕਈ ਵਾਰ ਟਰੈਫਿਕ ਨਿਯਮਾਂ ਦੀ ਪਾਲਣਾ ਕਰਨ ਲਈ ਜਾਗਰੂਕ ਕੀਤਾ ਗਿਆ ਹੈ, ਪਰ ਇਸ ਦੇ ਬਾਵਜੂਦ ਕੁਝ ਲੋਕ ਲਾਪਰਵਾਹੀ ਕਰ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਜੇ ਅੱਗੇ ਤੋਂ ਵੀ ਕੋਈ ਵਾਹਨ ਚਾਲਕ ਸੜਕਾਂ 'ਤੇ ਗਲਤ ਤਰੀਕੇ ਨਾਲ ਗੱਡੀਆਂ ਖੜੀਆਂ ਕਰਕੇ ਟਰੈਫਿਕ ਵਿਘਨ ਪੈਦਾ ਕਰੇਗਾ ਤਾਂ ਉਸ ਦੇ ਖ਼ਿਲਾਫ਼ ਸਖ਼ਤ ਕਾਰਵਾਈ ਕਰਦੇ ਹੋਏ ਵੱਡੀ ਗਿਣਤੀ ਵਿੱਚ ਚਲਾਨ ਕੀਤੇ ਜਾਣਗੇ। ਇਸ ਮੌਕੇ ਸਹਾਇਕ ਥਾਣੇਦਾਰ ਦਰਸ਼ਨ ਸਿੰਘ, ਸ਼ਮਸ਼ੇਰ ਸਿੰਘ, ਸੁਖਵਿੰਦਰ ਸਿੰਘ ਸਮੇਤ ਪੁਲਿਸ ਪਾਰਟੀ ਮੌਜੂਦ ਸੀ।

# ਖਾਲਸਾ ਪੰਥ ਦੀ ਸਿਰਜਨਾ ਨੂੰ ਸਮਰਪਿਤ 15ਵਾਂ ਸਾਲਾਨਾ ਮਹਾਨ ਗੁਰਮਤਿ ਸਮਾਗਮ ਕਰਵਾਇਆ



**ਅੰਮ੍ਰਿਤਸਰ, 7 ਮਾਰਚ (ਸੋਨੂ ਨਰੂਲਾ)**- ਖਾਲਸਾ ਪੰਥ ਦੀ ਸਿਰਜਨਾ ਨੂੰ ਸਮਰਪਿਤ 15ਵਾਂ ਸਲਾਨਾ ਮਹਾਨ ਗੁਰਮਤਿ ਸਮਾਗਮ ਪਿੰਡ ਢੰਡਾਲ ਵਿਖੇ ਕਾਰ ਸੇਵਾ ਕਿਲਾ ਅਨੰਦਗੜ੍ਹ ਸ੍ਰੀ ਅਨੰਦਪੁਰ ਸਾਹਿਬ ਦੀ ਰਹਿਨੁਮਾਈ ਹੇਠ ਐਨ.ਆਰ.ਆਈ. ਅਤੇ ਸਮੂਹ ਪਿੰਡ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਮੌਕੇ ਪਾਠ ਦੇ ਭੋਗ ਪਾਏ ਗਏ। ਉਪਰੰਤ ਸਜੇ ਸੁੰਦਰ ਦੀਵਾਨ ਵਿੱਚ ਭਾਈ ਮਨਜਿੰਦਰ ਸਿੰਘ ਦਾ ਕੀਰਤਨੀ ਜਥਾ, ਕਥਾਵਾਚਕ ਭਾਈ ਜੁਗਰਾਜ ਸਿੰਘ, ਭਾਈ ਨਿਰਮਲ ਸਿੰਘ ਦਾ ਕਵੀਸ਼ਰੀ ਜਥਾ, ਗਿਆਨੀ ਕੁਲਦੀਪ ਸਿੰਘ ਖਾਪੜ ਖੇੜੀ ਦਾ ਢਾਡੀ ਜਥਾ, ਗਿਆਨੀ ਸਰੂਪ ਸਿੰਘ ਕਡਿਆਣਾ ਦਾ ਢਾਡੀ ਜਥਾ, ਭਾਈ ਗੁਰਭੇਜ ਸਿੰਘ ਚਵਿੰਡਾ ਦਾ ਢਾਡੀ ਜਥਾ, ਸੰਤ ਬਾਬਾ ਹਰਭਜਨ ਸਿੰਘ ਕੁੱਲੀ ਵਾਲਿਆਂ ਦਾ ਕੀਰਤਨੀ ਜਥਾ, ਜਥੇਦਾਰ ਤੇਜਬੀਰ ਸਿੰਘ ਖਾਲਸਾ ਦਮਦਮੀ ਟਕਸਾਲ ਨੇ ਜੁੜ ਬੈਠੀ ਸੰਗਤ ਨੂੰ ਕਥਾ ਕੀਰਤਨ ਤੇ ਗੁਰ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਪ੍ਰਬੰਧਕਾਂ ਵੱਲੋਂ ਆਏ ਹੋਏ ਜਥੇ ਦੇ ਸੰਤ ਮਹਾਂਪੁਰਸ਼ਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਚਾਹ ਪਕੌੜਿਆਂ ਸਮੇਤ ਗੁਰੂ ਕੇ ਲੰਗਰ ਅਤੁੱਟ ਵਰਤੇ। ਇਸ ਮੌਕੇ ਸਮੂਹ ਪਿੰਡ ਵਾਸੀਆਂ ਸਮੇਤ ਵੱਖ-ਵੱਖ ਪਿੰਡਾਂ ਦੀ ਸੰਗਤਾਂ ਨੇ ਗੁਰਮਤਿ ਸਮਾਗਮ ਵਿੱਚ ਹਾਜ਼ਰੀ ਭਰੀ।

# ਮਹਿਲਾ ਉਦਮੀ ਸਨਮਾਨ ਪ੍ਰੋਗਰਾਮ: ਸੰਸਦ ਮੈਂਬਰ ਮੀਤ ਹੇਅਰ ਵਲੋਂ 100 ਉੱਦਮੀ ਔਰਤਾਂ ਦਾ ਸਨਮਾਨ

## ਮਾਨ ਸਰਕਾਰ ਵਲੋਂ ਔਰਤਾਂ ਦੀ ਭਲਾਈ ਲਈ ਚੁੱਕੇ ਜਾ ਰਹੇ ਹਨ ਸ਼ਲਾਘਾਯੋਗ ਕਦਮ : ਮੀਤ ਹੇਅਰ



**ਬਰਨਾਲਾ (ਰਾਜਿੰਦਰ ਪ੍ਰਸ਼ਾਦ ਸਿੰਗਲਾ)** ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਜਿੱਥੇ ਔਰਤਾਂ ਦੀ ਭਲਾਈ ਲਈ ਅਹਿਮ ਫ਼ੈਸਲੇ ਲਏ ਜਾ ਰਹੇ ਹਨ, ਓਥੇ ਔਰਤਾਂ ਦੇ ਆਰਥਿਕ ਹਾਲਾਤ ਸੁਧਾਰਨ ਅਤੇ ਬਣਦਾ ਮਾਣ- ਸਨਮਾਨ ਦੇਣ ਲਈ ਉਦਮੀ ਔਰਤਾਂ ਦਾ ਸਨਮਾਨ ਕੀਤਾ ਜਾ ਰਿਹਾ ਹੈ। ਇਹ ਪ੍ਰਗਟਾਵਾ ਲੋਕ ਸਭਾ ਮੈਂਬਰ ਸ. ਗੁਰਮੀਤ ਸਿੰਘ ਮੀਤ ਹੇਅਰ ਨੇ ਅੱਜ ਇਥੇ ਬਰਨਾਲਾ ਕਲੱਬ ਵਿੱਚ ਆਪਣਾ ਕਾਰੋਬਾਰ, ਆਪਣੀ ਪਛਾਣ ਤਹਿਤ ਮਹਿਲਾ ਉਦਮੀ ਸਨਮਾਨ ਪ੍ਰੋਗਰਾਮ ਦੌਰਾਨ ਸੰਬੋਧਨ ਕਰਦੇ ਹੋਏ ਕੀਤਾ। ਇਸ ਮੌਕੇ ਉਹਨਾਂ ਦੱਸਿਆ ਕਿ ਇਸ ਪ੍ਰੋਗਰਾਮ ਤਹਿਤ ਪਹਿਲਾਂ ਬਲਾਕ ਪੱਧਰ ਉੱਤੇ ਮਹਿਲਾ ਉੱਦਮੀਆਂ ਦਾ ਸਨਮਾਨ ਕੀਤਾ ਜਾ ਰਿਹਾ ਹੈ। ਇਸ ਮਗਰੋਂ ਜ਼ਿਲ੍ਹਾ ਪੱਧਰ ਉੱਤੇ ਸਨਮਾਨ ਕੀਤਾ ਜਾਵੇਗਾ। ਪ੍ਰੋਗਰਾਮ ਦਾ ਅੰਤਮ ਪੜਾਅ ਇਸੇ ਮਹੀਨੇ ਰਾਜ ਪੱਧਰੀ ਸਮਾਗਮ ਵਿੱਚ ਹੋਵੇਗਾ, ਜਿੱਥੇ ਪੰਜਾਬ ਭਰ ਦੀਆਂ ਚੋਟੀ ਦੀਆਂ 100 ਮਹਿਲਾ ਉਦਮੀਆਂ ਨੂੰ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸਨਮਾਨਤ ਕੀਤਾ ਜਾਵੇਗਾ। ਔਰਤਾਂ ਵਿੱਚੋਂ ਹਰੇਕ ਨੂੰ ਉਨ੍ਹਾਂ ਦੀਆਂ ਉਦਮੀ ਪ੍ਰਾਪਤੀਆਂ ਦੀ ਮਾਨਤਾ ਵਜੋਂ 25,000 ਰੁਪਏ ਦਾ ਨਕਦ ਪੁਰਸਕਾਰ ਦਿੱਤਾ ਜਾਵੇਗਾ। ਓਹਨਾਂ ਅੱਜ ਇੱਥੇ ਬਲਾਕ ਬਰਨਾਲਾ ਦੀਆਂ 100 ਉੱਦਮੀ ਔਰਤਾਂ ਦਾ ਸਨਮਾਨ ਕੀਤਾ। ਇਸ ਮੌਕੇ ਉਹਨਾਂ ਕਿਹਾ ਕਿ ਮਾਨ ਸਰਕਾਰ ਦੇ 'ਮਹਿਲਾ ਉਦਮੀ ਸਨਮਾਨ ਪ੍ਰੋਗਰਾਮ' ਨੂੰ ਸੂਬੇ ਭਰ ਦੀਆਂ ਔਰਤਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਹ ਪਹਿਲਕਦਮੀ ਮਹਿਲਾ ਸਸ਼ਕਤੀਕਰਨ ਨੂੰ ਉਤਸ਼ਾਹਤ ਕਰਨ ਅਤੇ ਉਦਮਤਾ ਰਾਹੀਂ ਆਪਣੀ ਪਛਾਣ ਬਣਾਉਣ ਵਾਲੀਆਂ ਔਰਤਾਂ ਦੀ ਮਦਦ ਕਰਨ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਓਹਨਾਂ ਕਿਹਾ ਕਿ ਇਹ ਔਰਤਾਂ ਆਪਣੇ ਉੱਦਮ ਤੇ ਮਿਹਨਤ ਨਾਲ ਨਾ ਸਿਰਫ਼ ਆਪਣੇ ਪਰਿਵਾਰਾਂ ਦੀ ਆਰਥਿਕ ਹਾਲਤ ਮਜ਼ਬੂਤ ਕਰ ਰਹੀਆਂ ਹਨ, ਸਗੋਂ ਸਮਾਜ ਲਈ ਵੀ ਪ੍ਰੇਰਣਾ ਦਾ ਸਰੋਤ ਬਣ ਰਹੀਆਂ ਹਨ। ਇਸ ਮੌਕੇ ਚੇਅਰਮੈਨ ਨਗਰ ਸੁਧਾਰ ਟਰੱਸਟ ਸ੍ਰੀ ਰਾਮ ਤੀਰਥ ਮੰਨਾ, ਸ. ਹਰਿੰਦਰ ਸਿੰਘ ਧਾਲੀਵਾਲ, ਮੈਡਮ ਸਮਰਿਤੀ ਕੌਸ਼ਲ, ਮਹਿਲਾ ਆਗੂ ਨਿਸ਼ਾ ਸ਼ਰਮਾ, ਸੁਖਵਿੰਦਰ ਕੌਰ ਸੁੱਖੀ ਸੰਘੇੜਾ, ਜਸਵੰਤ ਕੌਰ ਗਿੱਲ, ਰਵਿੰਦਰ ਕੌਰ ਸਿੱਧੂ, ਲੱਛਮੀ ਰਾਣੀ ਹਲਕਾ ਕੋਆਰਡੀਨੇਟਰ ਤੇ ਪੰਜਾਬ ਰਾਜ ਪੇਂਡੂ ਆਜੀਵਿਕਾ ਮਿਸ਼ਨ ਦਾ ਸਟਾਫ਼ ਮੌਜੂਦ ਸੀ।

# "ਯੁਵਾ ਸ਼ਕਤੀ - ਚਲਿਤ ਬਜਟ 2026-2027" ਵਿਸ਼ੇ ਉੱਤੇ ਕੇਂਦਰੀ ਬਜਟ ਸੰਬੰਧੀ ਇੱਕ ਸੈਮੀਨਾਰ ਆਯੋਜਿਤ



**ਬਰਨਾਲਾ (ਰਾਜਿੰਦਰ ਪ੍ਰਸ਼ਾਦ ਸਿੰਗਲਾ)** ਪ੍ਰਿੰਸੀਪਲ ਡਾ. ਸੁਸ਼ੀਲ ਬਾਲਾ ਦੇ ਮਾਰਗਦਰਸ਼ਨ ਹੇਠ ਕਾਮਰਸ ਅਤੇ ਮੈਨੇਜਮੈਂਟ ਵਿਭਾਗ ਵੱਲੋਂ 6 ਮਾਰਚ ਨੂੰ ਸਵੇਰੇ 11:00 ਵਜੇ "ਯੁਵਾ ਸ਼ਕਤੀ - ਚਲਿਤ ਬਜਟ 2026-2027"ਵਿਸ਼ੇ ਉੱਤੇ ਕੇਂਦਰੀ ਬਜਟ ਸੰਬੰਧੀ ਇੱਕ ਸੈਮੀਨਾਰ ਆਯੋਜਿਤ ਕੀਤਾ ਗਿਆ। ਬਜਟ ਬਾਰੇ ਜਾਣਕਾਰੀ ਵਿਦਿਆਰਥੀਆਂ ਦੀ ਸੋਚ ਅਤੇ ਫੈਸਲਾ ਲੈਣ ਦੀ ਸਮਰੱਥਾ ਨੂੰ ਵਿਕਸਿਤ ਕਰਦੀ ਹੈ ਅਤੇ ਉਹਨਾਂ ਦੇ ਸਮੁੱਚੇ ਵਿਅਕਤਿਤਵ ਵਿਕਾਸ ਵਿੱਚ ਵੀ ਮਦਦਗਾਰ ਸਾਬਤ ਹੁੰਦੀ ਹੈ। ਸੈਮੀਨਾਰ ਦੌਰਾਨ ਦੀਪਿਕਾ ਮੈਮ ਨੇ ਮੰਚ ਸੰਚਾਲਨ ਕੀਤਾ। ਵਿਦਿਆਰਥੀਆਂ ਨੇ ਪਾਵਰਪੋਇੰਟ ਪ੍ਰਜ਼ੈਂਟੇਸ਼ਨਾਂ ਰਾਹੀਂ ਬਜਟ ਨਾਲ ਸੰਬੰਧਿਤ ਵੱਖ-ਵੱਖ ਵਿਸ਼ਿਆਂ ਨੂੰ ਪੇਸ਼ ਕੀਤਾ। ਇਸ ਸੈਮੀਨਾਰ ਵਿੱਚ ਦੇਸ਼ ਦੇ ਵਿਕਾਸ ਵਿੱਚ ਨੌਜਵਾਨਾਂ ਦੀ ਭੂਮਿਕਾ ਨੂੰ ਖਾਸ ਤੌਰ 'ਤੇ ਉਜਾਗਰ ਕੀਤਾ ਗਿਆ। ਪ੍ਰਿੰਸੀਪਲ ਮੈਮ ਨੇ ਬਜਟ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਨੌਜਵਾਨਾਂ ਅਤੇ ਦੇਸ਼ ਲਈ ਇਸ ਦੀ ਮਹੱਤਤਾ ਬਾਰੇ ਦੱਸਿਆ। ਡਾ. ਵੀਰਪਾਲ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਵਿਦਿਆਰਥੀਆਂ ਨੂੰ ਮਾਰਗਦਰਸ਼ਨ ਦਿੱਤਾ। ਕਾਰਜਕ੍ਰਮ ਦੇ ਅੰਤ ਵਿੱਚ ਪ੍ਰਿੰਸੀਪਲ ਅਤੇ ਐਚਓਡੀ ਨੇ ਵਿਦਿਆਰਥੀਆਂ ਦੇ ਯਤਨਾਂ ਦੀ ਸਰਾਹਨਾ ਕੀਤੀ, ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਇਨਾਮ ਵੰਡੇ। ਇਸ ਮੌਕੇ 'ਤੇ ਪ੍ਰਿੰਸੀਪਲ ਡਾ. ਸੁਸ਼ੀਲ ਬਾਲਾ, ਐਚਓਡੀ ਮਿਸਿਜ਼ ਮੋਨਿਕਾ ਬੰਸਲ, ਡਾ. ਵੀਰਪਾਲ ਕੌਰ, ਮਿਸਿਜ਼ ਨੀਰੂ ਜੇਠੀ, ਮਿਸਿਜ਼ ਅਮਨਦੀਪ ਕੌਰ, ਮਿਸਿਜ਼ ਹਰਮਨਪ੍ਰੀਤ ਕੌਰ, ਮਿਸ ਪਰਮਿੰਦਰ ਕੌਰ ਅਤੇ ਵਿਦਿਆਰਥੀ ਮੌਜੂਦ ਸਨ।

# ਘੱਗਾ ਵਿੱਚ ਜਾਨੋਂ ਮਾਰਨ ਦੀ ਨੀਅਤ ਨਾਲ ਗੋਲੀਆਂ ਚਲਾਉਣ ਦੇ ਦੋਸ਼, ਪੁਲਿਸ ਵੱਲੋਂ ਮਾਮਲਾ ਦਰਜ

**ਪਾਤੜਾਂ, 7 ਮਾਰਚ (ਜਸਵਿੰਦਰ ਸਿੰਘ ਪਾਰਸ)** ਥਾਣਾ ਘੱਗਾ ਪੁਲਿਸ ਨੇ ਜਾਨੋਂ ਮਾਰਨ ਦੀ ਨੀਅਤ ਨਾਲ ਗੋਲੀਆਂ ਚਲਾਉਣ ਦੇ ਦੋਸ਼ ਹੇਠ ਇਕ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਮਹਿੰਦਰ ਸਿੰਘ ਪੁੱਤਰ ਹਰਨੇਕ ਸਿੰਘ ਵਾਸੀ ਵਾਰਡ ਨੰਬਰ 03, ਘੱਗਾ ਨੇ ਪੁਲਿਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ ਕੁਲਵੰਤ ਸਿੰਘ ਪੁੱਤਰ ਲਾਭ ਸਿੰਘ ਵਾਸੀ ਵਾਰਡ ਨੰਬਰ 04, ਘੱਗਾ ਜੋ ਉਸਦਾ ਸ਼ਰੀਕੇ ਵਿੱਚੋਂ ਚਾਚੇ ਦਾ ਲੜਕਾ ਲੱਗਦਾ ਹੈ, ਬੁਲਟ ਮੋਟਰਸਾਈਕਲ 'ਤੇ ਸਵਾਰ ਹੋ ਕੇ ਉਸਦੇ ਘਰ ਆਇਆ।

ਮਹਿੰਦਰ ਸਿੰਘ ਮੁਤਾਬਕ ਉਹ ਆਪਣੇ ਘਰ ਦੇ ਗੇਟ ਕੋਲ ਬੈਠਿਆ ਹੋਇਆ ਸੀ ਕਿ ਇਸ ਦੌਰਾਨ ਕੁਲਵੰਤ ਸਿੰਘ ਆਉਂਦਿਆਂ ਹੀ ਉਸ ਨਾਲ ਗਾਲੀ-ਗਲੌਚ ਕਰਨ ਲੱਗ ਪਿਆ। ਕੁਝ ਸਮੇਂ ਬਾਅਦ ਉਹ ਇਹ ਕਹਿ ਕੇ ਉਥੋਂ ਚਲਾ ਗਿਆ ਕਿ ਅੱਜ ਉਹ ਉਸਨੂੰ ਜਿਉਂਦਾ ਨਹੀਂ ਛੱਡੇਗਾ। ਪੀੜਤ ਦੇ ਬਿਆਨ ਅਨੁਸਾਰ ਲਗਭਗ 15 ਮਿੰਟ ਬਾਅਦ ਕੁਲਵੰਤ ਸਿੰਘ ਮੁੜ ਆਪਣੇ ਕੋਲ ਰਿਵਾਲਵਰ ਲੈ ਕੇ ਆਇਆ ਅਤੇ ਉਸਨੇ ਸਿੱਧਾ ਫਾਇਰ ਕਰ ਦਿੱਤਾ। ਗੇਟ ਦੇ ਓਹਲੇ ਹੋਣ ਕਾਰਨ ਮਹਿੰਦਰ ਸਿੰਘ ਬਚ ਗਿਆ। ਇਸ ਤੋਂ ਬਾਅਦ ਦੋਸ਼ੀ ਨੇ ਹੋਰ ਦੋ-ਤਿੰਨ ਫਾਇਰ ਵੀ ਕੀਤੇ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਕੇ ਮੌਕੇ ਤੋਂ ਫਰਾਰ ਹੋ ਗਿਆ।

ਘੱਗਾ ਪੁਲਿਸ ਨੇ ਮੁਦਈ ਦੇ ਬਿਆਨਾਂ ਦੇ ਆਧਾਰ 'ਤੇ ਦੋਸ਼ੀ ਖਿਲਾਫ ਮੁਕੱਦਮਾ ਨੰਬਰ 19 ਅਧੀਨ ਧਾਰਾ 109, 351(2) ਬੀਐਨਐਸ ਅਤੇ 27/54/59 ਆਰਮਜ਼ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਆਪਣਾ ਕਾਰੋਬਾਰ ਆਪਣੀ ਪਛਾਣ: ਵਿਧਾਇਕ ਉੱਗੋਕੇ ਵਲੋਂ ਉੱਦਮੀ ਔਰਤਾਂ ਦਾ ਸਨਮਾਨ



**ਬਰਨਾਲਾ (ਰਾਜਿੰਦਰ ਪ੍ਰਸ਼ਾਦ ਸਿੰਗਲਾ)** ਪੰਜਾਬ ਸਰਕਾਰ ਵਲੋਂ ਉੱਦਮੀ ਔਰਤਾਂ ਦੇ ਸਨਮਾਨ ਲਈ ਉਲੀਕੇ ਪ੍ਰੋਗਰਾਮਾਂ ਦੀ ਲੜੀ ਤਹਿਤ ਵਿਧਾਇਕ ਹਲਕਾ ਭਦੌੜ ਸ. ਲਾਭ ਸਿੰਘ ਉੱਗੋਕੇ ਵਲੋਂ ਬਲਾਕ ਸ਼ਹਿਣਾ ਦੀਆਂ ਉੱਦਮੀ ਔਰਤਾਂ ਦਾ ਸਨਮਾਨ ਕੀਤਾ ਗਿਆ। ਇਹ ਸਨਮਾਨ ਸਮਾਗਮ ਅੱਗਰਵਾਲ ਧਰਮਸ਼ਾਲਾ ਤਪਾ ਵਿਖੇ ਕਰਵਾਇਆ ਗਿਆ ਜਿੱਥੇ ਵਿਧਾਇਕ ਉੱਗੋਕੇ ਵਲੋਂ ਬਲਾਕ ਦੀਆਂ ਕਰੀਬ 100 ਔਰਤਾਂ ਦਾ ਸਨਮਾਨ ਕੀਤਾ ਗਿਆ ਜਿਨ੍ਹਾਂ ਨੇ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਤਹਿਤ ਆਪਣਾ ਕੰਮ ਸ਼ੁਰੂ ਕਰਕੇ ਆਪਣੇ ਪਰਿਵਾਰਾਂ ਦੀ ਆਰਥਿਕਤਾ ਨੂੰ ਹੁਲਾਰਾ ਦਿੱਤਾ ਹੈ। ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਸ. ਲਾਭ ਸਿੰਘ ਉੱਗੋਕੇ ਨੇ ਕਿਹਾ ਕਿ ਅੱਜ ਔਰਤਾਂ ਹਰ ਖੇਤਰ ਵਿਚ ਆਪਣੀ ਮਿਹਨਤ, ਸਮਰਪਣ ਅਤੇ ਯੋਗਤਾ ਦੇ ਬਲ 'ਤੇ ਨਵੀਆਂ ਉਚਾਈਆਂ ਹਾਸਲ ਕਰ ਰਹੀਆਂ ਹੈ। ਉਨ੍ਹਾਂ ਕਿਹਾ ਕਿ ਸਿੱਖਿਆ, ਸਿਹਤ, ਪ੍ਰਸ਼ਾਸਨ, ਕਾਰੋਬਾਰ, ਖੇਤੀਬਾੜੀ ਅਤੇ ਖੇਡਾਂ ਸਮੇਤ ਹਰ ਖੇਤਰ ਵਿਚ ਔਰਤਾਂ ਨੇ ਆਪਣੀ ਵੱਖਰੀ ਪਛਾਣ ਬਣਾਈ ਹੈ ਅਤੇ ਦੇਸ਼ ਦੀ ਤਰੱਕੀ ਵਿਚ ਮਹੱਤਵਪੂਰਨ ਯੋਗਦਾਨ ਪਾ ਰਹੀਆਂ ਹਨ। ਓਹਨਾਂ ਕਿਹਾ ਕਿ ਮਾਨ ਸਰਕਾਰ ਔਰਤਾਂ ਦੇ ਸ਼ਕਤੀਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਮਹਿਲਾਵਾਂ ਨੂੰ ਆਰਥਿਕ ਅਤੇ ਸਮਾਜਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਕਈ ਲੋਕ-ਹਿਤੈਸ਼ੀ ਯੋਜਨਾਵਾਂ ਅਤੇ ਉਪਰਾਲੇ ਕਰ ਰਹੀ ਹੈ। ਇਸ ਮੌਕੇ ਹਲਕਾ ਭਦੌੜ ਦੇ ਵੱਖ ਵੱਖ ਮਹਿਲਾ ਆਗੂ ਅਤੇ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਦਾ ਸਟਾਫ਼ ਮੌਜੂਦ ਸੀ।

# ਭਾਰਤੀ ਕਿਸਾਨ ਯੂਨੀਅਨ ਡਕੌਂਦਾ ਵੱਲੋਂ ਵੱਧ ਤੋਂ ਵੱਧ ਕਿਸਾਨ ਭਰਾਵਾਂ ਨੂੰ 10 ਮਾਰਚ ਨੂੰ ਬਰਨਾਲਾ ਪਹੁੰਚਣ ਦੀ ਅਪੀਲ : ਹਰਭਗਵਾਨ ਸਿੰਘ ਖੇੜੀ ਮਾਨੀਆ

**ਪਟਿਆਲਾ, 7 ਮਾਰਚ (ਅਮਨ ਸਿੱਧੂ ਮੱਲ੍ਹੇਵਾਲ)** : ਭਾਰਤੀ ਕਿਸਾਨ ਯੂਨੀਅਨ ਡਕੌਂਦਾ ਜਥੇਬੰਦੀ ਦੇ ਪਟਿਆਲਾ ਜ਼ਿਲ੍ਹੇ ਦੇ ਪ੍ਰੈੱਸ ਸਕੱਤਰ ਟਹਿਲ ਸਿੰਘ ਕੱਕੇਪੁਰ ਨੇ 'ਪੰਜਾਬ ਤੇ ਪੰਜਾਬੀਅਤ' ਵੈਬ ਚੈਨਲ ਦੇ ਔਨਰ ਅਤੇ 'ਮਾਲਵਾ ਬਾਣੀ' ਪੰਜਾਬੀ ਰੋਜ਼ਾਨਾਂ ਅਖ਼ਬਾਰ ਦੇ ਪਟਿਆਲਾ ਜ਼ਿਲ੍ਹੇ ਦੇ ਜ਼ਿਲ੍ਹਾ ਇੰਚਾਰਜ ਪੱਤਰਕਾਰ ਅਮਨ ਸਿੱਧੂ ਮੱਲ੍ਹੇਵਾਲ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਜਥੇਬੰਦੀ ਦੇ ਪਟਿਆਲਾ ਜ਼ਿਲ੍ਹੇ ਦੇ ਜ਼ਿਲ੍ਹਾ ਖਜ਼ਾਨਚੀ ਹਰਭਗਵਾਨ ਸਿੰਘ ਖੇੜੀ ਮਾਨੀਆ ਨੇ ਕਿਹਾ ਕਿ ਵੱਧ ਤੋਂ ਵੱਧ ਕਿਸਾਨ ਭਰਾਵਾਂ ਨੂੰ 10 ਮਾਰਚ ਨੂੰ ਬਰਨਾਲਾ ਵਿਖੇ ਪਹੁੰਚਣ ਦੀ ਅਪੀਲ ਕੀਤੀ। ਉਹਨਾਂ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ 10 ਮਾਰਚ ਨੂੰ ਬਰਨਾਲਾ ਵਿਖੇ ਵੱਡੀ ਮਹਾਂ-ਰੈਲੀ ਰੱਖੀ ਗਈ ਹੈ। ਜਿਸ ਵਿੱਚ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਜਥੇਬੰਦੀ ਵੱਡੇ ਪੱਧਰ ਤੇ ਸ਼ਮੂਲੀਅਤ ਕਰਨ ਜਾ ਰਹੀ ਹੈ। ਸਰਦਾਰ ਹਰਭਗਵਾਨ ਸਿੰਘ ਖੇੜੀ ਮਾਨੀਆਂ ਨੇ ਪਟਿਆਲਾ ਜ਼ਿਲ੍ਹੇ ਤੋਂ ਵੱਧ ਤੋਂ ਵੱਧ ਕਿਸਾਨ ਭਰਾਵਾਂ ਨੂੰ 10 ਮਾਰਚ ਨੂੰ ਬਰਨਾਲਾ ਵਿਖੇ ਹੋਣ ਜਾ ਰਹੀ ਮਹਾ-ਰੈਲੀ ਵਿੱਚ ਪਹੁੰਚਣ ਦੀ ਪੁਰਜੋਰ ਅਪੀਲ ਕਰਦਿਆਂ ਕਿਹਾ ਕਿ SKM ਸਾਮਰਾਜਵਾਦੀ ਅਮਰੀਕਾ ਅਤੇ ਉਸਦੇ ਚਹੇਤਿਆਂ ਦੁਆਰਾ ਈਰਾਨ ਵਿਰੁੱਧ ਥੋਪੀ ਗਈ ਜੰਗ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਿਆ ਕਰਦਾ ਹੈ। ਇਹ ਅੰਤਰਰਾਸ਼ਟਰੀ ਕਾਨੂੰਨ ਅਤੇ ਸੰਯੁਕਤ ਰਾਸ਼ਟਰ ਅਤੇ ਸਮੁੱਚੇ ਵਿਸ਼ਵ ਦੇਸ਼ਾਂ ਅਤੇ ਲੋਕਾਂ ਨੂੰ ਵਿਸ਼ਵ ਰਾਸ਼ਟਰਾਂ ਦੀ ਪ੍ਰਭੂਸੱਤਾ ਅਤੇ ਮਨੁੱਖਤਾ 'ਤੇ ਅਜਿਹੇ ਲਾਪਰਵਾਹ ਹਮਲਿਆਂ ਨੂੰ ਰੋਕਣ ਲਈ ਇੱਕਜੁੱਟ ਹੋਣਾ ਪਵੇਗਾ। ਡੋਨਾਲਡ ਟਰੰਪ ਸ਼ਾਸਨ ਅਧੀਨ ਅਮਰੀਕਾ ਇੱਕ ਘਾਤਕ ਰਾਜ ਬਣ ਗਿਆ ਹੈ ਜੋ ਵਿਸ਼ਵ ਸ਼ਾਂਤੀ ਲਈ ਖ਼ਤਰਾ ਹੈ। ਅਮਰੀਕਾ ਦੁਆਰਾ ਸਰਗਰਮੀ ਨਾਲ ਸਮਰਥਨ ਪ੍ਰਾਪਤ ਇਜ਼ਰਾਈਲ ਦੁਆਰਾ ਫਲਸਤੀਨ ਵਿੱਚ ਕੀਤੀ ਗਈ ਬੇਰਹਿਮੀ ਨਸਲਕੁਸ਼ੀ ਨੇ ਹਜ਼ਾਰਾਂ ਨਿਰਦੋਸ਼ ਨਾਗਰਿਕਾਂ ਨੂੰ ਮਾਰ ਦਿੱਤਾ। ਵੈਨੇਜ਼ੁਏਲਾ 'ਤੇ ਹਮਲਾ ਅਤੇ ਇਸਦੇ ਚੁਣੇ ਹੋਏ ਰਾਸ਼ਟਰਪਤੀ ਨਿਕੋਲਸ ਮਾਦੁਰੋ ਅਤੇ ਪਹਿਲੀ ਮਹਿਲਾ ਸੀਲੀਆ ਫਲੋਰਸ ਨੂੰ ਫੜਨਾ ਅਮਰੀਕੀ ਬਹੁ-ਰਾਸ਼ਟਰੀ ਕੰਪਨੀਆਂ ਦੇ ਮੁਨਾਫ਼ੇ ਨੂੰ ਵੱਧ ਤੋਂ ਵੱਧ ਕਰਨ ਲਈ



ਵਿਸ਼ਾਲ ਤੇਲ ਸਰੋਤਾਂ ਨੂੰ ਹੜੱਪਣਾ ਸੀ। ਈਰਾਨ 'ਤੇ ਹਮਲੇ ਦਾ ਉਦੇਸ਼ ਤੇਲ ਸਮੇਤ ਇਸਦੇ ਵਿਸ਼ਾਲ ਸਰੋਤਾਂ ਨੂੰ ਹੜੱਪਣਾ ਵੀ ਹੈ। ਈਰਾਨ ਨੂੰ ਆਪਣਾ ਬਚਾਅ ਕਰਨ ਦਾ ਪੂਰਾ ਅਧਿਕਾਰ ਹੈ। ਪੂਰਾ ਸਾਮਰਾਜਵਾਦੀ ਅਮਰੀਕਾ- ਇਜ਼ਰਾਈਲ ਡਿਜ਼ਾਈਨ ਤੇਲ ਸਪਲਾਈ ਨੂੰ ਕੰਟਰੋਲ ਕਰਨਾ ਅਤੇ ਦੁਨੀਆ ਨੂੰ ਹੁਕਮ ਦੇਣਾ ਹੈ ਅਤੇ ਮੁਨਾਫ਼ੇ ਨੂੰ ਵੱਧ ਤੋਂ ਵੱਧ ਕਰਨ ਲਈ ਵਪਾਰਕ ਨੀਤੀਆਂ ਲਾਗੂ ਕਰਨ ਲਈ ਦੇਸ਼ਾਂ ਨੂੰ ਡਰਾਉਣਾ ਹੈ।

SKM ਨੇ ਮੋਦੀ ਸਰਕਾਰ ਨੂੰ ਚੇਤਾਵਨੀ ਦਿੱਤੀ ਹੈ ਕਿ ਉਹ ਇਸ ਮਹਾਨ ਧਰਤੀ ਦੀ ਸਾਮਰਾਜ ਵਿਰੋਧੀ ਪਰੰਪਰਾ ਨੂੰ ਬਰਕਰਾਰ ਰੱਖੇ ਅਤੇ ਭਾਰਤ ਨੂੰ ਸਾਮਰਾਜਵਾਦੀ ਅਮਰੀਕਾ ਅਤੇ ਜ਼ਾਇਓਨਿਸਟ ਇਜ਼ਰਾਈਲ ਦੀ ਅਗਵਾਈ ਵਾਲੇ ਗੱਠਜੋੜ ਦਾ ਹਿੱਸਾ ਨਾ ਬਣਾਏ ਜੋ ਵਿਸ਼ਵ ਸ਼ਾਂਤੀ ਲਈ ਵੱਡਾ ਖ਼ਤਰਾ ਹੈ।

SKM ਸਾਰੀਆਂ ਰਾਜਨੀਤਿਕ ਪਾਰਟੀਆਂ ਅਤੇ ਲੋਕਾਂ ਦੇ ਸਾਰੇ ਵਰਗਾਂ ਦੇ ਪਲੇਟਫਾਰਮਾਂ ਅਤੇ ਸੰਗਠਨਾਂ ਨੂੰ ਵਿਸ਼ਵ ਸ਼ਾਂਤੀ ਲਈ ਇੱਕਜੁੱਟ ਹੋਣ ਅਤੇ ਵਿਸ਼ਵ ਰਾਸ਼ਟਰਾਂ ਦੇ ਪ੍ਰਭੂਸੱਤਾ ਅਧਿਕਾਰਾਂ ਦੀ ਰੱਖਿਆ ਕਰਨ ਅਤੇ ਅੰਤਰਰਾਸ਼ਟਰੀ ਕਾਨੂੰਨ ਦੀ ਰੱਖਿਆ ਕਰਨ ਦਾ ਸੱਦਾ ਦਿੰਦਾ ਹੈ। ਹਰਭਗਵਾਨ ਸਿੰਘ ਖੇੜੀ ਮਾਨੀਆਂ ਨੇ ਕਿਹਾ ਕਿ ਕਿਸਾਨਾਂ ਦੀਆਂ ਹੋਰ ਹੱਕੀ-ਮੰਗਾਂ ਨੂੰ ਲੈ ਕਿ 10 ਮਾਰਚ ਨੂੰ ਬਰਨਾਲਾ ਵਿਖੇ ਮਹਾਂ-ਰੈਲੀ ਰੱਖੀ ਗਈ ਹੈ ਜਿਸ ਵਿੱਚ ਖਾਸ ਤੌਰ ਤੇ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਜਥੇਬੰਦੀ ਦੇ ਕਿਸਾਨ ਆਗੂ ਵੱਡੇ ਤੌਰ ਤੇ ਸ਼ਮੂਲੀਅਤ ਕਰਨਗੇ। ਸੋ ਉਹਨਾਂ ਪਟਿਆਲਾ ਜ਼ਿਲ੍ਹੇ ਦੇ ਸਾਰੇ ਕਿਸਾਨ ਭਰਾਵਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਕਿਸਾਨ ਭਰਾ ਇਸ ਮਹਾਂ-ਰੈਲੀ ਵਿੱਚ ਜਰੂਰ ਪਹੁੰਚਣ ਤਾਂ ਕਿ ਕਿਸਾਨੀ ਦੀ ਹੱਕ-ਸੱਚ ਦੀ ਆਵਾਜ਼ ਨੂੰ ਬੁਲੰਦ ਕੀਤਾ ਜਾ ਸਕੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਾਮ ਸਿੰਘ ਮਟੋਰੜਾ ਸੂਬਾ ਖਜ਼ਾਨਚੀ ਜਗਮੋਹਨ ਸਿੰਘ ਪਟਿਆਲਾ ਸੂਬਾ ਜਨਰਲ ਸਕੱਤਰ, ਦਲਜਿੰਦਰ ਸਿੰਘ ਆਲੋਵਾਲ ਸੂਬਾ ਸਹਾਇਕ ਖਜ਼ਾਨਚੀ, ਗੁਰਬਚਨ ਸਿੰਘ ਕਨਸੂਹਾ ਕਲਾਂ ਜ਼ਿਲ੍ਹਾ ਪ੍ਰਧਾਨ, ਅਮਨ ਸਿੱਧੂ ਮੱਲ੍ਹੇਵਾਲ ਜ਼ਿਲ੍ਹਾ ਪ੍ਰੈੱਸ ਸਕੱਤਰ, ਜਗਮੇਲ ਸਿੰਘ ਸੁੱਧੇਵਾਲ ਜ਼ਿਲ੍ਹਾ ਸੈਕਟਰੀ, ਟਹਿਲ ਸਿੰਘ ਕੱਕੇਪੁਰ ਜ਼ਿਲ੍ਹਾ ਪ੍ਰੈੱਸ ਸਕੱਤਰ, ਬਲਜੀਤ ਸਿੰਘ ਪੰਜੋਲਾ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਫਤਿਹ ਮਾਜਰੀ ਬਲਾਕ ਪ੍ਰਧਾਨ ਸਮਾਣਾ, ਸੁਰਜੀਤ ਸਿੰਘ ਲਚਕਾਣੀ ਬਲਾਕ ਪ੍ਰਧਾਨ ਪਟਿਆਲਾ-2, ਮੁਖਤਿਆਰ ਸਿੰਘ ਕੱਕੇਪੁਰ ਬਲਾਕ ਪ੍ਰਧਾਨ ਸਨੌਰ, ਨਿਰਮਲ ਸਿੰਘ ਨਰਮਾਣਾ ਬਲਾਕ ਪ੍ਰਧਾਨ ਨਾਭਾ, ਸਰਬਜੀਤ ਸਿੰਘ ਭੜੀਂ ਪਨੈਚਾਂ ਬਲਾਕ ਪ੍ਰਧਾਨ ਭਾਦਸੋਂ, ਗੁਰਪ੍ਰੀਤ ਸਿੰਘ ਖਨੌੜਾ ਸਹਾਇਕ ਸਕੱਤਰ ਬਲਾਕ ਭਾਦਸੋਂ, ਹਰਜੀਤ ਸਿੰਘ ਪੂਨੀਵਾਲ ਪ੍ਰਧਾਨ, ਗੁਰਵਿੰਦਰ ਸਿੰਘ ਲੰਗ, ਗੁਰਮੀਤ ਸਿੰਘ ਜੌਹਲ ਲਚਕਾਣੀ, ਭਜਨ ਸਿੰਘ ਹਿਰਦਾਪੁਰ, ਗੁਰਮੀਤ ਸਿੰਘ ਪੰਚ ਲਚਕਾਣੀ, ਕੁਲਵਿੰਦਰ ਸਿੰਘ ਕਾਠ ਮੱਠੀ ਬਲਾਕ ਖਜ਼ਾਨਚੀ, ਕਰਨੈਲ ਸਿੰਘ ਦੌਣ ਖੁਰਦ, ਕਰਨੈਲ ਸਿੰਘ ਗੀਠਖੇੜੀ ਇਕਾਈ ਪ੍ਰਧਾਨ, ਰਜਿੰਦਰ ਸਿੰਘ ਕੁਸਿਆਣਾ ਇਕਾਈ ਪ੍ਰਧਾਨ, ਰਣਜੀਤ ਸਿੰਘ ਹਸਨਪੁਰ ਬਲਾਕ ਮੀਤ ਪ੍ਰਧਾਨ, ਕਰਨੈਲ ਸਿੰਘ ਗੀਠ ਖੇੜੀ ਇਕਾਈ ਪ੍ਰਧਾਨ, ਬਲਜੀਤ ਸਿੰਘ ਰੋੜੇਵਾਲ ਇਕਾਈ ਪ੍ਰਧਾਨ, ਸੁਖਦੇਵ ਸਿੰਘ ਪਨੌਦੀਆ ਇਕਾਈ ਪ੍ਰਧਾਨ, ਕਾਕਾ ਸਿੰਘ ਹਿਰਦਾਪੁਰ ਇਕਾਈ ਪ੍ਰਧਾਨ, ਪ੍ਰਗਟ ਸਿੰਘ ਦੰਦਰਾਲਾ ਖਰੌਡ, ਗੁਰਦੀਪ ਸਿੰਘ ਦੀਪਾ ਬਲਬੇੜਾ ਸੀਨੀਅਰ ਮੀਤ ਪ੍ਰਧਾਨ ਬਲਾਕ ਸਮਾਣਾ, ਮਹਿੰਦਰ ਸਿੰਘ ਬਲਬੇੜਾ, ਜਸਵੀਰ ਸਿੰਘ ਬਲਬੇੜਾ, ਨੈਬ ਸਿੰਘ ਬਲਬੇੜਾ, ਮੱਘਰ ਸਿੰਘ ਬਲਬੇੜਾ, ਗੁਰਮੈਲ ਸਿੰਘ ਬਲਬੇੜਾ, ਗੁਰਮੀਤ ਸਿੰਘ ਮਵੀਂ ਸੱਪਾਂ ਖਜਾਨਚੀ ਬਲਾਕ ਸਮਾਣਾ, ਬਲਬੀਰ ਸਿੰਘ ਜਥੇਬੰਦਕ ਸਕੱਤਰ ਬਲਾਕ ਸਮਾਣਾ, ਚਮਕੌਰ ਸਿੰਘ ਫਤਿਹ ਮਾਜਰੀ ਇਕਾਈ ਪ੍ਰਧਾਨ ਆਦਿ ਹੋਰ ਬਹੁਤ ਸਾਰੇ ਕਿਸਾਨ ਆਗੂ ਮੌਜੂਦ ਸਨ।

# ਸਕੂਲ ਵੱਲੋਂ ਮਾਰਚ ਮਹੀਨੇ 'ਚ ਜਨਮੇ ਵਿਦਿਆਰਥੀਆਂ ਦਾ ਜਨਮਦਿਨ ਕੇਕ ਕੱਟ ਕੇ ਅਤੇ ਸਰਾਂ ਮੰਦਰ ਦੇ ਦੌਰੇ ਨਾਲ ਮਨਾਇਆ



**ਤਪਾ ਮੰਡੀ, 07 ਮਾਰਚ (ਬੰਟੀ ਦੀਕਸ਼ਿਤ, ਮੇਸੀ ਤਪਾ):** ਸਥਾਨਕ ਸ਼ਿਵਾਲਿਕ ਪਬਲਿਕ ਸਕੂਲ ਤਪਾ ਵਿੱਚ ਪ੍ਰੀ-ਪ੍ਰਾਇਮਰੀ ਵਿੰਗ ਦੇ ਫਰਵਰੀ ਅਤੇ ਮਾਰਚ ਮਹੀਨੇ ਵਿੱਚ ਜਨਮੇ ਵਿਦਿਆਰਥੀਆਂ ਦਾ ਜਨਮਦਿਨ ਕੇਕ ਕੱਟ ਕੇ ਅਤੇ ਸਰਾਂ ਮੰਦਰ ਦੇ ਦੌਰੇ ਨਾਲ ਮਨਾਇਆ,ਜਿਸ ਨਾਲ ਵਿਦਿਆਰਥੀਆਂ ਲਈ ਇਹ ਇੱਕ ਯਾਦਗਾਰੀ ਦਿਨ ਬਣ ਗਿਆ। ਵਿਦਿਆਰਥੀਆਂ ਨੇ ਇੱਕ ਨਵੇਂ ਵਾਤਾਵਰਣ ਵਿੱਚ ਸਿੱਖਣ ਅਤੇ ਸਾਂਝੇ ਤਜ਼ਰਬਿਆਂ 'ਤੇ ਸਾਂਝ ਦਾ ਆਨੰਦ ਮਾਣਿਆ।ਜਨਮ ਦਿਨ ਵਾਲੇ ਵਿਦਿਆਰਥੀਆਂ ਨੇ ਸਰਾਂ ਮੰਦਰ ਵਿੱਚ ਜਾਕੇ ਮੱਥਾ ਟੇਕਿਆ ਅਤੇ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।ਇਸ ਤੋਂ ਇਲਾਵਾ ਬੱਚਿਆਂ ਨੇ ਇਸ ਧਾਰਮਿਕ ਸਥਾਨ ਦੀ ਮਹੱਤਤਾ ਬਾਰੇ ਜਾਣਿਆ।ਜਦੋ ਬੱਚੇ ਸਕੂਲ ਵਾਪਸ ਆਏ ਤਾਂ ਇਸ ਮੌਕੇ ਸਾਰੇ ਕਲਾਸ ਰੂਮ ਗੁਬਾਰਿਆਂ ਅਤੇ ਰੰਗ-ਬਿਰੰਗੀਆਂ ਲੜੀਆਂ ਨਾਲ ਸੁੰਦਰ ਢੰਗ ਨਾਲ ਸਜੇ ਹੋਏ ਸਨ।ਪ੍ਰਿੰਸੀਪਲ ਮੈਡਮ ਮੋਨਿਕਾ ਗਰਗ ਅਤੇ ਅਧਿਆਪਕਾ ਦੀ ਹਾਜ਼ਰੀ ਵਿੱਚ ਬੱਚਿਆਂ ਨੇ ਕੇਕ ਕੱਟ ਕੇ ਆਪਣਾ ਜਨਮ ਦਿਨ ਮਨਾਇਆ।ਸਕੂਲ ਵਲੋਂ ਜਨਮਦਿਨ ਵਾਲੇ ਬੱਚਿਆਂ ਨੂੰ ਤੋਹਫ਼ੇ ਵਜੋਂ ਪ੍ਰਸ਼ੰਸਾ ਪੱਤਰ ਅਤੇ ਚਾਕਲੇਟ ਦਿੱਤੇ ਗਏ।ਇਸ ਵਿਸ਼ੇਸ਼ ਦਿਨ ਲਈ ਬੱਚਿਆਂ ਲਈ ਪਾਰਟੀ ਦਾ ਵੀ ਆਯੋਜਨ ਕੀਤਾ ਗਿਆ,ਜਿੱਥੇ ਉਹਨਾਂ ਨੇ ਸੰਗੀਤ ਦੀਆਂ ਮਿੱਠੀਆਂ ਧੁਨਾਂ 'ਤੇ ਖ਼ੂਬ ਨੱਚ ਕੇ ਖੁਸ਼ੀ ਮਨਾਈ।ਇਸ ਮੌਕੇ ਪ੍ਰਿੰਸੀਪਲ ਮੋਨਿਕਾ ਗਰਗ ਅਤੇ ਸਾਰੇ ਅਧਿਆਪਕ ਮੌਜੂਦ ਰਹੇ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਜਨਮ ਦਿਨ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

# ਸਿਹਤ ਵਿਭਾਗ ਵੱਲੋਂ ਐਚ.ਪੀ.ਵੀ. ਵੈਕਸੀਨ ਲਗਾਈ ਗਈ



**ਕੋਟ ਈਸੇ ਖਾਂ (ਅਰੋੜਾ)** ਡਾਕਟਰ ਪ੍ਰਦੀਪ ਮਹਿੰਦਰਾ ਸਿਵਿਲ ਸਰਜਨ ਮੋਗਾ ਅਤੇ ਡਾਕਟਰ ਅਸ਼ੋਕ ਸਿੰਗਲਾ ਡੀਆਈਓ ਮੋਗਾ ਦੇ ਨਿਰਦੇਸ਼ ਅਨੁਸਾਰ ਡਾਕਟਰ ਰਿਪੁਦਮਨ ਕੌਰ ਸੀਨੀਅਰ ਮੈਡੀਕਲ ਅਫਸਰ ਕੋਟ ਈਸੇ ਖਾਂ ਦੀ ਯੋਗ ਅਗਵਾਈ ਵਿੱਚ ਸਿਹਤ ਵਿਭਾਗ ਦੁਆਰਾ ਐਚ.ਪੀ.ਵੀ. ਵੈਕਸੀਨ 14 ਸਾਲ ਤੋਂ ਲੈ ਕੇ 15 ਸਾਲ ਤੱਕ ਦੀ ਉਮਰ ਦੀਆਂ ਲੜਕੀਆਂ ਨੂੰ ਵੈਕਸੀਨ ਲਾਈ ਗਈ ਵੈਕਸੀਨ ਬੱਚੇਦਾਨੀ ਦੇ ਮੂੰਹ ਦੇ ਕੈਂਸਰ ਅਤੇ ਹੋਰ ਕੈਂਸਰਾਂ ਤੋਂ ਬਚਾਅ ਲਈ ਇਕ ਸੁਰੱਖਿਤ ਅਤੇ ਪ੍ਰਭਾਵਸ਼ਾਲੀ ਟੀਕਾ ਹੈ ਭਾਰਤ ਸਰਕਾਰ 14 ਤੋਂ 15 ਸਾਲ ਦੀਆਂ ਕੁੜੀਆਂ ਨੂੰ ਸਰਕਾਰੀ ਸਿਹਤ ਕੇਂਦਰਾਂ ਤੇ ਮੁਫਤ ਟੀਕਾਕਰਨ ਮੁਹਿੰਮ ਚਲਾ ਰਹੀ ਹੈ ਇਹ ਟੀਕਾ ਜਿਨਸੀ ਤੌਰ ਤੇ ਸਰਗਰਮ ਹੋਣ ਤੋਂ ਪਹਿਲਾਂ ਲਗਵਾਉਣਾ ਸਭ ਤੋਂ ਵਧੀਆ ਮੰਨਿਆ ਜਾਂਦਾ ਹੈ ਇਸ ਟੀਕੇ ਦੀ ਮਹੱਤਤਾ ਬਾਰੇ ਸਕੂਲ ਵਿੱਚ ਜਾ ਕੇ ਹੈਲਥ ਡਿਪਾਰਟਮੈਂਟ ਵੱਲੋਂ ਕਿਸ਼ੋਰੀਆਂ ਨੂੰ ਇਸ ਵੈਕਸੀਨ ਸਬੰਧੀ ਜਾਣਕਾਰੀ ਦਿੱਤੀ ਗਈ ਇਹ ਵੈਕਸੀਨ 14 ਤੋਂ 15 ਸਾਲ ਦੀ ਉਮਰ ਵਿੱਚ ਸਭ ਤੋਂ ਵੱਧ ਪ੍ਰਭਾਵਸ਼ਾਲੀ ਹੈ ਇਸ ਦੀ ਸਿੰਗਲ ਡੋਜ ਲਗਾਈ ਜਾਂਦੀ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਬਲਾਕ ਐਜੂਕੇਟਰ ਜਤਿੰਦਰ ਸੂਦ ਨੇ ਦੱਸਿਆ ਕਿ ਇਹ ਵੈਕਸੀਨ ਹਰ ਸੈਂਟਰ ਤੇ ਹਰ ਸਰਕਾਰੀ ਹਸਪਤਾਲ ਵਿੱਚ ਫਰੀ ਲਗਾਈ ਜਾਂਦੀ ਹੈ। ਇਹ ਵਾਇਰਸ ਨਾਲ ਹੋਣ ਵਾਲੇ ਬੱਚੇਦਾਨੀ ਦੇ ਕੈਂਸਰ ਤੇ ਜਣਨ ਅੰਗਾਂ ਦੇ ਵਾਰਟਸ ਅਤੇ ਹੋਰ ਕੈਂਸਰਾਂ ਤੋਂ ਸੁਰੱਖਿਆ ਪ੍ਰਧਾਨ ਕਰਦੀ ਹੈ।

# ਪਿੰਡ ਸੰਧਵਾਂ ਦੇ ਸੁੰਦਰੀਕਰਨ ਤਹਿਤ ਮੇਨ ਰੋਡ 'ਤੇ ਪਾਰਕ ਦਾ ਨਿਰਮਾਣ ਕੀਤਾ ਜਾਵੇਗਾ : ਧਾਲੀਵਾਲ/ਕੁਸਲਾ



**ਕੋਟਕਪੂਰਾ, 7 ਮਾਰਚ (ਟਿੰਕੂ ਕੁਮਾਰ)** ਨੇੜਲੇ ਪਿੰਡ ਸੰਧਵਾਂ ਦੇ ਮੇਨ ਰੋਡ ਦੇ ਸੁੰਦਰੀਕਰਨ, ਪਾਰਕ ਬਣਾਉਣ, ਸਟਰੀਟ ਲਾਈਟਾਂ ਲਾਉਣ ਅਤੇ ਹੋਰ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਂਦੇ ਹੋਏ ਮਨਪ੍ਰੀਤ ਸਿੰਘ ਮਣੀ ਧਾਲੀਵਾਲ ਪੀ.ਆਰ.ਓ. ਅਤੇ ਸਾਧੂ ਰਾਮ ਕੁਸਲਾ ਓ.ਐੱਸ.ਡੀ. ਨੇ ਦੱਸਿਆ ਕਿ ਪੰਜਾਬ ਵਿਧਾਨ ਸਭਾ ਦੇ ਸਪੀਕਰ ਸਰਦਾਰ ਕੁਲਤਾਰ ਸਿੰਘ ਸੰਧਵਾਂ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪਿੰਡ ਸੰਧਵਾਂ ਦੇ ਮੇਨ ਰੋਡ 'ਤੇ ਇਕ ਸੁੰਦਰ ਪਾਰਕ ਦਾ ਨਿਰਮਾਣ ਕੀਤਾ ਜਾਵੇਗਾ। ਇਸ ਨਾਲ ਪਿੰਡ ਦੇ ਵਾਤਾਵਰਣ ਨੂੰ ਸੁੰਦਰ ਬਣਾਉਣ ਦੇ ਨਾਲ-ਨਾਲ ਲੋਕਾਂ ਨੂੰ ਸੈਰ-ਸਪਾਟੇ ਲਈ ਵੀ ਵਧੀਆ ਥਾਂ ਮਿਲੇਗੀ। ਉਨ੍ਹਾਂ ਦੱਸਿਆ ਕਿ ਪਿੰਡ ਦੀ ਗ੍ਰਾਮ ਪੰਚਾਇਤ, ਸਰਪੰਚ ਗੁਰਪ੍ਰੀਤ ਸਿੰਘ ਅਤੇ ਸਰਪੰਚ ਮੁਖਤਿਆਰ ਸਿੰਘ ਦੇ ਸਹਿਯੋਗ ਨਾਲ ਮੇਨ ਰੋਡ ਦੀ ਸਫਾਈ ਕਰਵਾ ਕੇ ਜੰਗਲਾਤ ਵਿਭਾਗ ਵੱਲੋਂ ਸਜਾਵਟੀ ਰੁੱਖ ਅਤੇ ਫੁੱਲਦਾਰ ਵੇਲਾਂ ਲਗਾ ਕੇ ਇਲਾਕੇ ਦਾ ਸੁੰਦਰੀਕਰਨ ਕੀਤਾ ਜਾਵੇਗਾ। ਇਸ ਤੋਂ ਇਲਾਵਾ ਪਿੰਡ ਵਿੱਚ ਸਟਰੀਟ ਲਾਈਟਾਂ ਅਤੇ ਹੋਰ ਬੁਨਿਆਦੀ ਸੁਵਿਧਾਵਾਂ ਨੂੰ ਵੀ ਮਜ਼ਬੂਤ ਕੀਤਾ ਜਾ ਰਿਹਾ ਹੈ ਤਾਂ ਜੋ ਪਿੰਡ ਦੇ ਲੋਕਾਂ ਨੂੰ ਵਧੀਆ ਸਹੂਲਤਾਂ ਮਿਲ ਸਕਣ। ਇਸ ਦੌਰਾਨ ਬਸਤੀ ਨਾਨਕਸਰ ਸੰਧਵਾਂ ਦੇ ਵਾਸੀਆਂ ਨੇ ਸਪੀਕਰ ਸੰਧਵਾਂ ਦੀ ਸਮੁੱਚੀ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿਛਲੇ ਕਈ ਦਹਾਕਿਆਂ ਤੋਂ ਬਸਤੀ ਨਾਨਕਸਰ ਦੇ ਛੱਪੜ ਦਾ ਪਾਣੀ ਓਵਰਫਲੋ ਹੋ ਕੇ ਲੋਕਾਂ ਦੇ ਘਰਾਂ ਵਿੱਚ ਵੜ ਰਿਹਾ ਸੀ ਅਤੇ ਬਿਮਾਰੀਆਂ ਦਾ ਕਾਰਨ ਬਣ ਰਿਹਾ ਸੀ। ਹੁਣ ਸਰਦਾਰ ਸੰਧਵਾਂ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪਿੰਡ ਦੀ ਗ੍ਰਾਮ ਪੰਚਾਇਤ ਵੱਲੋਂ ਇਸ ਸਮੱਸਿਆ ਦਾ ਹੱਲ ਕੀਤੇ ਜਾਣ ਕਾਰਨ ਇਲਾਕੇ ਦੇ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਹੈ। ਇਸ ਮੌਕੇ ਪਿੰਦਰ ਸੰਧਵਾਂ, ਦਲੀਪ ਸਿੰਘ, ਪੰਚਾਇਤ ਸਕੱਤਰ ਅਤੇ ਨਰੇਗਾ ਗ੍ਰਾਮ ਸੇਵਕ ਵੀ ਮੌਜੂਦ ਸਨ।

# ਕੇਂਦਰ ਦੀਆਂ ਸਕੀਮਾਂ ਨਾਲ ਲੋਕਾਂ ਨੂੰ ਸਿੱਧੇ ਤੌਰ 'ਤੇ ਮਿਲ ਰਿਹਾ ਆਰਥਿਕ ਲਾਭ - ਮੁਨੀਸ਼ ਬੱਬੀ ਦਾਨੇਵਾਲੀਆ

## ਪਿੰਡ ਮੱਤੀ 'ਚ ਦਰਜਨ ਦੇ ਕਰੀਬ ਪਰਿਵਾਰ ਹੋਏ ਭਾਜਪਾ 'ਚ ਸ਼ਾਮਲ



**ਭੀਖੀ, 7 ਮਾਰਚ (ਸੰਦੀਪ ਤਾਇਲ)** ਭਾਜਪਾ ਦੀਆਂ ਲੋਕ ਪੱਖੀ ਨੀਤੀਆਂ ਤੋਂ ਖੁਸ਼ ਹੋ ਕੇ ਅੱਜ ਨਜਦੀਕੀ ਪਿੰਡ ਮੱਤੀ ਵਿਖੇ ਦਰਜਨ ਦੇ ਕਰੀਬ ਪਰਿਵਾਰ ਜਿਲ੍ਹਾ ਜਨਰਲ ਸਕੱਤਰ ਮੁਨੀਸ਼ ਬੱਬੀ ਦਾਨੇਵਾਲੀਆ ਦੀ ਅਗੁਵਾਈ ਵਿੱਚ ਪਾਰਟੀ ਵਿੱਚ ਸ਼ਾਮਲ ਹੋਏ ਜਿਹਨਾਂ ਨੂੰ ਪਾਰਟੀ ਚਿੰਨ ਵਾਲਾ ਸਿਰੋਪਾਓ ਪਾਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮੁਨੀਸ਼ ਬੱਬੀ ਦਾਨੇਵਾਲੀਆ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਵਲੋਂ 185 ਦੇ ਕਰੀਬ ਸਕੀਮਾਂ ਚਲਾਈਆਂ ਜਾ ਰਹੀਆ ਹਨ ਜਿਵੇਂ ਕਿਸਾਨ ਸਨਮਾਨ ਨਿਧੀ, ਕਿਸਾਨ ਮਾਨਧਨ ਯੋਜਨਾ, ਫਸਲ ਬੀਮਾ ਯੋਜਨਾ, ਆਵਾਸ ਯੋਜਨਾ, ਸਵੈ ਨਿਧੀ ਯੋਜਨਾ, ਉੱਜਵਲਾ ਯੋਜਨਾ, ਸੁਕੰਨਿਆ ਸਮਰਿਧੀ ਯੋਜਨਾ, ਅਟਲ ਪੈਨਸ਼ਨ ਯੋਜਨਾ, ਜਨ ਧਨ ਯੋਜਨਾ, ਸੁਰੱਖਿਆ ਬੀਮਾ ਯੋਜਨਾ ਆਦਿ ਜਿੰਨਾ ਤਹਿਤ ਲੋਕਾਂ ਨੂੰ ਸਿੱਧੇ ਤੌਰ ਤੇ ਉਨਾਂ ਦੇ ਖਾਤਿਆਂ ਵਿੱਚ ਆਰਥਿਕ ਲਾਭ ਮਿਲ ਰਿਹਾ ਹੈ ਅਤੇ ਇਨ੍ਹਾਂ ਸਕੀਮਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਪਾਰਟੀ ਪਿੰਡਾਂ ਅੰਦਰ ਕੈਂਪ ਲਗਾ ਕੇ ਲੋਕਾਂ ਨੂੰ ਜਾਗਰੂਕ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਸੂਬਿਆਂ ਵਿਚ ਭਾਜਪਾ ਦੀ ਸਰਕਾਰ ਹੈ ਉਹ ਵਿਕਾਸ ਅਤੇ ਤਰੱਕੀ ਦੇ ਰਾਹ ਤੇ ਚੱਲ ਰਹੇ ਹਨ। ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਕਾਰਜਕਾਲ ਦੌਰਾਨ ਗੁੰਡਾਗਰਦੀ, ਲੁੱਟ ਖੋਹ, ਕਤਲ ਹੁਣ ਆਮ ਗੱਲ ਹੋ ਗਈ ਹੈ ਅਤੇ ਪੰਜਾਬ ਸਿਰ ਕਰਜੇ ਦੀ ਪੰਡ ਦਿਨੋ ਦਿਨ ਵਧ ਰਹੀ ਹੈ ਜਿਸਦਾ ਸਾਰਾ ਬੋਝ ਆਮ ਲੋਕਾਂ 'ਤੇ ਹੀ ਪੈਣਾ ਹੈ। ਇਸ ਲਈ ਸੂਬੇ ਨੂੰ ਮੁੜ ਤਰੱਕੀ ਵਲ ਲਿਜਾਣ ਲਈ ਸੂਬੇ ਅੰਦਰ ਭਾਜਪਾ ਦੀ ਸਰਕਾਰ ਬਣਾਉਣਾ ਲਾਜ਼ਮੀ ਹੈ ਅਤੇ ਸੂਬੇ ਦੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਚਲਦਾ ਕਰਨ ਦਾ ਮਨ ਬਣਾਈ ਬੈਠੇ ਹਨ। ਇਸ ਮੌਕੇ ਹਾਜ਼ਰੀਨ ਨੂੰ ਉਨ੍ਹਾਂ 14 ਮਾਰਚ ਦੀ ਮੋਗਾ ਰੈਲੀ ਲਈ ਤਿਆਰੀਆਂ ਖਿੱਚਣ ਲਈ ਅਪੀਲ ਕੀਤੀ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਭਾਜਪਾ ਦੀਆਂ ਨੀਤੀਆਂ ਪ੍ਰਤੀ ਲਾਮਬੰਦ ਕਰਕੇ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨ ਲਈ ਕਿਹਾ। ਇਸ ਮੌਕੇ ਬਬਲੀ ਸਿੰਘ, ਸੁਖਚੈਨ ਸਿੰਘ, ਗੱਗੂ ਸਿੰਘ, ਜਗਸੀਰ ਸਿੰਘ, ਜੱਗੀ ਸਿੰਘ, ਮਨਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਮਿੱਠੂ ਸਿੰਘ, ਸੂਬਾ ਸਿੰਘ, ਗੋਬਿੰਦ ਸਿੰਘ, ਗੁਰਪ੍ਰੀਤ ਸਿੰਘ, ਯੋਗ ਧਿਆਨ, ਬੂਟਾ ਸਿੰਘ, ਜੱਸੀ ਸਿੰਘ, ਗੁਰਜੰਟ ਸਿੰਘ, ਗੱਗੀ ਸਿੰਘ, ਲੱਖੀ ਸਿੰਘ, ਕਾਲਾ ਸਿੰਘ, ਗੁਰਪ੍ਰੀਤ ਸਿੰਘ ਆਦਿ ਦੇ ਪਰਿਵਾਰ ਭਾਜਪਾ ਵਿੱਚ ਸ਼ਾਮਲ ਹੋਏ। ਇਸ ਮੌਕੇ ਭਾਜਪਾ ਮੰਡਲ ਭੀਖੀ ਦੇ ਪ੍ਰਧਾਨ ਵਿਵੇਕ ਜੈਨ ਬੱਬੂ ਅਤੇ ਅਜੈ ਸ਼ਰਮਾ ਸਮਾਉਂ ਵੀ ਹਾਜਰ ਸਨ।



ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਪੰਜਾਬ ਪੁਲਿਸ ਉਹਨਾਂ ਸਾਰੀਆਂ ਮਹਿਲਾਵਾਂ ਦਾ ਦਿਲੋਂ ਸਨਮਾਨ ਅਤੇ ਸਤਿਕਾਰ ਕਰਦੀ ਹੈ ਜੋ ਆਪਣੀ ਡਿਊਟੀ ਨੂੰ ਪੂਰੀ ਇਮਾਨਦਾਰੀ ਨਾਲ ਨਿਭਾਉਂਦੀਆਂ ਹਨ ਅਤੇ ਨਾਲ ਹੀ ਆਪਣੇ ਪਰਿਵਾਰ ਦੀ ਜ਼ਿੰਮੇਵਾਰੀ ਵੀ ਬਖ਼ੂਬੀ ਸੰਭਾਲ ਰਹੀਆਂ ਹਨ। ਉਨ੍ਹਾਂ ਦੀ ਮਹਿਨਤ, ਹੌਸਲੇ ਅਤੇ ਸਮਰਪਣ ਨੂੰ ਸਲਾਮ।

**ਫੋਟੋ ਅਤੇ ਵੇਰਵਾ ਸ਼ਰਮਾ ਪੱਤਰਕਾਰ ਮਾਲੇਰਕੋਟਲਾ।**



ਐਸ.ਐਸ.ਪੀ ਸੰਗਰੂਰ ਵੱਲੋਂ ਸੰਗਰੂਰ ਪੁਲਿਸ ਦੇ ਅਧਿਕਾਰੀਆਂ ਨੂੰ ਆਪਣੀ ਡਿਊਟੀ ਅਟੁੱਟ ਵਚਨਬੱਧਤਾ, ਸਮਰਪਣ ਅਤੇ ਇਮਾਨਦਾਰੀ ਨਾਲ ਨਿਭਾਉਣ ਲਈ ਸਰਟੀਫਿਕੇਟ ਅਤੇ ਨਕਦ ਇਨਾਮ ਨਾਲ ਸਨਮਾਨਿਤ ਕੀਤਾ ਗਿਆ। ਸਾਰੇ ਅਧਿਕਾਰੀਆਂ ਨੂੰ ਇਸ ਯੋਗ ਸਨਮਾਨ ਲਈ ਵਧਾਈ! **ਫੋਟੋ ਅਤੇ ਵੇਰਵਾ ਸ਼ਰਮਾ ਪੱਤਰਕਾਰ ਸੰਗਰੂਰ।**

# ਫਲ ਵਿਕਰੇਤਾ ਨੇ ਲੱਖਾਂ ਰੁਪਏ ਦੇ ਗਹਿਣੇ ਅਤੇ ਸਮਾਨ ਵਾਪਸ ਕਰਕੇ ਇਮਾਨਦਾਰੀ ਦੀ ਮਿਸਾਲ ਕਾਇਮ ਕੀਤੀ



**ਤਪਾ ਮੰਡੀ, 07 ਮਾਰਚ (ਬੰਟੀ ਦੀਕਸ਼ਿਤ,ਮੇਸੀ ਤਪਾ):** ਅੱਜ ਦੇ ਸਮੇਂ ਵਿੱਚ ਜਿੱਥੇ ਅਕਸਰ ਲੋਕ ਛੋਟੀ ਤੋਂ ਛੋਟੀ ਚੀਜ਼ ਵੀ ਵਾਪਸ ਕਰਨ ਤੋਂ ਕਤਰਾਉਂਦੇ ਹਨ, ਉੱਥੇ ਤਪਾ ਮੰਡੀ ਵਿੱਚ ਇਕ ਫਲ ਵਿਕਰੇਤਾ ਨੇ ਲੱਖਾਂ ਰੁਪਏ ਦੇ ਗਹਿਣੇ ਅਤੇ ਹੋਰ ਕੀਮਤੀ ਸਮਾਨ ਵਾਪਸ ਕਰਕੇ ਇਮਾਨਦਾਰੀ ਦੀ ਵੱਡੀ ਮਿਸਾਲ ਪੇਸ਼ ਕੀਤੀ ਹੈ।ਇਸ ਘਟਨਾ ਦੀ ਚਰਚਾ ਪੂਰੇ ਇਲਾਕੇ ਵਿੱਚ ਹੋ ਰਹੀ ਹੈ ਅਤੇ ਲੋਕ ਉਸ ਦੀ ਸੱਚਾਈ ਦੀ ਪ੍ਰਸ਼ੰਸਾ ਕਰ ਰਹੇ ਹਨ। ਮਿਲੀ ਜਾਣਕਾਰੀ ਅਨੁਸਾਰ ਤਪਾ ਮੰਡੀ ਦੇ ਬਾਲਮੀਕ ਚੌਕ ਵਿੱਚ ਇੱਕ ਮਹਿਲਾ ਚਰਨਜੀਤ ਕੌਰ ਵਾਸੀ ਢਿਲਵਾਂ ਫਲ ਖਰੀਦਣ ਲਈ ਰਮੇਸ਼ ਕੁਮਾਰ ਬਾਬੂ ਕੋਲ ਆਈ ਸੀ। ਫਲ ਖਰੀਦਣ ਤੋਂ ਬਾਅਦ ਉਹ ਆਪਣਾ ਬੈਗ ਉੱਥੇ ਹੀ ਭੁੱਲ ਗਈ। ਕੁਝ ਸਮੇਂ ਬਾਅਦ ਫਲ ਵਿਕਰੇਤਾ ਨੂੰ ਉਹ ਬੈਗ ਮਿਲਿਆ। ਜਦੋਂ ਉਸ ਨੇ ਬੈਗ ਦੀ ਜਾਂਚ ਕੀਤੀ ਤਾਂ ਉਸ ਵਿੱਚ ਲੱਖਾਂ ਰੁਪਏ ਦੇ ਗਹਿਣੇ ਅਤੇ ਹੋਰ ਕੀਮਤੀ ਸਮਾਨ ਮੌਜੂਦ ਸੀ। ਫਲ ਵਿਕਰੇਤਾ ਨੇ ਬਿਨਾਂ ਕਿਸੇ ਲਾਲਚ ਦੇ ਉਸ ਬੈਗ ਨੂੰ ਆਪਣੇ ਕੋਲ ਸੁਰੱਖਿਅਤ ਰੱਖਿਆ ਅਤੇ ਉਸ ਦੇ ਅਸਲ ਮਾਲਕ ਦੀ ਖੋਜ ਕਰਨੀ ਸ਼ੁਰੂ ਕਰ ਦਿੱਤੀ। ਬਾਅਦ ਵਿੱਚ ਮਾਲਕ ਦੀ ਪਛਾਣ ਹੋਣ 'ਤੇ ਉਸ ਨੇ ਸਾਰਾ ਸਮਾਨ ਵਾਪਸ ਕਰ ਦਿੱਤਾ। ਸਮਾਨ ਵਾਪਸ ਮਿਲਣ 'ਤੇ ਔਰਤ ਚਰਨਜੀਤ ਕੌਰ ਅਤੇ ਉਸ ਦੇ ਪਰਿਵਾਰਿਕ ਪਵਨਦੀਪ ਸਿੰਘ ਜਿਉਂਦ ਵੀ ਉਸ ਨਾਲ ਸੀ ਨੇ ਫਲ ਵਿਕਰੇਤਾ ਦਾ ਧੰਨਵਾਦ ਕੀਤਾ ਅਤੇ ਉਸ ਦੀ ਇਮਾਨਦਾਰੀ ਦੀ ਭਰਪੂਰ ਸਰਾਹਨਾ ਕੀਤੀ। ਇਸ ਮੌਕੇ ਰਮੇਸ਼ ਕੁਮਾਰ ਗਾਂਧੀ,ਅਰੁਣ ਕੁਮਾਰ ਬੀਟਾ,ਵਪਾਰ ਮੰਡਲ ਦੇ ਪ੍ਰਧਾਨ ਦੀਪਕ ਬਾਂਸਲ ਵੀ ਨਾਲ ਸਨ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਘਟਨਾਵਾਂ ਸਮਾਜ ਵਿੱਚ ਭਰੋਸਾ ਅਤੇ ਇਨਸਾਨੀਅਤ ਨੂੰ ਮਜ਼ਬੂਤ ਕਰਦੀਆਂ ਹਨ।

# ਤਪਾ ਥਾਣੇ 'ਚ ਪੁਲਿਸ ਅਧਿਕਾਰੀਆਂ ਦੀ ਮੀਟਿੰਗ, ਕਾਨੂੰਨ-ਵਿਵਸਥਾ ਤੇ ਨਸ਼ਾ ਰੋਕੂ ਮੁਹਿੰਮ ਤੇਜ਼ ਕਰਨ ਦੇ ਹੁਕਮ



**ਤਪਾ ਮੰਡੀ, 07 ਮਾਰਚ (ਬੰਟੀ ਦੀਕਸ਼ਿਤ, ਮੇਸੀ ਤਪਾ):** ਡੀ.ਐਸ.ਪੀ. ਤਪਾ ਗੁਰਪ੍ਰੀਤ ਸਿੰਘ ਸਿੱਧੂ ਦੀ ਅਗਵਾਈ ਹੇਠ ਥਾਣਾ ਤਪਾ ਵਿਖੇ ਥਾਣਾ ਮੁਖੀ ਸ਼ਰੀਫ ਖਾਨ ਨੇ ਪੁਲਿਸ ਅਧਿਕਾਰੀਆਂ ਅਤੇ ਮੁਲਾਜ਼ਮਾਂ ਨਾਲ ਇਕ ਮਹੱਤਵਪੂਰਨ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਸ਼ਹਿਰ ਦੀ ਕਾਨੂੰਨ-ਵਿਵਸਥਾ ਮਜ਼ਬੂਤ ਕਰਨ ਅਤੇ ਨਸ਼ਿਆਂ ਖ਼ਿਲਾਫ਼ ਚੱਲ ਰਹੀ ਮੁਹਿੰਮ ਨੂੰ ਹੋਰ ਤੇਜ਼ ਕਰਨ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਥਾਣਾ ਮੁਖੀ ਨੇ ਸਿਟੀ ਇੰਚਾਰਜ, ਸਹਾਇਕ ਥਾਣੇਦਾਰਾਂ ਅਤੇ ਹੋਰ ਪੁਲਿਸ ਕਰਮਚਾਰੀਆਂ ਤੋਂ ਵੱਖ-ਵੱਖ ਮੁਕੱਦਮਿਆਂ ਦੀ ਜਾਂਚ ਸੰਬੰਧੀ ਰਿਪੋਰਟ ਹਾਸਲ ਕੀਤੀ। ਜਿਨ੍ਹਾਂ ਅਧਿਕਾਰੀਆਂ ਕੋਲ ਸ਼ਿਕਾਇਤਾਂ ਪੈਂਡਿੰਗ ਪਈਆਂ ਹਨ, ਉਨ੍ਹਾਂ ਨੂੰ ਜਲਦੀ ਨਿਪਟਾਰਾ ਕਰਨ ਲਈ ਸਖ਼ਤ ਹਦਾਇਤਾਂ ਦਿੱਤੀਆਂ ਗਈਆਂ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਇਨਸਾਫ਼ ਮੁਹੱਈਆ ਕਰਵਾਉਣਾ ਪੁਲਿਸ ਦੀ ਪਹਿਲੀ ਜ਼ਿੰਮੇਵਾਰੀ ਹੈ ਅਤੇ ਕਿਸੇ ਵੀ ਸ਼ਿਕਾਇਤ ਨੂੰ ਲੰਬੇ ਸਮੇਂ ਤੱਕ ਬਕਾਇਆ ਨਹੀਂ ਰਹਿਣ ਦਿੱਤਾ ਜਾਵੇਗਾ। ਥਾਣਾ ਮੁਖੀ ਸ਼ਰੀਫ ਖਾਨ ਨੇ ਕਿਹਾ ਕਿ ਸ਼ਹਿਰ ਵਿੱਚ ਅਮਨ-ਸ਼ਾਂਤੀ ਕਾਇਮ ਰੱਖਣ ਲਈ ਪੁਲਿਸ ਪੂਰੀ ਤਰ੍ਹਾਂ ਵਚਨਬੱਧ ਹੈ। ਨਾਲ ਹੀ ਨਸ਼ਾ ਤਸਕਰੀ ਅਤੇ ਸਮਾਜ ਵਿਰੋਧੀ ਗਤੀਵਿਧੀਆਂ ਨੂੰ ਰੋਕਣ ਲਈ ਪੁਲਿਸ ਦੀ ਕਾਰਵਾਈ ਨੂੰ ਹੋਰ ਤੀਬਰ ਕੀਤਾ ਜਾਵੇਗਾ। ਇਸ ਮੌਕੇ ਸਿਟੀ ਇੰਚਾਰਜ ਬਲਜੀਤ ਸਿੰਘ ਢਿੱਲੋਂ, ਸਹਾਇਕ ਥਾਣੇਦਾਰ ਰਣਜੀਤ ਸਿੰਘ, ਮਨਜਿੰਦਰ ਸਿੰਘ, ਨਿੰਦਰਪਾਲ ਕੌਰ,ਹਰਵਿੰਦਰ ਪਾਲ ਸਿੰਘ, ਮੁੱਖ ਮੁਨਸ਼ੀ ਦਵਿੰਦਰ ਸਿੰਘ ਸਮੇਤ ਕਈ ਹੋਰ ਪੁਲਿਸ ਮੁਲਾਜ਼ਮ ਹਾਜ਼ਰ ਸਨ। ਪੁਲਿਸ ਵੱਲੋਂ ਸ਼ਹਿਰ ਵਾਸੀਆਂ ਨੂੰ ਵੀ ਅਪੀਲ ਕੀਤੀ ਗਈ ਕਿ ਉਹ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਕਾਰਵਾਈ ਵਿੱਚ ਪੁਲਿਸ ਦਾ ਸਹਿਯੋਗ ਦੇਣ।

# ਸਰਦਾਰੀਆਂ ਯੂਥ ਵੈਲਫੇਅਰ ਕਲੱਬ ਦੇ ਪ੍ਰਧਾਨ ਹਰਦੀਪ ਸਿੰਘ ਢਿੱਲੋਂ ਰਾਈਆ ਨੂੰ ਸਦਮਾ, ਮਾਤਾ ਦਾ ਦਿਹਾਂਤ

**ਭਗਤਾ ਭਾਈ, 7 ਮਾਰਚ (ਰਾਜਿੰਦਰ ਸਿੰਘ ਮਰਾਹੜ)** ਸਰਦਾਰੀਆਂ ਯੂਥ ਵੈਲਫੇਅਰ ਕਲੱਬ ਰਾਈਆ ਦੇ ਪ੍ਰਧਾਨ ਅਤੇ ਬਲੱਡ ਡੋਨਰ ਕੌਂਸਲ ਰਾਮਪੁਰਾ ਦੇ ਮੀਤ ਪ੍ਰਧਾਨ ਹਰਦੀਪ ਸਿੰਘ ਢਿੱਲੋਂ ਰਾਈਆ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ ਜਦੋਂ ਉਨ੍ਹਾਂ ਦੇ ਸਤਿਕਾਰਯੋਗ ਮਾਤਾ ਨਸੀਬ ਕੌਰ (ਧਰਮ ਪਤਨੀ ਸਰਦਾਰ ਲਾਭ ਸਿੰਘ ਢਿੱਲੋਂ) ਬੀਤੀ 1 ਮਾਰਚ ਨੂੰ ਅਕਾਲ ਚਲਾਣਾ ਕਰ ਗਏ ਹਨ। ਮਾਤਾ ਦੀ ਇਸ ਬੇਵਕਤੀ ਮੌਤ ਦੇ ਨਾਲ ਢਿੱਲੋਂ ਪਰਿਵਾਰ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਇਸ ਦੁੱਖ ਦੀ ਘੜੀ ਦੇ



ਵਿੱਚ ਪਰਿਵਾਰ ਨਾਲ ਬਲੱਡ ਡੋਨਰ ਕੌਂਸਲ ਰਾਮਪੁਰਾ, ਮਾਨਵ ਸੇਵਾ ਬਲੱਡ ਡੋਨਰਜ ਸੁਸਾਇਟੀ ਫੂਲ ਟਾਊਨ, ਸਹਾਰਾ ਜਨ ਸੇਵਾ ਕਲੱਬ ਸੰਧੂ ਖੁਰਦ, ਡਾ: ਜੈ ਸਿੰਘ ਮਠਾੜੂ ਬਲੱਡ ਡੋਨਰਜ ਕਲੱਬ ਦੀਪਗੜ੍ਹ, ਸੰਤ ਲਾਲ ਮੁਨੀ ਜੀ ਕਲੱਬ ਰਾਜਗੜ੍ਹ, ਬਾਬਾ ਭਾਈ ਮੇਲਾ ਜੀ ਕਲੱਬ ਘੰਡਾਬੰਨਾ, ਦੋਧੀ ਯੂਨੀਅਨ ਰਾਮਪੁਰਾ ਫੂਲ, ਗੁਰਦੁਆਰਾ ਸ਼ਕਤੀਸਰ ਸਾਹਿਬ ਪ੍ਰਬੰਧਕੀ ਕਮੇਟੀ ਰਾਈਆ, ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਕਲੱਬ ਢਿਪਾਲੀ, ਮਨੁੱਖਤਾ ਦੀ ਸੇਵਾ ਕਲੱਬ ਰਾਈਆ, ਯੂਥ ਵੈਲਫੇਅਰ ਕਲੱਬ ਰਾਈਆ, ਸਿੱਧ ਬਾਬਾ ਪ੍ਰੀਤਮ ਦਾਸ ਕਲੱਬ ਰਾਈਆ, ਸਰਦਾਰੀਆਂ ਯੂਥ ਵੈਲਫੇਅਰ ਕਲੱਬ ਰਾਈਆ ਤੋਂ ਇਲਾਵਾ ਹੋਰ ਵੱਖ ਵੱਖ ਰਾਜਨੀਤਿਕ, ਧਾਰਮਿਕ, ਸਮਾਜਿਕ ਜਥੇਬੰਦੀਆਂ ਅਤੇ ਪਿੰਡ ਦੀਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦੇ ਆਗੂਆਂ ਨੇ ਢਿੱਲੋਂ ਪਰਿਵਾਰ ਦੇ ਨਾਲ ਦੁੱਖ ਸਾਂਝਾ ਕੀਤਾ। ਮਾਤਾ ਨਸੀਬ ਕੌਰ ਢਿੱਲੋਂ ਦੇ ਨਮਿੱਤ ਰੱਖੇ ਗਏ ਸਹਿਜ ਪਾਠ ਦੇ ਭੋਗ ਅਤੇ ਅੰਤਿਮ ਅਰਦਾਸ 8 ਮਾਰਚ ਦਿਨ ਐਤਵਾਰ ਨੂੰ ਗੁਰਦੁਆਰਾ ਸਾਹਿਬ ਪਿੰਡ ਰਾਈਆ ਜ਼ਿਲ੍ਹਾ (ਬਠਿੰਡਾ) ਵਿਖੇ ਦੁਪਹਿਰ 12:30 ਵਜੇ ਹੋਵੇਗੀ। ਹਰਦੀਪ ਸਿੰਘ ਢਿੱਲੋਂ ਨੇ ਦੱਸਿਆ ਕਿ ਉਨਾਂ ਦੇ ਪਰਿਵਾਰ ਵੱਲੋਂ ਮਾਤਾ ਨਸੀਬ ਕੌਰ ਢਿੱਲੋਂ ਦੀ ਨਿੱਘੀ ਯਾਦ ਵਿੱਚ ਖ਼ੂਨਦਾਨ ਕੈਂਪ ਵੀ ਲਗਾਇਆ ਜਾਵੇਗਾ।

**ਮੁਦਰਕ, ਪ੍ਰਕਾਸ਼ਕ ਅਤੇ ਸਵਾਮੀ ਰਵੀਨਾ ਰਾਣੀ ਨੇ ਪੁਸ਼ਪਕ ਪ੍ਰਿੰਟਰ, ਚੱਕ ਰੋਡ ਨੇੜੇ ਖਾਲਸਾ ਸਕੂਲ, ਸ੍ਰੀ ਮੁਕਤਸਰ ਸਾਹਿਬ ਤੋਂ ਛਪਵਾ ਕੇ ਮਾਲਵਾ ਬਾਣੀ ਦਫਤਰ, ਖੱਡੀਆਂ ਵਾਲੀ ਗਲੀ, ਹਾਊਸ ਨੰਬਰ 1740 , ਸ੍ਰੀ ਮੁਕਤਸਰ ਸਾਹਿਬ ਤੋਂ ਪ੍ਰਕਾਸ਼ਿਤ ਕੀਤਾ। ਸੰਪਾਦਕ ਰਵੀਨਾ ਰਾਣੀ**

**Rni.PUNPUN/2022/85964**

# ਮਸਜਿਦ ਹਬੀਬ ਕਮੇਟੀ ਪਿੰਡ ਗੁਣੀਕੇ ਨਾਭਾ ਵੱਲੋਂ ਲੋੜਵੰਦ ਪਰਿਵਾਰਾਂ ਨੂੰ ਵੰਡਿਆ ਰਾਸ਼ਨ



**ਨਾਭਾ 7 ਮਾਰਚ (ਅਮਨ ਗਰਗ)** ਨਾਭਾ ਸ਼ਹਿਰ ਦੇ ਨਜ਼ਦੀਕ ਪੈਂਦੇ ਪਿੰਡ ਗੁਣੀਕੇ ਵਿੱਖੇ ਮਸਜਿਦ ਹਬੀਬ ਕਮੇਟੀ ਦੇ ਵੱਲੋਂ ਮੁੱਖ ਮਹਿਮਾਨ ਕਾਰੀ ਆਦਿਲ ਹਾਸ਼ਮੀ ਅਤੇ ਉਹਨਾਂ ਦੇ ਸਾਥੀ ਮੀਆਂ ਹਾਸ਼ਮੀ ਜੀ ਦਾ ਪਿੰਡ ਗੁਣੀਕੇ ਪਹੁੰਚਣ ਤੇ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਸਰਪੰਚ ਬਾਬਾ ਭਰਪੂਰ ਸਿੰਘ,ਪੰਚ ਲਾਲਾ ਸਿੰਘ, ਕਸ਼ਮੀਰ ਸਿੰਘ, ਲਖਬੀਰ ਸਿੰਘ ਅਤੇ ਆਮ ਆਦਮੀ ਪਾਰਟੀ ਨਾਭਾ ਦੇ ਬਲਾਕ ਪ੍ਰਧਾਨ ਗੁਰਚਰਨ ਸਿੰਘ ਸੇਖੋਂ ਪਿੰਡ ਲੁਹਾਰ ਮਾਜਰਾ ਤੇ ਮਸਜਿਦ ਹਬੀਬ ਕਮੇਟੀ ਵੱਲੋਂ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ ਗਿਆ। ਜਿਸ ਵਿੱਚ ਘਿਓ,ਆਟਾ,ਦਾਲ,ਚੌਲ, ਖਜੂਰ ਰਾਸ਼ਨ ਵਜੋਂ ਦਿੱਤਾ ਗਿਆ। ਇਸ ਮੌਕੇ ਲੋੜਵੰਦ ਪਰਿਵਾਰਾਂ ਦੇ ਵੱਲੋਂ ਮਸਜਿਦ ਹਬੀਬ ਕਮੇਟੀ ਅਤੇ ਗ੍ਰਾਮ ਪੰਚਾਇਤ ਪਿੰਡ ਗੁਣੀਕੇ ਦਾ ਦਿਲੋਂ ਧੰਨਵਾਦ ਕੀਤਾ।

# ਪੱਤਰਕਾਰ ਰਣਧੀਰ ਮੋਦਗਿਲ ਦੀ ਤਾਈ ਸੱਤਿਆ ਦੇਵੀ ਨਮਿਤ ਅੰਤਿਮ ਅਰਦਾਸ ਹੋਈ



**ਨਾਭਾ 7 ਮਾਰਚ (ਅਮਨ ਗਰਗ)** ਪੱਤਰਕਾਰ ਰਣਧੀਰ ਮੋਦਗਿਲ ਦੀ ਤਾਈ ਸੱਤਿਆ ਦੇਵੀ ਦੀ ਅੰਤਿਮ ਅਰਦਾਸ ਵਿਚ ਰਾਜਨੀਤਿਕ ਆਗੂ ਤੇ ਰਿਸ਼ਤੇਦਾਰ ਤੇ ਦੋਸਤ ਨੇ ਦੁੱਖ ਵਿੱਚ ਸ਼ਾਮਿਲ ਹੋ ਕੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਹਲਕਾ ਨਾਭਾ ਦੇ ਮੁੱਖ ਸੇਵਾਦਾਰ ਬੀਜੇਪੀ ਤੋਂ ਬਰਿੰਦਰ ਬਿੱਟੂ, ਨਾਭਾ ਬਲਾਕ ਦੇ ਪ੍ਰਧਾਨ ਪਰਮਿੰਦਰ ਗੁਪਤਾ, ਧਰਮਪਾਲ ਮਿੱਤਲ, ਰਾਮਕ੍ਰਿਸ਼ਨ ਭੱਲਾ, ਭਾਟੀਆ, ਰਾਜੂ ਨੋਕਵਾਲ ਅਤੇ ਭਾਜਪਾ ਦੇ ਸੀਨੀਅਰ ਆਗੂ ਹਾਜ਼ਿਰ ਰਹੇ। ਬੀਜੇਪੀ ਤੋਂ ਹਲਕਾ ਦੇ ਮੁੱਖ ਸੇਵਾਦਾਰ ਗੁਰਪ੍ਰੀਤ ਸ਼ਾਹਪੁਰ, ਬੀਜੇਪੀ ਤੋਂ ਪਰਮਜੀਤ ਕੈਂਥ, ਆਮ ਆਦਮੀ ਦੇ ਬਲਾਕ ਇੰਚਾਰਜ ਭੁਪਿੰਦਰ ਸਿੰਘ ਕੱਲਰ ਮਾਜਰੀ, ਐਮ ਸੀ ਕਸ਼ਮੀਰੀ ਲਾਲਕਾ, ਵੇਦ ਚੰਦ ਮੰਡੋਰ, ਭੀਮ ਸ਼ਰਮਾ, ਭਵੇਸ਼ ਬਾਂਸਲ, ਸਾਬਕਾ ਕੈਬਨਿਟ ਮੰਤਰੀ ਸਾਧੂ ਸਿੰਘ ਧਰਮਸੋਤ ਦੇ ਪੀਏ ਚਰਨਜੀਤ ਬਾਤਿਸ਼, ਐਮ ਸੀ ਅੰਜਨਾ ਬਾਤਿਸ਼, ਸੰਜੀਵ ਸ਼ਰਮਾ ,ਫਿਰੋਜ਼ ਖਾਨ ਭੋਲਾ, ਗੋਰਖਨਾਥ ਪੀਠ ਦੇ ਪੰਜਾਬ ਪ੍ਰਭਾਰੀ ਅਸ਼ਵਨੀ ਸ਼ਰਮਾ, ਸਮਾਜ ਸੇਵਕ ਹਲਕਾ ਨਾਭਾ ਦੀ ਆਵਾਜ਼ ਵੱਲੋ ਗਰੁੱਪ ਦੇ ਸੁੱਖਪਾਲ ਸਿੰਘ ਦੁਲੱਦੀ, ਜਗਦੀਸ਼ ਚੰਦ ਬੱਤਾ, ਸ਼ਿਵ ਸੈਨਾ ਤੋਂ ਆਈਟੀ ਸੈਲ ਦੇ ਪ੍ਰਧਾਨ ਰਿੰਕੂ ਭਾਰਤਵਾਜ ਆਜ਼ਾਦ ਪ੍ਰੈਸ ਕਲੱਬ ਦੇ ਪੱਤਰਕਾਰ ਗੁਰਤੇਜ ਸਿੰਘ ਬੂਹੀ, ਗੁਰਮੁਖ ਸਿੰਘ, ਮਨਦੀਪ ਕੋਸ਼ਿਕ ਤੇ ਸਾਰੇ ਪੱਤਰਕਾਰ ਭਰਾਵਾਂ ਨੇ ਹਾਜ਼ਰੀ ਲਵਾਈ। ਪੰਜਾਬੀ ਫਿਲਮ ਐਕਟਰ ਕੁਲਵੰਤ ਖੱਟੜਾ, ਸਿੱਖ ਸਦਦਲ ਭਾਵਨਾ ਦੇ ਪੰਜਾਬ ਕਾਰਜਕਾਰੀ ਪ੍ਰਧਾਨ ਗੁਰਮੀਤ ਸਿੰਘ ਬੂਹੀ, ਬੀਜੇਪੀ ਤੋਂ ਜਤਿੰਦਰ ਹੰਸ, ਸੋਨੀ ਹੰਸ, ਗਿਆਨ ਬਿਰਦੀ ਸ਼ੰਭੂ ਨਾਥ ਬਿਰਦੀ ਸ਼ਾਮਲ ਹੋਏ।

# ਵਿਧਾਇਕ ਰਜਨੀਸ਼ ਦਹੀਆ ਵੱਲੋਂ ਪਿੰਡ ਜੋਧਪੁਰ ਦੀ ਸਰਬਸੰਮਤੀ ਨਾਲ ਚੁਣੀ ਪੰਚਾਇਤ ਨੂੰ ਪੰਜ ਲੱਖ ਦਾ ਚੈੱਕ ਭੇਂਟ



**ਮਮਦੋਟ, 7 ਮਾਰਚ (ਗੁਰਪ੍ਰੀਤ ਸਿੰਘ ਸੰਧੂ)** ਪਿੰਡਾਂ ਵਿੱਚ ਆਪਸੀ ਧੜੇਬੰਦੀ ਖਤਮ ਕਰਨ ਦੇ ਉਦੇਸ਼ ਨਾਲ ਪੰਜਾਬ ਵਿੱਚ ਪੰਚਾਇਤ ਚੋਣਾਂ ਸਮੇਂ ਮਾਨਯੋਗ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਸਰਬ ਸੰਮਤੀ ਨਾਲ ਚੁਣੀਆਂ ਪੰਚਾਇਤਾਂ ਨੂੰ 5 ਲੱਖ ਰੁਪਏ ਦੀ ਵਿਸ਼ੇਸ਼ ਗਰਾਂਟ ਦਿਤੇ ਜਾਣ ਦੇ ਕੀਤੇ ਐਲਾਨ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ ਤੇ ਇਸ ਨਾਲ ਪਿੰਡਾਂ ਵਿੱਚ ਜਿੱਥੇ ਆਪਸੀ ਧੜੇਬੰਦੀ ਖਤਮ ਹੋਈ ਹੈ ਉੱਥੇ ਪਿੰਡਾਂ ਨੂੰ ਮਿਲਣ ਵਾਲੀ 5 ਲੱਖ ਰੁਪਏ ਦੀ ਗਰਾਂਟ ਵੀ ਵਿਕਾਸ ਕਾਰਜਾਂ ਵਿੱਚ ਸਹਾਈ ਹੋ ਰਹੀ ਹੈ। ਇਸ ਗੱਲ ਦਾ ਪ੍ਰਗਟਾਵਾ ਐਡਵੋਕੇਟ ਰਜਨੀਸ਼ ਦਹੀਆ ਐਮ ਐਲ ਏ ਹਲਕਾ ਫਿਰੋਜ਼ਪੁਰ ਦਿਹਾਤੀ ਨੇ ਪਿੰਡ ਜੋਧਪੁਰ ਦੀ ਸਰਬ ਸੰਮਤੀ ਨਾਲ ਚੁਣੀ ਪੰਚਾਇਤ ਨੂੰ 5 ਲੱਖ ਰੁਪਏ ਦਾ ਚੈੱਕ ਦੇਣ ਸਮੇਂ ਗੱਲਬਾਤ ਦੌਰਾਨ ਕੀਤਾ. ਵਿਧਾਇਕ ਦੇ ਮੁੱਖ ਦਫਤਰ ਤੋਂ ਇਹ ਚੈੱਕ ਪਿੰਡ ਜੋਧਪੁਰ ਦੇ ਸਰਪੰਚ ਬਲਕਾਰ ਸਿੰਘ, ਸੀਨੀਅਰ ਆਗੂ ਗੁਰਨਾਮ ਸਿੰਘ ਮਲਕੀਤ ਸਿੰਘ ਬਾਊ, ਦਿਲਸ਼ੇਰ ਸਿੰਘ ਅਤੇ ਸਮਾਜ ਸੇਵੀ ਜਸਬੀਰ ਸਿੰਘ ਮਹਿਰੋਕ ਨੇ ਪ੍ਰਾਪਤ ਕਰਦਿਆਂ ਵਿਧਾਇਕ ਨੂੰ ਵਿਸ਼ਵਾਸ ਦੁਆਇਆ ਕਿ ਸਰਕਾਰ ਵੱਲੋਂ ਪਿੰਡ ਦੇ ਵਿਕਾਸ ਕਾਰਜਾਂ ਵਾਸਤੇ ਭੇਜੀ ਜਾਣ ਵਾਲੀ ਗਰਾਂਟ ਦਾ ਇੱਕ ਇੱਕ ਪੈਸਾ ਪਿੰਡ ਦੇ ਵਿਕਾਸ ਤੇ ਖਰਚ ਕੀਤਾ ਜਾਵੇਗਾ. ਇਸ ਮੌਕੇ ਓਹਨਾ ਨਾਲ ਬਲਰਾਜ ਸਿੰਘ ਸੰਧੂ ਚੇਅਰਮੈਨ ਮਾਰਕੀਟ ਕਮੇਟੀ ਮਮਦੋਟ ਤੇ ਵਿਧਾਇਕ ਦੇ ਨਿੱਜੀ ਸਕੱਤਰ ਰੋਬੀ ਸੰਧੂ ਅਤੇ ਡਾ: ਪਵਨ ਸੋਲੰਕੀ ਵੀ ਸਨ।

# ਬੀ. ਐੱਸ. ਸੀ ਨਾਨ ਮੈਡੀਕਲ ਪੰਜਵਾ ਸਮੈਸਟਰ ਦਾ ਨਤੀਜਾ 100 ਪ੍ਰਤੀਸ਼ਤ

## ਵਿਦਿਆਰਥੀਆਂ ਨੇ ਹਰ ਖੇਤਰ ਵਿੱਚ ਆਪਣੀ ਪ੍ਰਤਿਭਾ ਦਾ ਕੀਤਾ ਸ਼ਾਨਦਾਰ ਪ੍ਰਦਰਸ਼ਨ - ਮੈਡਮ ਬਾਂਗਾ



**ਮਾਛੀਵਾੜਾ ਸਾਹਿਬ 7 ਮਾਰਚ (ਮਾਸਟਰ ਸਤੀਸ਼ ਕੁਮਾਰ)** ਸਥਾਨਕ ਸਰਕਾਰੀ ਕਾਲਜ ਮਾਛੀਵਾੜਾ ਦੇ ਵਿਦਿਆਰਥੀ ਵਿਦਿਅਕ, ਸੱਭਿਆਚਾਰਕ ਤੇ ਖੇਡਾਂ ਵਿੱਚ ਮੱਲਾਂ ਮਾਰਨ ਵਿੱਚ ਮੋਹਰੀ ਰਹੇ ਹਨ ਪ੍ਰਿੰਸੀਪਲ ਨੰਦਿਨੀ ਵੈਦ ਦੀ ਅਗਵਾਈ ਵਿੱਚ ਵਿਦਿਆਰਥੀ ਹਰ ਖੇਤਰ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਦੇ ਹਨ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨੇ ਨਤੀਜਿਆਂ ਵਿੱਚ ਕਾਲਜ ਦੇ ਸਾਇੰਸ ਵਿਭਾਗ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਨਤੀਜੇ ਪ੍ਰਾਪਤ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ । ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਮੀਡੀਆ ਇੰਚਾਰਜ ਡਾ. ਕਮਲਜੀਤ ਕੌਰ ਬਾਂਗਾ ਨੇ ਦੱਸਿਆ ਕਿ ਕਲਾਸ ਦੇ ਨਤੀਜੇ 100 ਪ੍ਰਤੀਸ਼ਤ ਰਹੇ ਵਿਦਿਆਰਥਣ ਪਰਦੀਪ ਕੌਰ ਨੇ 81.6 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਕਾਲਜ ਵਿੱਚ ਪਹਿਲਾ ਸਥਾਨ, ਅਵਦੀਪ ਕੌਰ ਨੇ 79.6 ਪ੍ਰਤੀਸ਼ਤ ਅੰਕਾਂ ਨਾਲ ਦੂਜਾ ਤੇ ਕਿਰਨ ਨੇ 76.7 ਪ੍ਰਤੀਸ਼ਤ ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਵਿਦਿਆਰਥੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ ਲਈ ਪ੍ਰਿੰਸੀਪਲ ਨੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਵਿਭਾਗ ਦੇ ਅਧਿਆਪਕਾਂ ਸਹਾਇਕ ਪ੍ਰੋਫੈਸਰ ਚੰਦਨ ਕੁਮਾਰ, ਸਹਾਇਕ ਪ੍ਰੋਫੈਸਰ ਅਮਰੀਸ਼ ਖੁੱਲਰ ਡਾ ਮਨਪ੍ਰੀਤ ਕੌਰ ਤੇ ਸਿਮਰਨਜੀਤ ਨੂੰ ਵਧਾਈ ਦਿੰਦਿਆਂ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ।

# ਯਾਦਗਾਰੀ ਹੋ ਨਿੱਬੜਿਆ ਸ਼ਹੀਦ ਭਗਤ ਸਿੰਘ ਸਰਕਾਰੀ ਕਾਲਜ ਕੋਟਕਪੂਰਾ ਦਾ ਸਲਾਨਾ ਖੇਡ ਸਮਾਰੋਹ




**ਕੋਟਕਪੂਰਾ, 7 ਮਾਰਚ (ਟਿੰਕੂ ਕੁਮਾਰ)** ਸਥਾਨਕ ਸ਼ਹੀਦ ਭਗਤ ਸਿੰਘ ਸਰਕਾਰੀ ਕਾਲਜ ਵਿਖੇ ਕਾਲਜ ਪ੍ਰਿੰਸੀਪਲ ਡਾ. ਪੂਜਾ ਭੱਲਾ ਦੀ ਅਗਵਾਈ ਹੇਠ 44ਵਾਂ ਸਲਾਨਾ ਖੇਡ ਸਮਾਰੋਹ ਕਰਵਾਇਆ ਗਿਆ। ਜਿਸ ਦੀ ਸ਼ੁਰੂਆਤ ਸੰਗੀਤ ਵਿਭਾਗ ਦੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਸ਼ਬਦ ਗਾਇਨ ਨਾਲ ਕੀਤੀ ਗਈ। ਇਸ ਸਮਾਰੋਹ ਦਾ ਉਦਘਾਟਨ ਮੁੱਖ ਮਹਿਮਾਨ ਡਾ. ਸੁਰਜੀਤ ਸਿੰਘ (ਰਿਟਾ. ਪ੍ਰਿੰਸੀਪਲ) ਅਤੇ ਉਹਨਾਂ ਦੀ ਧਰਮ ਪਤਨੀ ਬਿੰਦਰ ਕੌਰ (ਰਿਟਾ. ਲੈਕਚਰਾਰ) ਵੱਲੋਂ ਕੀਤਾ ਗਿਆ। ਕਾਲਜ ਪ੍ਰਿੰਸੀਪਲ ਡਾ. ਪੂਜਾ ਭੱਲਾ ਨੇ ਆਏ ਹੋਏ ਮੁੱਖ ਮਹਿਮਾਨ ਨੂੰ ਰਸਮੀ ਤੌਰ 'ਤੇ 'ਜੀ ਆਇਆਂ' ਕਹਿੰਦੇ ਹੋਏ ਕਿਹਾ ਕਿ ਇੱਕ ਨਰੋਏ ਸਮਾਜ ਦੀ ਸਿਰਜਣਾ ਵਿੱਚ ਖੇਡਾਂ ਬਹੁਤ ਵੱਡਾ ਰੋਲ ਅਦਾ ਕਰਦੀਆਂ ਹਨ। ਇਸ ਮੌਕੇ 'ਤੇ ਉਹਨਾਂ ਨੇ ਸਰੀਰਕ ਅਤੇ ਮਾਨਸਿਕ ਵਿਕਾਸ ਵਿੱਚ ਖੇਡਾਂ ਦੀ ਪ੍ਰਮੁੱਖ ਭੂਮਿਕਾ ਦਾ ਜ਼ਿਕਰ ਕਰਦੇ ਹੋਏ ਵਿਦਿਆਰਥੀਆਂ ਨੂੰ ਖੇਡਾਂ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ। ਮੁੱਖ ਮਹਿਮਾਨ ਡਾ.ਸੁਰਜੀਤ ਸਿੰਘ ਜੀ ਨੇ 44ਵੇਂ ਸਾਲਾਨਾ ਖੇਡ ਸਮਾਰੋਹ ਦਾ ਝੰਡਾ ਲਹਿਰਾ ਕੇ ਰਸਮੀ ਉਦਘਾਟਨ ਕੀਤਾ। ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਹੁੰਦੇ ਹੋਏ ਉਹਨਾਂ ਨੇ ਕਿਹਾ ਕਿ ਇੱਕ ਸੁਚੱਜੀ ਸ਼ਖਸ਼ੀਅਤ ਦੇ ਨਿਰਮਾਣ ਅਤੇ ਵਿਕਾਸ ਲਈ ਖੇਡਾਂ ਨਾਲ ਜੁੜਨਾ ਬਹੁਤ ਜਰੂਰੀ ਹੈ, ਇਸ ਸ਼ਾਨਦਾਰ ਖੇਡ ਸਮਾਰੋਹ ਦੇ ਆਯੋਜਨ ਲਈ ਉਨ੍ਹਾਂ ਨੇ ਕਾਲਜ ਪ੍ਰਿੰਸੀਪਲ ਡਾ. ਪੂਜਾ ਭੱਲਾ ਅਤੇ ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਪ੍ਰੋ. ਸਤਿਨਾਮ ਸਿੰਘ ਨੂੰ ਵਧਾਈ ਦਿੱਤੀ। ਇਸ ਖੇਡ ਸਮਾਰੋਹ ਵਿੱਚ 100 ਮੀਟਰ ਦੌੜ, 200 ਮੀਟਰ ਦੌੜ, 400 ਮੀਟਰ ਦੌੜ, 1500 ਮੀਟਰ ਦੌੜ, ਲੰਬੀ ਛਾਲ, ਗੋਲਾ ਸੁੱਟਣ, ਨਿੰਬੂ ਰੇਸ ਅਤੇ ਮਟਕਾ ਰੇਸ ਆਦਿ ਵੰਨਗੀਆਂ ਦੇ ਮੁਕਾਬਲੇ ਕਰਵਾਏ ਗਏ ਜਿਹਨਾਂ ਵਿੱਚ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਪੂਰੇ ਉਤਸ਼ਾਹ ਨਾਲ ਭਾਗ ਲਿਆ। ਇਹਨਾਂ ਸਾਰੇ ਵੱਖ-ਵੱਖ ਮੁਕਾਬਲਿਆਂ ਵਿੱਚੋਂ ਮੈਰਿਟ ਦੇ ਆਧਾਰ 'ਤੇ ਲੜਕਿਆਂ ਵਿੱਚੋਂ ਬੀ.ਏ. ਭਾਗ ਪਹਿਲਾ ਦਾ ਵਿਦਿਆਰਥੀ ਸਾਗਰ ਥਾਪਾ ਅਤੇ ਲੜਕੀਆਂ ਵਿੱਚੋਂ ਬੀ.ਏ. ਭਾਗ ਦੂਜਾ ਦੀ ਵਿਦਿਆਰਥਣ ਇੰਦਰਜੀਤ ਕੌਰ ਨੂੰ ਬੈਸਟ ਅਥਲੀਟ ਚੁਣਿਆ ਗਿਆ। ਇਹਨਾਂ ਸਾਰੇ ਮੁਕਾਬਲਿਆਂ ਵਿੱਚੋਂ ਪਹਿਲਾ, ਦੂਜਾ ਅਤੇ ਤੀਜੇ ਸਥਾਨ ਪ੍ਰਾਪਤ ਕਰਨ ਵਾਲੇ ਸਾਰੇ ਜੇਤੂ ਵਿਦਿਆਰਥੀਆਂ ਨੂੰ ਕਾਲਜ ਪ੍ਰਿੰਸੀਪਲ ਅਤੇ ਮੁੱਖ ਮਹਿਮਾਨ ਵੱਲੋਂ ਸਨਮਾਨਿਤ ਕੀਤਾ ਗਿਆ ਅਤੇ ਸਾਰੇ ਜੇਤੂ ਵਿਦਿਆਰਥੀਆਂ ਨੂੰ ਡਾ. ਸੁਰਜੀਤ ਸਿੰਘ ਨੇ ਬਦਾਮ ਅਤੇ ਦੇਸੀ ਘਿਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ 'ਤੇ ਡਾ. ਹਰੀਸ਼ ਕੁਮਾਰ ਸ਼ਰਮਾ, ਡਾ. ਰਾਜੇਸ਼ ਮੋਹਨ (ਪ੍ਰਿੰਸੀਪਲ, ਦੇਸ਼ ਭਗਤ ਪੰਡਿਤ ਚੇਤਨ ਦੇਵ ਸਰਕਾਰੀ ਕਾਲਜ ਫਰੀਦਕੋਟ), ਪ੍ਰੋ. ਸੰਦੀਪ ਸਿੰਘ, ਪ੍ਰੋ. ਰਣਜੀਤ ਸਿੰਘ, ਪ੍ਰੋ.ਦਰਸ਼ਨ ਸਿੰਘ ਸੰਧੂ (ਰਿਟਾ.), ਪ੍ਰੋ. ਹਰਬੰਸ ਸਿੰਘ ਪਦਮ (ਰਿਟਾ.), ਪ੍ਰੋ. ਜਸਪਾਲ ਸਿੰਘ ਵੜੈਚ (ਰਿਟਾ.) ਪ੍ਰੋ. ਰੌਸ਼ਨ ਲਾਲ (ਰਿਟਾ.) ਸ੍ਰੀ ਖਰੈਤੀ ਲਾਲ ,ਸ. ਨਿਸ਼ਾਨ ਸਿੰਘ (ਪੀ.ਟੀ.ਆਈ), ਸ. ਲਾਲੀ ਲਾਇਲਪੁਰੀ, ਸ. ਬਲਵਿੰਦਰ ਸਿੰਘ ਘੈਂਟ, ਸ. ਜਲੌਰ ਸਿੰਘ, ਸ. ਗੁਰਸੇਵਕ ਸਿੰਘ ਸੇਵੀ, ਸ. ਜਸਕਰਨ ਸਿੰਘ, ਸ. ਬਿੰਦਰ ਸਿੰਘ, ਸ. ਹਰਦੀਪ ਸਿੰਘ ਫਿੱਡੂ, ਸ. ਜਸਵੰਤ ਸਿੰਘ, ਸ. ਮਨਪ੍ਰੀਤ ਮਾਣੂ, ਸ. ਕੇਵਲ ਸਿੰਘ ਪੱਪੂ, ਸ੍ਰੀ ਭੋਲਾ ਭਲਵਾਨ, ਸ. ਹਰਬੰਸ ਸਿੰਘ ਬੰਸਾ, ਸ. ਗੁਰਿੰਦਰ ਸਿੰਘ, ਸ. ਰਾਜਦਵਿੰਦਰ ਸਿੰਘ, ਪ੍ਰੋ.ਅਦਿਤਿਆ ਮਹਿਤਾ ਅਤੇ ਸ੍ਰੀ ਭਗਵਾਨ ਦਾਸ ਜੀ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਹਾਜ਼ਰ ਹੋਏ। ਇਸ ਮੌਕੇ 'ਤੇ ਵਿਦਿਆਰਥੀਆਂ ਦੀ ਭਲਾਈ ਲਈ ਪ੍ਰੋਫੈਸਰ ਦਰਸ਼ਨ ਸਿੰਘ ਸੰਧੂ ਵੱਲੋਂ 5000 ਰੁਪਏ ਅਤੇ ਸਰਦਾਰ ਗੁਰਸੇਵਕ ਸਿੰਘ ਸੇਵੀ ਵੱਲੋਂ 3100 ਰੁਪਏ ਦੀ ਰਾਸ਼ੀ ਦਾ ਵਿਸ਼ੇਸ਼ ਯੋਗਦਾਨ ਦਿੱਤਾ ਗਿਆ। ਇਸ ਮੌਕੇ ਆਏ ਹੋਏ ਮੁੱਖ ਮਹਿਮਾਨ ਅਤੇ ਸਾਰੇ ਵਿਸ਼ੇਸ਼ ਮਹਿਮਾਨਾਂ ਨੂੰ ਕਾਲਜ ਵੱਲੋਂ ਸਨਮਾਨ ਚਿੰਨ ਦੇ ਕੇ ਸਨਮਾਨਿਤ ਗਿਆ। ਅਖੀਰ ਵਿੱਚ ਪ੍ਰੋ. ਸਤਨਾਮ ਸਿੰਘ (ਮੁਖੀ ਸਰੀਰਕ ਸਿੱਖਿਆ ਵਿਭਾਗ) ਵੱਲੋਂ ਆਏ ਹੋਏ ਸਾਰੇ ਮਹਿਮਾਨਾਂ ਦਾ ਅਤੇ ਇਸ ਖੇਡ ਸਮਾਰੋਹ ਨੂੰ ਸਫਲਤਾ ਪੂਰਵਕ ਸੰਪੰਨ ਕਰਨ ਲਈ ਵਡਮੁੱਲੇ ਯੋਗਦਾਨ ਹੇਤੂ ਕਾਲਜ ਦੇ ਸਮੂਹ ਸਟਾਫ ਅਤੇ ਵਲੰਟੀਅਰਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ 'ਤੇ ਕਾਲਜ ਦਾ ਸਮੂਹ ਟੀਚਿੰਗ ਤੇ ਨਾਨ-ਟੀਚਿੰਗ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

# ਸੁਰਜੀਤ ਸਿੰਘ ਰੱਖੜਾ ਵੱਲੋਂ ਪਾਰਟੀ ਦੀ ਲਾਮਬੰਦੀ ਲਈ ਸਮਾਣਾ 'ਚ ਪਿੰਡ ਪੱਧਰ 'ਤੇ ਮੀਟਿੰਗਾਂ ਦਾ ਸਿਲਸਿਲਾ ਜਾਰੀ



**ਸਮਾਣਾ, 7 ਮਾਰਚ (ਜਵੰਦਾ)** ਹਲਕਾ ਸਮਾਣਾ ਵਿੱਚ ਪਾਰਟੀ ਦੀ ਸੰਗਠਨਾਤਮਕ ਮਜ਼ਬੂਤੀ ਲਈ ਪਿੰਡ ਪੱਧਰ 'ਤੇ ਮੀਟਿੰਗਾਂ ਦਾ ਦੌਰ ਲਗਾਤਾਰ ਜਾਰੀ ਹੈ। ਇਸੇ ਤਹਿਤ ਸਾਬਕਾ ਕੈਬਨਿਟ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂ ਸੁਰਜੀਤ ਸਿੰਘ ਰੱਖੜਾ ਵੱਲੋਂ ਪਿੰਡ ਵੜੈਚਾਂ ਪੱਤੀ ਵਿਖੇ ਪਾਰਟੀ ਵਰਕਰਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ। ਜਿਸ ਦੌਰਾਨ ਪਾਰਟੀ ਦੀਆਂ ਭਵਿੱਖੀ ਰਣਨੀਤੀਆਂ ਅਤੇ ਸੰਗਠਨਾਤਮਕ ਗਤੀਵਿਧੀਆਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੀਟਿੰਗ ਦੌਰਾਨ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਦਾ ਆਧਾਰ ਜੁਝਾਰੂ ਵਰਕਰ ਹਨ, ਜੋ ਹਰ ਸਮੇਂ ਲੋਕਾਂ ਦੀ ਸੇਵਾ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਹਮੇਸ਼ਾ ਤਤਪਰ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਪਿੰਡ ਪੱਧਰ 'ਤੇ ਵਰਕਰਾਂ ਨਾਲ ਸਿੱਧਾ ਸੰਪਰਕ ਬਣਾਈ ਰੱਖਣ ਨਾਲ ਪਾਰਟੀ ਹੋਰ ਮਜ਼ਬੂਤ ਹੁੰਦੀ ਹੈ।

ਉਹਨਾਂ ਕਿਹਾ ਕਿ ਹਲਕਾ ਸਮਾਣਾ ਵਿੱਚ ਵਰਕਰਾਂ ਵੱਲੋਂ ਮਿਲ ਰਿਹਾ ਭਰਪੂਰ ਸਹਿਯੋਗ ਅਤੇ ਉਤਸ਼ਾਹ ਪਾਰਟੀ ਲਈ ਵੱਡੀ ਤਾਕਤ ਹੈ। ਉਨ੍ਹਾਂ ਵਰਕਰਾਂ ਨੂੰ ਅਪੀਲ ਕੀਤੀ ਕਿ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਇਕਜੁੱਟ ਹੋ ਕੇ ਕੰਮ ਕੀਤਾ ਜਾਵੇ। ਇਸ ਮੌਕੇ ਪਾਰਟੀ ਵਰਕਰਾਂ ਨੇ ਵੀ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਪਾਰਟੀ ਨੂੰ ਹਲਕੇ ਵਿੱਚ ਹੋਰ ਮਜ਼ਬੂਤ ਕਰਨ ਲਈ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

# ਸੁਨਾਵਰਦੀਪ ਸਿੰਘ ਦੀ ਕਾਮਯਾਬੀ ਨੌਜਵਾਨਾਂ ਲਈ ਚਾਨਣ ਮੁਨਾਰਾ : ਸਪੀਕਰ ਸੰਧਵਾਂ

**ਕੋਟਕਪੂਰਾ, 7 ਮਾਰਚ (ਟਿੰਕੂ ਕੁਮਾਰ)** ਸਾਡੇ ਲਈ ਇਹ ਬਹੁਤ ਹੀ ਮਾਣ ਅਤੇ ਖੁਸ਼ੀ ਦੀ ਗੱਲ ਹੈ ਕਿ ਫ਼ਰੀਦਕੋਟ ਵਾਸੀ ਡਾ. ਕੁਲਦੀਪ ਸਿੰਘ (ਡਾਇਰੈਕਟਰ ਖੇਤੀਬਾੜੀ ਫ਼ਰੀਦਕੋਟ) ਦੇ ਬੇਟੇ ਸੁਨਾਵਰਦੀਪ ਸਿੰਘ ਨੇ ਸੰਘ ਲੋਕ ਸੇਵਾ ਆਯੋਗ ਯੂਪੀਐਸ ਦੀ ਪ੍ਰੀਖਿਆ ਵਿੱਚ ਦੇਸ਼ ਭਰ ਵਿੱਚੋਂ 76ਵਾਂ ਸਥਾਨ ਹਾਸਲ ਕਰਕੇ ਆਈ.ਏ.ਐਸ. ਬਣਨ ਦਾ ਮਾਣ ਪ੍ਰਾਪਤ ਕੀਤਾ ਹੈ। ਇਸ ਸਬੰਧੀ ਆਪਣੀ ਖੁਸ਼ੀ ਪ੍ਰਗਟ ਕਰਦਿਆਂ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ



ਸੁਨਾਵਰਦੀਪ ਸਿੰਘ ਦੀ ਇਹ ਸ਼ਾਨਦਾਰ ਸਫਲਤਾ ਸਿਰਫ਼ ਉਨ੍ਹਾਂ ਦੇ ਪਰਿਵਾਰ ਹੀ ਨਹੀਂ ਸਗੋਂ ਪੂਰੇ ਫ਼ਰੀਦਕੋਟ ਅਤੇ ਪੰਜਾਬ ਲਈ ਮਾਣ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਨੌਜਵਾਨਾਂ ਲਈ ਇੱਕ ਵੱਡੀ ਪ੍ਰੇਰਣਾ ਹੈ ਅਤੇ ਸਾਬਤ ਕਰਦੀ ਹੈ ਕਿ ਮਿਹਨਤ, ਲਗਨ ਅਤੇ ਉੱਚੇ ਇਰਾਦਿਆਂ ਨਾਲ ਕਿਸੇ ਵੀ ਮੰਜ਼ਿਲ ਨੂੰ ਹਾਸਲ ਕੀਤਾ ਜਾ ਸਕਦਾ ਹੈ। ਸਪੀਕਰ ਸੰਧਵਾਂ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਨੌਜਵਾਨਾਂ ਨੂੰ ਅਜਿਹੀਆਂ ਕਾਮਯਾਬੀਆਂ ਤੋਂ ਸੇਧ ਲੈਣ ਦੀ ਲੋੜ ਹੈ, ਤਾਂ ਜੋ ਉਹ ਆਪਣੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਵਿੱਚ ਲਾ ਕੇ ਸਮਾਜ ਅਤੇ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾ ਸਕਣ। ਉਨ੍ਹਾਂ ਕਿਹਾ ਕਿ ਸੁਨਾਵਰਦੀਪ ਸਿੰਘ ਵਰਗੇ ਹੋਣਹਾਰ ਨੌਜਵਾਨ ਸਮਾਜ ਲਈ ਚਾਨਣ ਮੁਨਾਰਾ ਸਾਬਤ ਹੁੰਦੇ ਹਨ, ਜੋ ਹੋਰਨਾਂ ਨੂੰ ਵੀ ਉੱਚੀਆਂ ਉਡਾਰੀਆਂ ਭਰਨ ਲਈ ਪ੍ਰੇਰਿਤ ਕਰਦੇ ਹਨ। ਸਪੀਕਰ ਸੰਧਵਾਂ ਨੇ ਡਾ. ਕੁਲਦੀਪ ਸਿੰਘ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਦਿਲੋਂ ਮੁਬਾਰਕਬਾਦ ਦਿੰਦਿਆਂ ਸੁਨਾਵਰਦੀਪ ਸਿੰਘ ਦੇ ਉਜਲੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਲੋਕ ਭਲਾਈ ਮੰਚ ਵੱਲੋਂ ਲਗਾਏ ਅੱਖਾਂ ਦੇ ਮੁਫ਼ਤ ਕੈਂਪ 'ਚ ਮਰੀਜ਼ਾਂ ਦੇ ਮੋਤੀਆਬਿੰਦ ਦੇ ਸਫ਼ਲ ਆਪਰੇਸ਼ਨ, 35 ਮਰੀਜ਼ ਅਪਰੇਸ਼ਨ ਕਰਵਾ ਕੇ ਵਾਪਸ ਪਰਤੇ






**ਮਲੋਟ, 07 ਮਾਰਚ (ਹਰਦੀਪ ਸਿੰਘ ਖਾਲਸਾ)**- ਸਮਾਜ ਸੇਵਾ ਦੇ ਕੰਮਾਂ ਵਿੱਚ ਮੋਹਰੀ ਭੂਮਿਕਾ ਨਿਭਾ ਰਹੀ ਸੰਸਥਾ ਲੋਕ ਭਲਾਈ ਮੰਚ (ਰਜਿ.) ਪਿੰਡ ਮਲੋਟ ਵੱਲੋਂ ਸੰਸਥਾ ਦੇ ਸੰਸਥਾਪਕ ਸਵਰਗਵਾਸੀ ਗੁਰਜੀਤ ਸਿੰਘ ਗਿੱਲ ਦੀ ਯਾਦ ਵਿੱਚ ਲਗਾਏ ਗਏ ਤੀਜੇ ਅੱਖਾਂ ਦੇ ਮੁਫ਼ਤ ਜਾਂਚ ਅਤੇ ਆਪਰੇਸ਼ਨ ਕੈਂਪ ਤਹਿਤ 70 ਮਰੀਜ਼ਾਂ ਦੇ ਮੋਤੀਆਬਿੰਦ ਦੇ ਸਫ਼ਲ ਆਪਰੇਸ਼ਨ ਕਰਵਾਏ ਗਏ। ਚੁਣੇ ਗਏ ਮਰੀਜ਼ਾਂ ਦੇ ਆਪਰੇਸ਼ਨ ਲਾਇਨਸ ਕਲੱਬ ਆਈ ਕੇਅਰ ਜੈਤੋ ਵਿਖੇ ਕਰਵਾਏ ਗਏ ਜੋ ਪੂਰੀ ਤਰ੍ਹਾਂ ਸਫ਼ਲ ਰਹੇ।

ਇਸ ਮੌਕੇ ਆਪਰੇਸ਼ਨ ਕਰਵਾ ਕੇ ਵਾਪਸ ਪਰਤੇ ਬਜ਼ੁਰਗਾਂ ਅਤੇ ਮਾਤਾਵਾਂ ਨੇ ਲੋਕ ਭਲਾਈ ਮੰਚ ਦੇ ਇਸ ਉਪਰਾਲੇ ਦੀ ਭਰਪੂਰ ਸਰਾਹਨਾ ਕਰਦਿਆਂ ਕਿਹਾ ਕਿ ਸੰਸਥਾ ਦੇ ਇਸ ਯਤਨ ਸਦਕਾ ਉਹ ਅੱਜ ਆਪਣੀਆਂ ਅੱਖਾਂ ਦੇ ਆਪਰੇਸ਼ਨ ਕਰਵਾ ਕੇ ਬਹੁਤ ਖੁਸ਼ੀ ਮਹਿਸੂਸ ਕਰ ਰਹੇ ਹਨ ਅਤੇ ਮੁੜ ਤੋਂ ਸਾਫ਼ ਦੇਖ ਸਕਣ ਦੇ ਯੋਗ ਹੋਏ ਹਨ।

ਇਸ ਮੌਕੇ ਸੰਸਥਾ ਦੇ ਪ੍ਰਧਾਨ ਜਗਜੀਤ ਸਿੰਘ ਔਲਖ ਨੇ ਦੱਸਿਆ ਕਿ ਡਾਕਟਰਾਂ ਦੀ ਟੀਮ ਵੱਲੋਂ ਕੁੱਲ 70 ਮਰੀਜ਼ਾਂ ਦੇ ਮੋਤੀਆਬਿੰਦ ਦੇ ਆਪਰੇਸ਼ਨ ਕੀਤੇ ਜਾ ਰਹੇ ਹਨ, ਜਿਨ੍ਹਾਂ ਵਿੱਚੋਂ 35 ਮਰੀਜ਼ਾਂ ਦੇ ਆਪਰੇਸ਼ਨ ਕਰਵਾ ਕੇ ਉਨ੍ਹਾਂ ਨੂੰ ਵਿਸ਼ੇਸ਼ ਸਾਧਨਾਂ ਰਾਹੀਂ ਸੁਰੱਖਿਅਤ ਤਰੀਕੇ ਨਾਲ ਘਰਾਂ ਤੱਕ ਪਹੁੰਚਾਇਆ ਗਿਆ। ਆਪਰੇਸ਼ਨ ਕਰਵਾਉਣ ਵਾਲੇ ਮਰੀਜ਼ਾਂ ਨੂੰ ਦਵਾਈਆਂ, ਐਨਕਾਂ ਅਤੇ ਫਲ-ਫਰੂਟ ਵੀ ਦਿੱਤੇ ਗਏ। ਉਨ੍ਹਾਂ ਦੱਸਿਆ ਕਿ ਸੰਸਥਾ ਵੱਲੋਂ ਹਰ ਸਾਲ ਅੱਖਾਂ ਦਾ ਮੁਫ਼ਤ ਚੈੱਕਅੱਪ ਅਤੇ ਆਪਰੇਸ਼ਨ ਕੈਂਪ ਲਗਾਇਆ ਜਾਂਦਾ ਹੈ, ਜਿਸ ਦਾ ਲਾਹਾ ਸੈਂਕੜੇ ਮਰੀਜ਼ ਲੈ ਰਹੇ ਹਨ ਅਤੇ ਅੱਖਾਂ ਦੀ ਰੋਸ਼ਨੀ ਪ੍ਰਾਪਤ ਕਰਕੇ ਆਪਣਾ ਜੀਵਨ ਖੁਸ਼ਹਾਲ ਤਰੀਕੇ ਨਾਲ ਬਤੀਤ ਕਰ ਰਹੇ ਹਨ। ਆਪਰੇਸ਼ਨ ਕਰਵਾ ਚੁੱਕੇ ਮਰੀਜ਼ਾਂ ਨੂੰ ਜੈਤੋ ਤੋਂ ਵਾਪਸ ਲਿਆਉਣ ਲਈ ਸੰਸਥਾ ਦੀ ਵਿਸ਼ੇਸ਼ ਟੀਮ ਵੀ ਉਚੇਚੇ ਤੌਰ 'ਤੇ ਪੁੱਜੀ, ਜਿਸ ਵਿੱਚ ਸੰਸਥਾ ਦੇ ਪ੍ਰਧਾਨ ਜਗਜੀਤ ਸਿੰਘ ਔਲਖ ਜਨਰਲ ਸਕੱਤਰ ਇਕਬਾਲ ਸਿੰਘ ਡੀਪੀ ਕੈਸ਼ੀਅਰ ਨਰਿੰਦਰ ਸਿੰਘ ਢਿੱਲੋਂ ਕੁਲਬੀਰ ਸਿੰਘ ਗਿੱਲ ਪਿੰਦਰ ਕੰਗ ਅਤੇ ਕੁਲਜੀਤ ਸਿੰਘ ਗਿੱਲ ਆਦਿ ਮੈਂਬਰ ਨੇ ਮਰੀਜ਼ਾਂ ਨੂੰ ਫਲ ਫਰੂਟ ਵੰਡੇ ਅਤੇ ਦਵਾਈਆਂ ਐਨਕਾ ਆਦਿ ਦਿੱਤੀਆਂ।

# ਪੱਤਰਕਾਰ ਕਤਲ ਮਾਮਲੇ ਵਿੱਚ ਅਦਾਲਤ ਵੱਲੋਂ ਗੁਰਮੀਤ ਰਾਮ ਰਹੀਮ ਨੂੰ ਬਰੀ ਕਰਨ ਦੇ ਫੈਸਲੇ ਨੇ ਦੇਸ਼ ਦੀ ਨਿਆਂ ਪ੍ਰਣਾਲੀ ਅਤੇ ਜਾਂਚ ਏਜੰਸੀਆਂ ਦੀ ਕਾਰਗੁਜ਼ਾਰੀ 'ਤੇ ਸਵਾਲ ਖੜੇ ਕਰ ਦਿੱਤੇ ਹਨ - ਪਰਮਜੀਤ ਸਿੰਘ ਸਹੌਲੀ

## ਕਿਹਾ ਸੱਚ ਲਈ ਲੜਨ ਵਾਲੇ ਪੱਤਰਕਾਰਾਂ ਨੂੰ ਨਿਆਂ ਨਹੀਂ ਮਿਲਦਾ ਤਾਂ ਇਹ ਸਮਾਜ ਅਤੇ ਲੋਕਤੰਤਰ ਦੋਵਾਂ ਲਈ ਖਤਰਨਾਕ ਸੰਕੇਤ ਹੈ



**ਨਾਭਾ 07 ਮਾਰਚ (ਅਮਨ ਗਰਗ)** ਪੱਤਰਕਾਰ ਰਾਮ ਚੰਦਰ ਛਤਰਪਤੀ ਕਤਲ ਮਾਮਲੇ ਵਿੱਚ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਡੇਰਾ ਸੱਚਾ ਸੌਦਾ ਦੇ ਮੁਖੀ ਗੁਰਮੀਤ ਰਾਮ ਰਹੀਮ ਨੂੰ ਸਬੂਤਾਂ ਦੀ ਘਾਟ ਅਤੇ ਜਾਂਚ ਵਿੱਚ ਕਮੀਆਂ ਦਾ ਹਵਾਲਾ ਦਿੰਦਿਆਂ ਬਰੀ ਕਰਨ ਦੇ ਫੈਸਲੇ ਨੇ ਦੇਸ਼ ਦੀ ਨਿਆਂ ਪ੍ਰਣਾਲੀ ਅਤੇ ਜਾਂਚ ਏਜੰਸੀਆਂ ਦੀ ਕਾਰਗੁਜ਼ਾਰੀ 'ਤੇ ਨਵੇਂ ਸਵਾਲ ਖੜੇ ਕਰ ਦਿੱਤੇ ਹਨ। ਇਸ ਮਾਮਲੇ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਅਕਾਲੀ ਦਲ ਸੁਤੰਤਰ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੌਲੀ ਨੇ ਕਿਹਾ ਕਿ ਇਹ ਮਾਮਲਾ ਸਿਰਫ਼ ਇੱਕ ਵਿਅਕਤੀ ਦੇ ਕਤਲ ਦਾ ਨਹੀਂ, ਸਗੋਂ ਸੱਚ ਬੋਲਣ ਵਾਲੀ ਕਲਮ ਨੂੰ ਚੁੱਪ ਕਰਵਾਉਣ ਦੀ ਸਾਜ਼ਿਸ਼ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਪੱਤਰਕਾਰ ਰਾਮ ਚੰਦਰ ਛਤਰਪਤੀ ਨੇ ਡਰ ਅਤੇ ਦਬਾਅ ਦੇ ਮਾਹੌਲ ਵਿੱਚ ਵੀ ਸੱਚ ਸਾਹਮਣੇ ਲਿਆਉਣ ਦੀ ਹਿੰਮਤ ਦਿਖਾਈ ਸੀ। ਉਸ ਨੇ ਆਪਣੀ ਕੀਮਤ ਆਪਣੀ ਜਾਨ ਦੇ ਕੇ ਚੁਕਾਈ। ਪਰਮਜੀਤ ਸਿੰਘ ਸਹੌਲੀ ਨੇ ਕਿਹਾ ਕਿ ਜੇਕਰ ਇੰਨੇ ਵੱਡੇ ਅਤੇ ਚਰਚਿਤ ਮਾਮਲੇ ਵਿੱਚ ਅਦਾਲਤ ਨੂੰ ਸਬੂਤਾਂ ਦੀ ਘਾਟ ਅਤੇ ਜਾਂਚ ਵਿੱਚ ਕਮੀਆਂ ਮਿਲਦੀਆਂ ਹਨ ਤਾਂ ਇਹ ਸਿਰਫ਼ ਇਕ ਕਾਨੂੰਨੀ ਕਾਰਵਾਈ ਦੀ ਗਲਤੀ ਨਹੀਂ, ਸਗੋਂ ਪੂਰੇ ਸਿਸਟਮ ਦੀ ਨਾਕਾਮੀ ਨੂੰ ਬੇਨਕਾਬ ਕਰਦਾ ਹੈ। ਉਨ੍ਹਾਂ ਕਿਹਾ ਕਿ 2019 ਵਿੱਚ ਹੇਠਲੀ ਅਦਾਲਤ ਵੱਲੋਂ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਸੀ, ਪਰ ਹੁਣ ਹਾਈਕੋਰਟ ਦੇ ਫੈਸਲੇ ਨੇ ਲੋਕਾਂ ਦੇ ਮਨ ਵਿੱਚ ਕਈ ਤਰ੍ਹਾਂ ਦੇ ਸ਼ੰਕੇ ਪੈਦਾ ਕਰ ਦਿੱਤੇ ਹਨ। ਉਨ੍ਹਾਂ ਕਿਹਾ ਕਿ 2002 ਵਿੱਚ ਹੋਇਆ ਪੱਤਰਕਾਰ ਰਾਮ ਚੰਦਰ ਛਤਰਪਤੀ ਦਾ ਕਤਲ ਅੱਜ ਵੀ ਲੋਕਤੰਤਰ ਦੇ ਇਤਿਹਾਸ 'ਤੇ ਇੱਕ ਕਾਲਾ ਦਾਗ ਹੈ। ਜੇਕਰ ਸੱਚ ਲਈ ਲੜਨ ਵਾਲੇ ਪੱਤਰਕਾਰਾਂ ਨੂੰ ਨਿਆਂ ਨਹੀਂ ਮਿਲਦਾ ਤਾਂ ਇਹ ਸਮਾਜ ਅਤੇ ਲੋਕਤੰਤਰ ਦੋਵਾਂ ਲਈ ਖਤਰਨਾਕ ਸੰਕੇਤ ਹੈ। ਪਰਮਜੀਤ ਸਿੰਘ ਸਹੌਲੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਜਾਂਚ ਦੀਆਂ ਕਮੀਆਂ ਅਤੇ ਸਬੂਤਾਂ ਦੀ ਘਾਟ ਲਈ ਜ਼ਿੰਮੇਵਾਰ ਲੋਕਾਂ ਦੀ ਪੜਤਾਲ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪੀੜਤ ਪਰਿਵਾਰ ਅਤੇ ਦੇਸ਼ ਦੇ ਪੱਤਰਕਾਰਾਂ ਦੀ ਭਾਵਨਾ ਦਾ ਸਤਿਕਾਰ ਕਰਦਿਆਂ ਇਸ ਮਾਮਲੇ ਵਿੱਚ ਅੱਗੇ ਦੀ ਕਾਨੂੰਨੀ ਲੜਾਈ ਲੜਨ ਬਾਰੇ ਵੀ ਸੋਚਣਾ ਚਾਹੀਦਾ ਹੈ। ਉਨ੍ਹਾਂ ਨੇ ਦੋਸ਼ ਲਾਇਆ ਕਿ ਕਈ ਵਾਰ ਪ੍ਰਭਾਵਸ਼ਾਲੀ ਲੋਕਾਂ ਅਤੇ ਤਾਕਤਵਰ ਤੱਤਾਂ ਦੇ ਸਾਹਮਣੇ ਸੱਚ ਨੂੰ ਦਬਾਉਣ ਦੀ ਕੋਸ਼ਿਸ਼ ਹੁੰਦੀ ਹੈ, ਪਰ ਇਤਿਹਾਸ ਗਵਾਹ ਹੈ ਕਿ ਸੱਚ ਨੂੰ ਹਮੇਸ਼ਾਂ ਲਈ ਦਬਾਇਆ ਨਹੀਂ ਜਾ ਸਕਦਾ। ਪਰਮਜੀਤ ਸਿੰਘ ਸਹੌਲੀ ਨੇ ਕਿਹਾ ਕਿ ਸੰਤਤਰ ਅਕਾਲੀ ਦਲ ਪੱਤਰਕਾਰਤਾ ਦੀ ਆਜ਼ਾਦੀ ਅਤੇ ਨਿਆਂ ਦੀ ਲੜਾਈ ਵਿੱਚ ਹਮੇਸ਼ਾਂ ਡਟ ਕੇ ਖੜ੍ਹਾ ਰਹੇਗਾ। ਉਨ੍ਹਾਂ ਕਿਹਾ ਕਿ ਲੋਕਤੰਤਰ ਦੀ ਸਭ ਤੋਂ ਵੱਡੀ ਤਾਕਤ ਆਜ਼ਾਦ ਕਲਮ ਹੈ ਅਤੇ ਜੇਕਰ ਕਲਮ ਨੂੰ ਹੀ ਡਰਾਉਣ ਦੀ ਕੋਸ਼ਿਸ਼ ਹੋਵੇਗੀ ਤਾਂ ਇਹ ਪੂਰੇ ਸਮਾਜ ਲਈ ਖਤਰੇ ਦੀ ਘੰਟੀ ਹੈ।

# ਮਿਲੇਨੀਅਮ ਸਕੂਲ ਵੱਲੋਂ 'ਸਿੱਖਿਆ ਦੀ ਮਹੱਤਤਾ ਅਤੇ ਵਿਦਿਆਰਥੀਆਂ ਦੀ ਭੂਮਿਕਾ' ਵਿਸ਼ੇ 'ਤੇ ਸੈਮੀਨਾਰ ਆਯੋਜਿਤ



**ਕੋਟਕਪੂਰਾ, 7 ਮਾਰਚ (ਟਿੰਕੂ ਕੁਮਾਰ)** ਇੰਟਰਨੈਸ਼ਨਲ ਮਿਲੇਨੀਅਮ ਸਕੂਲ ਵੱਲੋਂ ਨੇੜਲੇ ਪਿੰਡ ਭਲੂਰ ਵਿਖੇ 'ਸਿੱਖਿਆ ਦੀ ਮਹੱਤਤਾ ਅਤੇ ਵਿਦਿਆਰਥੀਆਂ ਦੀ ਭੂਮਿਕਾ' ਵਿਸ਼ੇ 'ਤੇ ਸੈਮੀਨਾਰ ਦਾ ਸਫਲਤਾਪੂਰਵਕ ਆਯੋਜਨ ਕੀਤਾ। ਜਿਸ ਵਿੱਚ ਸਕੂਲ ਦੇ ਪ੍ਰਿੰਸੀਪਲ, ਅਧਿਆਪਕਾਂ, ਮਾਪਿਆਂ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਇੱਕ ਸਵਾਗਤੀ ਭਾਸ਼ਣ ਨਾਲ ਹੋਈ, ਜਿਸ ਤੋਂ ਬਾਅਦ ਇੱਕ ਮੁੱਖ ਬੁਲਾਰੇ ਨੇ ਸਿੱਖਿਆ ਦੀ ਮਹੱਤਤਾ 'ਤੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਸਿੱਖਿਆ ਇੱਕ ਵਿਅਕਤੀ ਦੇ ਜੀਵਨ ਵਿੱਚ ਅਸਲ ਸੰਪਤੀ ਹੈ, ਜੋ ਨਾ ਸਿਰਫ਼ ਕਿਤਾਬੀ ਗਿਆਨ ਪ੍ਰਦਾਨ ਕਰਦੀ ਹੈ, ਸਗੋਂ ਸਕਾਰਾਤਮਕ ਸੋਚ ਅਤੇ ਉੱਚ ਨੈਤਿਕ ਕਦਰਾਂ-ਕੀਮਤਾਂ ਵੀ ਪ੍ਰਦਾਨ ਕਰਦੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅੰਕਾਂ ਦੀ ਭਾਲ ਤੋਂ ਉੱਪਰ ਉੱਠਣ ਅਤੇ ਅਸਲ ਗਿਆਨ ਪ੍ਰਾਪਤ ਕਰਨ 'ਤੇ ਧਿਆਨ ਕੇਂਦਰਿਤ ਕਰਨ ਲਈ ਉਤਸ਼ਾਹਿਤ ਕੀਤਾ। ਸੈਮੀਨਾਰ ਵਿੱਚ ਤਕਨਾਲੋਜੀ ਦੀ ਸਹੀ ਵਰਤੋਂ 'ਤੇ ਵੀ ਜ਼ੋਰ ਦਿੱਤਾ ਗਿਆ। ਬੁਲਾਰਿਆਂ ਨੇ ਨੋਟ ਕੀਤਾ ਕਿ ਅੱਜ ਦੇ ਡਿਜੀਟਲ ਯੁੱਗ ਵਿੱਚ, ਇੰਟਰਨੈੱਟ ਅਤੇ ਆਧੁਨਿਕ ਸਾਧਨਾਂ ਨੇ ਸਿੱਖਣ ਨੂੰ ਆਸਾਨ ਬਣਾ ਦਿੱਤਾ ਹੈ, ਪਰ ਉਨ੍ਹਾਂ ਦੀ ਸਹੀ ਅਤੇ ਸੀਮਤ ਵਰਤੋਂ ਬਹੁਤ ਜ਼ਰੂਰੀ ਹੈ। ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਅਤੇ ਇੱਕ ਸਵਾਲ-ਜਵਾਬ ਸੈਸ਼ਨ ਵਿੱਚ ਆਪਣੀ ਉਤਸੁਕਤਾ ਪ੍ਰਗਟ ਕੀਤੀ। ਅੰਤ ਵਿੱਚ ਪ੍ਰਬੰਧਕਾਂ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਭਵਿੱਖ ਵਿੱਚ ਅਜਿਹੇ ਹੋਰ ਪ੍ਰੋਗਰਾਮ ਆਯੋਜਿਤ ਕਰਨ ਦਾ ਵਾਅਦਾ ਕੀਤਾ। ਸੈਮੀਨਾਰ ਦੀ ਸਫਲਤਾ ਨੇ ਭਲੂਰ ਪਿੰਡ ਦੇ ਲੋਕਾਂ ਵਿੱਚ ਖੁਸ਼ੀ ਲਿਆਂਦੀ ਅਤੇ ਸਿੱਖਿਆ ਪ੍ਰਤੀ ਜਾਗਰੂਕਤਾ ਵਧਾਈ। ਇਸ ਮੌਕੇ ਸਕੂਲ ਪ੍ਰਬੰਧਨ ਕਮੇਟੀ ਦੇ ਚੇਅਰਮੈਨ ਵਾਸੂ ਸ਼ਰਮਾ, ਡਾਇਰੈਕਟਰ ਸੀਮਾ ਸ਼ਰਮਾ, ਚੇਅਰਪਰਸਨ ਰਕਸ਼ੰਦਾ ਸ਼ਰਮਾ, ਅਕਾਦਮਿਕ ਡਾਇਰੈਕਟਰ ਵਿਨੋਦ ਕੁਮਾਰ ਸ਼ਰਮਾ ਅਤੇ ਪ੍ਰਿੰਸੀਪਲ ਨੀਲਮ ਕੁਮਾਰੀ ਵਰਮਾ ਨੇ ਸੈਮੀਨਾਰ ਦੇ ਸਫਲ ਆਯੋਜਨ ਲਈ ਆਪਣੀਆਂ ਸ਼ੁਭਕਾਮਨਾਵਾਂ ਪ੍ਰਗਟ ਕੀਤੀਆਂ।

# ਨਵੀਂ ਬਨਣ ਜਾ ਰਹੀ ਟੈਂਕੀ ਸ਼ਹਿਰ ਵਾਸੀਆਂ ਲਈ ਹੋਵੇਗੀ ਵਰਦਾਨ ਸਾਬਿਤ : ਵਿਧਾਇਕ ਕਾਕਾ ਬਰਾੜ

## 1 ਕਰੋੜ ਦੀ ਲਾਗਤ ਨਾਲ ਬਣੇਗੀ 5 ਲੱਖ ਲੀਟਰ ਵਾਲੀ ਟੈਂਕੀ



**ਸ੍ਰੀ ਮੁਕਤਸਰ ਸਾਹਿਬ, 7 ਮਾਰਚ (ਜਸਪ੍ਰੀਤ ਸਿੰਘ) :** ਪਵਿੱਤਰ ਸ਼ਹਿਰ ਦੀ ਪਿਛਲੇ ਕਰੀਬ 40 ਸਾਲ ਪੁਰਾਣੀ ਮੰਗ ਨੂੰ ਪੂਰਾ ਕਰਦਿਆਂ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਸਥਾਨਕ ਕੋਟਕਪੂਰਾ ਰੋਡ ਸਥਿਤ ਮੇਨ ਵਾਟਰ ਵਰਕਸ ਵਿੱਚ ਕਰੀਬ 5 ਲੱਖ ਲੀਟਰ ਵਾਲੀ ਨਵੀਂ ਟੈਂਕੀ ਦਾ ਉਦਘਾਟਨ ਕੀਤਾ ਗਿਆ।ਇਸ ਨਾਲ ਸ਼ਹਿਰ ਵਾਸੀਆਂ ਵਿੱਚ ਖੁਸ਼ੀ ਦਾ ਮਾਹੌਲ ਪਾਇਆ ਜਾ ਰਿਹਾ ਹੈ।

ਇਸ ਮੌਕੇ ਆਪਣੇ ਸੰਬੋਧਨ ਦੌਰਾਨ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਆਪਣੇ ਕਾਰਜਕਾਲ ਦੌਰਾਨ ਸਿਰਫ ਸ਼ਹਿਰ ਵਾਸੀਆਂ ਨੂੰ ਵੱਡੇ ਵੱਡੇ ਗੱਪ ਹੀ ਮਾਰੇ ਹਨ ਜਦਕਿ ਕੰਮ ਨਾਮ ਦੀ ਕੋਈ ਚੀਜ਼ ਨਹੀਂ ਕੀਤੀ। ਸ਼ਹਿਰ ਦੇ ਮੇਨ ਵਾਟਰ ਵਰਕਸ ਵਿੱਚ ਅੱਜ ਤੋਂ ਕਰੀਬ 40 ਸਾਲ ਪਹਿਲਾ ਦੋ ਲੱਖ ਲੀਟਰ ਵਾਲੀ ਟੈਂਕੀ ਬਣੀ ਸੀ ਉਸ ਸਮੇਂ ਸ਼ਹਿਰ ਦੀ ਆਬਾਦੀ ਬਹੁਤ ਘੱਟ ਸੀ ਪ੍ਰੰਤੂ ਹੁਣ ਸ਼ਹਿਰ ਦੀ ਆਬਾਦੀ ਵਧਣ ਕਾਰਨ ਪਾਣੀ ਦੀ ਮੰਗ ਵਧਣ ਲੱਗੀ। ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇਸ ਨਬਜ਼ ਨੂੰ ਟਿਟੋਲਿਆ ਅਤੇ ਪਹਿਲ ਦੇ ਅਧਾਰ ਤੇ ਸ਼ਹਿਰੀਆਂ ਦੀ ਪਹਿਲੀ ਮੰਗ ਨੂੰ ਪੂਰਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਅੱਜ ਦਾ ਦਿਨ ਸ਼ਹਿਰ ਦੇ ਇਤਿਹਾਸ ਵਿੱਚ ਲਿਖਿਆ ਜਾਵੇਗਾ ਕਿਉਂਕਿ ਅੱਜ ਸ਼ਹਿਰ ਦੀ ਵੱਡੀ ਮੰਗ ਨੂੰ ਪੂਰਾ ਕਰਦਿਆਂ ਕਰੀਬ 5 ਲੱਖ ਲੀਟਰ ਵਾਲੀ ਨਵੀਂ ਟੈਂਕੀ ਦਾ ਉਦਘਾਟਨ ਕੀਤਾ ਗਿਆ।ਇਸ ਟੈਂਕੀ ਦੇ ਬਨਣ ਨਾਲ ਪਾਣੀ ਦੀ ਸਮੱਸਿਆ ਦਾ ਹੱਲ ਹੋਵੇਗਾ। ਉਨ੍ਹਾਂ ਕਿਹਾ ਕਿ ਮੈਨੂੰ ਪੂਰਾ ਵਿਸ਼ਵਾਸ ਹੈ ਕਿ ਇਹ ਟੈਂਕੀ ਆਉਣ ਵਾਲੇ ਸਮੇਂ ਵਿੱਚ ਸ਼ਹਿਰ ਵਾਸੀਆਂ ਲਈ ਵਰਦਾਨ ਸਾਬਿਤ ਹੋਵੇਗੀ। ਸੂਬਾ ਸਰਕਾਰ ਹਮੇਸ਼ਾ ਲੋਕਾਂ ਦੀਆਂ ਬੁਨਿਆਦੀ ਲੋੜਾਂ ਨੂੰ ਪੂਰਾ ਕਰਨ ਲਈ ਵਚਨਬੱਧ ਹੈ ਅਤੇ ਇਹ ਟੈਂਕੀ ਉਸ ਵਚਨਬੱਧਤਾ ਦਾ ਹੀ ਇੱਕ ਹਿੱਸਾ ਹੈ। ਮੈਂ ਖੁਦ ਇਸ ਪ੍ਰੋਜੈਕਟ ਦੀ ਨਿਗਰਾਨੀ ਕਰਦਾ ਰਿਹਾ ਹਾਂ, ਅਤੇ ਮੈਨੂੰ ਖੁਸ਼ੀ ਹੈ ਕਿ ਇਹ ਅੱਜ ਪੂਰਾ ਹੋ ਗਿਆ ਹੈ।ਮੈਂ ਸਾਰੇ ਇੰਜੀਨੀਅਰਾਂ ਅਤੇ ਕਰਮਚਾਰੀਆਂ ਨੂੰ ਵਧਾਈ ਦਿੰਦਾ ਹਾਂ ਜਿਨ੍ਹਾਂ ਨੇ ਇਸ ਨੂੰ ਸਫ਼ਲ ਬਣਾਉਣ ਲਈ ਸਖ਼ਤ ਮਿਹਨਤ ਕੀਤੀ। ਇਸ ਮੌਕੇ ਇਕਬਾਲ ਸਿੰਘ ਵੜਿੰਗ ਪ੍ਰਧਾਨ, ਸਾਬਕਾ ਕੌਂਸਲਰ ਰਾਮ ਸਿੰਘ ਪੱਪੀ, ਇਕਬਾਲ ਸਿੰਘ ਬਰਾੜ ਪ੍ਰਧਾਨ ਟਰਾਂਸਪੋਰਟ ਵਿੰਗ, ਕੌਂਸਲਰ ਹਰਦੀਪ ਸਿੰਘ ਕਾਲਾ, ਸੁਖਦੇਵ ਸਿੰਘ ਬੇਦੀ, ਸੁਖਜਿੰਦਰ ਸਿੰਘ ਬੱਬਲੂ ਬਰਾੜ ਪ੍ਰਧਾਨ, ਕੁਲਵਿੰਦਰ ਸਿੰਘ ਕੰਡਾ ਪ੍ਰਧਾਨ ਵਪਾਰ ਮੰਡਲ, ਬਗੀਚਾ ਨੰਬਰਦਾਰ, ਰਾਕੇਸ਼ ਅਰੋੜਾ, ਦੀਪਕ ਬਾਘਲਾ, ਰਵਿੰਦਰ ਕੁਮਾਰ ਰਿੰਕੂ, ਜੈ ਚੰਦ ਭੰਡਾਰੀ, ਨਿਰੰਜਨ ਸਿੰਘ ਰੱਖਰਾ, ਕੁਲਵੰਤ ਸਿੰਘ ਕਾਲਾ, ਅਮਨ ਰਾਮਗੜ੍ਹੀਆ, ਕਰਮਜੀਤ ਸਿੰਘ ਕਾਲਾ, ਅੰਗਰੇਜ਼ ਸਿੰਘ, ਗੁਰਮੀਤ ਸਿੰਘ, ਦਿਲਜੀਤ ਸਿੰਘ, ਮਨੀ ਉਦੇਕਰਨ, ਵਿਪਨ ਕੁਮਾਰ, ਨਛੱਤਰ ਸਿੰਘ, ਐਡੀਓ ਪੁਸ਼ਪਿੰਦਰ ਬਿਸ਼ਨੋਈ, ਜੇਈ ਜਤਿਨ ਕੁਮਾਰ, ਐਸਡੀਓ ਜਗਮੋਹਨ ਸਿੰਘ ਆਦਿ ਹਾਜ਼ਰ ਸਨ।

# ਐਮ ਐਮ ਡੀ. ਡੀ ਏ ਵੀ ਕਾਲਜ ਗਿੱਦੜਬਾਹਾ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ




**ਗਿੱਦੜਬਾਹਾ, 7 ਮਾਰਚ (ਕੁਲਭੂਸ਼ਨ ਗਰਗ)** ਐਮ ਐਮ ਡੀ. ਡੀ ਏ ਵੀ ਕਾਲਜ ਗਿੱਦੜਬਾਹਾ ਵਿਖੇ ਭਾਸ਼ਾ ਮੰਚ ਅਤੇ ਯੁਵਕ ਭਲਾਈ ਵਿਭਾਗ ਦੇ ਸਾਂਝੇ ਯਤਨਾਂ ਸਦਕਾ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਕਾਵਿ-ਰੰਗ ਸਮਾਗਮ ਆਯੋਜਿਤ ਕੀਤਾ ਗਿਆ। ਸਮਾਗਮ ਦੇ ਆਰੰਭ 'ਚ ਕਾਰਜਕਾਰੀ ਪ੍ਰਿੰ. ਵੰਦਨਾ ਆਰ ਗਰਗ ਨੇ ਵਿਦਿਆਰਥੀਆਂ ਨੂੰ ਔਰਤਾਂ ਦਾ ਸਤਿਕਾਰ ਕਰਨ ਲਈ ਪ੍ਰੇਰਿਤ ਕੀਤਾ। ਭਾਸ਼ਾ ਮੰਚ ਸਰਪ੍ਰਸਤ ਅਤੇ ਪੀ.ਜੀ. ਪੰਜਾਬੀ ਵਿਭਾਗ ਦੇ ਮੁਖੀ ਡਾ. ਚੰਦਰ ਪ੍ਰਕਾਸ਼ ਨੇ ਔਰਤ ਦੀ ਸਮਕਾਲੀ ਸਥਿਤੀ ਬਾਰੇ ਚਾਨਣਾ ਪਾਉਂਦੇ ਹੋਏ ਕਿਹਾ ਕਿ ਅਜਿਹੇ ਸਮਾਗਮਾਂ ਨਾਲ ਵਿਚਾਰਾਂ ਦਾ ਰਾਹ ਖੁੱਲਦਾ ਹੈ ਅਤੇ ਸਮਾਜਿਕ ਚੇਤਨਾ ਦਾ ਘੇਰਾ ਵੱਡਾ ਹੁੰਦਾ ਹੈ।ਇਸ ਉਪਰੰਤ ਸੰਦੀਪ ਕੌਰ, ਪ੍ਰਿਤਪਾਲ ਸਿੰਘ ਅਤੇ ਰਿਤਿਕਾ ਨੇ ਕਵਿਤਾ, ਰੁਪਿੰਦਰ ਕੌਰ ਨੇ ਭਾਸ਼ਣ, ਹੁਸਨਪ੍ਰੀਤ ਕੌਰ, ਸਨੋਵਰ, ਨਿਸ਼ਾ, ਅਰਸ਼ਦੀਪ ਕੌਰ ਅਤੇ ਅਰਸ਼ਦੀਪ ਸਿੰਘ ਨੇ ਗੀਤ ਪੇਸ਼ ਕੀਤੇ ।ਧੰਨਵਾਦ ਦੀ ਰਸਮ ਜਸਵਿੰਦਰ ਬਾਘਲਾ ਨੇ ਨਿਭਾਈ। ਮੰਚ ਸੰਚਾਲਨ ਪ੍ਰੋ. ਸਰਬਜੀਤ ਕੌਰ ਵੱਲੋਂ ਕੀਤਾ। ਪ੍ਰੋਗਰਾਮ ਨੂੰ ਸਫਲ ਬਣਾਉਣ ਵਿੱਚ ਪ੍ਰਬੰਧਕੀ ਮੰਡਲ ਪ੍ਰੋ. ਸੁਖਪ੍ਰੀਤ ਕੌਰ, ਪ੍ਰੋ. ਜਸਵਿੰਦਰ ਸਿੰਘ, ਪ੍ਰੋ. ਅਰਸ਼ਦੀਪ ਸਿੰਘ ਅਤੇ ਪ੍ਰੋ. ਜਸਪ੍ਰੀਤ ਕੌਰ ਅਤੇ ਤੋਂ ਇਲਾਵਾ ਭਾਸ਼ਾ ਮੰਚ ਦੇ ਅਹੁਦੇਦਾਰ ਵਿਦਿਆਰਥੀਆਂ ਦਾ ਸਹਿਯੋਗ ਰਿਹਾ। ਇਸ ਸਮਾਗਮ ਵਿੱਚ ਪ੍ਰੋ. ਸਤਮੇਲ ਕੌਰ ,ਪ੍ਰੋ. ਅੰਜਲੀ, ਸੰਦੀਪ ਸਿੰਘ, ਪ੍ਰੋ. ਸਰਿਤਾ,ਪ੍ਰੋ. ਰੋਮਨ ਅਤੇ ਆਦੇਸ਼ਪਾਲ ਹਾਜ਼ਰ ਰਹੇ।

# ਸਿੰਗਾਪੁਰ ਤੋਂ ਸਿੱਖਿਆ ਦੀ ਨਵੀਂ ਰੌਸ਼ਨੀ ਲੈ ਕੇ ਆਉਣਗੇ ਪ੍ਰਿੰਸੀਪਲ, ਪੰਜਾਬ ਵਿੱਚ ਸਿੱਖਿਆ ਕ੍ਰਾਂਤੀ ਨੂੰ ਮਿਲੇਗੀ ਹੋਰ ਰ.ਫਤਾਰ : ਮਿੰਕੂ ਜਵੰਧਾ



**ਭਵਾਨੀਗੜ੍ਹ, 7 ਮਾਰਚ (ਰਾਜ ਖੁਰਮੀ)** ਪੰਜਾਬ ਵਿੱਚ ਸਿੱਖਿਆ ਪ੍ਰਣਾਲੀ ਨੂੰ ਵਿਸ਼ਵ ਪੱਧਰ ਦੇ ਮਿਆਰਾਂ ਤੱਕ ਪਹੁੰਚਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਲਗਾਤਾਰ ਅਹਿਮ ਕਦਮ ਚੁੱਕੇ ਜਾ ਰਹੇ ਹਨ। ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਕਿਹਾ ਕਿ ਸਰਕਾਰ ਵੱਲੋਂ ਚਲਾਈ ਜਾ ਰਹੀ 'ਸਿੱਖਿਆ ਕ੍ਰਾਂਤੀ' ਰਾਹੀਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦਾ ਭਵਿੱਖ ਹੋਰ ਰੌਸ਼ਨ ਬਣਾਇਆ ਜਾ ਰਿਹਾ ਹੈ ਉਨ੍ਹਾਂ ਦੱਸਿਆ ਕਿ ਅੱਜ ਮੁੱਖ ਮੰਤਰੀ ਵੱਲੋਂ 30 ਪ੍ਰਿੰਸੀਪਲਾਂ ਦੇ ਨਵੇਂ ਬੈਚ ਨੂੰ ਉੱਚ ਪੱਧਰੀ ਸਿਖਲਾਈ ਲਈ ਸਿੰਗਾਪੁਰ ਭੇਜਿਆ ਗਿਆ ਹੈ। ਇਹ ਪ੍ਰਿੰਸੀਪਲ ਉੱਥੋਂ ਦੀਆਂ ਪ੍ਰਸਿੱਧ ਅਕਾਦਮੀਆਂ ਵਿੱਚ ਆਧੁਨਿਕ ਸਿੱਖਣ ਤਰੀਕਿਆਂ, ਵਿਦਿਆਰਥੀ ਮਨੋਵਿਗਿਆਨ ਅਤੇ ਪ੍ਰਬੰਧਕੀ ਤਕਨੀਕਾਂ ਬਾਰੇ ਤਾਲੀਮ ਲੈਣਗੇ, ਜਿਸ ਦਾ ਲਾਭ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਹਜ਼ਾਰਾਂ ਵਿਦਿਆਰਥੀਆਂ ਨੂੰ ਮਿਲੇਗਾ।

ਚੇਅਰਮੈਨ ਜਵੰਧਾ ਨੇ ਕਿਹਾ ਕਿ ਇਸ ਤਰ੍ਹਾਂ ਦੀ ਵਿਦੇਸ਼ੀ ਸਿਖਲਾਈ ਨਾਲ ਅਧਿਆਪਕਾਂ ਦੀ ਸੋਚ ਅਤੇ ਪੜ੍ਹਾਉਣ ਦੇ ਢੰਗ ਵਿੱਚ ਵੱਡਾ ਬਦਲਾਅ ਆਵੇਗਾ। ਜਦੋਂ ਅਧਿਆਪਕ ਨਵੀਂ ਸੋਚ ਅਤੇ ਤਕਨੀਕ ਨਾਲ ਲੈਸ ਹੋਣਗੇ ਤਾਂ ਉਹ ਬੱਚਿਆਂ ਨੂੰ ਸਿਰਫ ਕਿਤਾਬੀ ਗਿਆਨ ਹੀ ਨਹੀਂ, ਸਗੋਂ ਵਿਹਾਰਕ ਅਤੇ ਆਧੁਨਿਕ ਗਿਆਨ ਵੀ ਦੇ ਸਕਣਗੇ ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਵੱਡੇ ਪੱਧਰ 'ਤੇ ਸੁਧਾਰ ਕੀਤੇ ਜਾ ਰਹੇ ਹਨ। ਸਰਕਾਰੀ ਸਕੂਲਾਂ ਵਿੱਚ 'ਸਕੂਲ ਆਫ ਐਮੀਨੈਂਸ' ਵਰਗੇ ਪ੍ਰੋਜੈਕਟ ਸ਼ੁਰੂ ਕਰਕੇ ਬੱਚਿਆਂ ਨੂੰ ਆਧੁਨਿਕ ਸਹੂਲਤਾਂ, ਸਮਾਰਟ ਕਲਾਸਰੂਮ ਅਤੇ ਉੱਚ ਪੱਧਰੀ ਸਿੱਖਿਆ ਮੁਹੱਈਆ ਕਰਵਾਈ ਜਾ ਰਹੀ ਹੈ।ਡਾ. ਜਵੰਧਾ ਨੇ ਕਿਹਾ ਕਿ ਸਿੰਗਾਪੁਰ ਤੋਂ ਸਿਖਲਾਈ ਹਾਸਲ ਕਰਕੇ ਵਾਪਸ ਆਉਣ ਵਾਲੇ ਪ੍ਰਿੰਸੀਪਲ ਆਪਣੇ ਤਜ਼ਰਬੇ ਨਾਲ ਪੰਜਾਬ ਦੇ ਸਕੂਲਾਂ ਵਿੱਚ ਨਵੀਆਂ ਪਹਲਾਂ ਸ਼ੁਰੂ ਕਰਨਗੇ, ਜਿਸ ਨਾਲ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਵਿੱਚ ਮਦਦ ਮਿਲੇਗੀ।

ਅੰਤ ਵਿੱਚ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਇਹ ਉਪਰਾਲੇ ਸੂਬੇ ਨੂੰ ਮੁੜ 'ਰੰਗਲਾ ਪੰਜਾਬ' ਬਣਾਉਣ ਅਤੇ ਸਿੱਖਿਆ ਦੇ ਖੇਤਰ ਵਿੱਚ ਪੰਜਾਬ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਉਣ ਵੱਲ ਇਕ ਮੀਲ ਪੱਥਰ ਸਾਬਤ ਹੋਣਗੇ।

# ਨਗਰ ਕੌਂਸਲ ਮਾਛੀਵਾੜਾ ਨੇ ਇੱਕ ਸਾਲ ਅੰਦਰ ਹੀ ਕੀਤੇ ਵਿਕਾਸ ਦੇ ਰਿਕਾਰਡ ਕੰਮ

## ਖਾਲਸਾ ਚੌਂਕ ਮਾਛੀਵਾੜਾ ਦੀ ਸਜਾਵਟ ਹੋਵੇਗੀ ਦੇਖਣਯੋਗ- ਪ੍ਰਧਾਨ ਕੁੰਦਰਾ




**ਮਾਛੀਵਾੜਾ ਸਾਹਿਬ 7 ਮਾਰਚ (ਮਾਸਟਰ ਸਤੀਸ਼ ਕੁਮਾਰ)** ਨਗਰ ਕੌਂਸਲ ਦੇ ਪ੍ਰਧਾਨ ਮੋਹਿਤ ਕੁੰਦਰਾ ਦਾ ਇਕ ਸਾਲ ਦਾ ਕਾਰਜਕਾਲ ਪੂਰਾ ਹੋ ਚੁੱਕਿਆ ਹੈ ,ਜਿਸ ਦੌਰਾਨ ਉਹਨਾਂ ਨੇ ਬਹੁਤ ਸਾਰੇ ਅਹਿਮ ਮਤੇ ਪਾਏ ਅਤੇ ਕਈ ਨੇਪਰੇ ਵੀ ਚੜ੍ਹ ਚੁੱਕੇ ਹਨ। ਇਸੇ ਦੌਰਾਨ ਖਾਲਸਾ ਚੌਂਕ ਦੀ ਦਿੱਖ ਨੂੰ ਵਿਰਾਸਤੀ ਅਤੇ ਸੁੰਦਰ ਬਣਾਇਆ ਜਾ ਰਿਹਾ ਹੈ। ਨਗਰ ਕੌਂਸਲ ਦੇ ਪ੍ਰਧਾਨ ਗੱਲਬਾਤ ਕਰਦਿਆਂ ਦੱਸਿਆ ਕਿ ਖਾਲਸਾ ਚੌਂਕ ਦੀ ਰੈਨੋਵੇਸ਼ਨ ਦਾ ਕੰਮ ਚੱਲ ਰਿਹਾ ਹੈ , ਜੋ ਜਲਦ ਹੀ ਪੂਰਾ ਹੋ ਜਾਵੇਗਾ। ਉਹਨਾਂ ਨੇ ਕਿਹਾ ਕਿ ਇਸ ਚੌਂਕ ਨੂੰ ਵਿਰਾਸਤੀ ਦਿੱਖ ਇਸ ਕਰਕੇ ਦਿੱਤੀ ਗਈ ਹੈ ,ਕਿਉਂਕਿ ਗੁਰੂਆਂ ਪੀਰਾਂ ਦੀ ਪਵਿੱਤਰ ਧਰਤੀ ਹੈ। ਦੂਰ ਦੁਰਾਡੇ ਤੋਂ ਆਉਂਦੇ ਲੋਕਾਂ ਨੂੰ ਇਹ ਮਹਿਸੂਸ ਹੋਵੇ ਕਿ ਅਸੀਂ ਗੁਰੂਆਂ ਪੀਰਾਂ ਦੀ ਪਵਿੱਤਰ ਧਰਤੀ ਤੋਂ ਗੁਜਰ ਰਹੇ ਹਾਂ। ਉਹਨਾਂ ਨੇ ਕਿਹਾ ਕਿ ਫੁਹਾਰਿਆਂ ਦਾ ਕੰਮ ਲਗਭਗ ਪੂਰਾ ਹੋ ਚੁੱਕਿਆ ਹੈ ਅਤੇ ਇਸ ਉੱਪਰ ਖੰਡਾ ਸਾਹਿਬ ਵੀ ਲਗਾਇਆ ਜਾਵੇਗਾ ਅਤੇ ਇਨਾ ਗੁੰਬਦਾਂ ਅੰਦਰ ਝੂਮਰ ਲਗਾਏ ਜਾਣਗੇ ਜੋ ਕਿ ਰਾਤ ਨੂੰ ਦੇਖਣ ਯੋਗ ਹੋਣਗੇ। ਸ਼ਹਿਰ ਅੰਦਰ ਬਣੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਚੌਂਕ ਬਾਰੇ ਜਦੋਂ ਉਹਨਾਂ ਨੂੰ ਪੁੱਛਿਆ ਤਾਂ ਉਹਨਾਂ ਨੇ ਕਿਹਾ ਕਿ ਜਿਨਾਂ ਨੇ ਸਾਡਾ ਦੇਸ਼ ਨੂੰ ਮਜ਼ਬੂਤ ਸੰਵਿਧਾਨ ਦਿੱਤਾ ਹੈ, ਉਨ੍ਹਾਂ ਨੂੰ ਕਦੇ ਵੀ ਭੁੱਲ ਨਹੀਂ ਸਕਦੇ। ਉਸ ਚੌਂਕ ਨੂੰ ਵੀ ਸੁੰਦਰ ਬਣਾਇਆ ਜਾਵੇਗਾ ਜਿਸ ਵਿੱਚ ਇਸੇ ਤਰ੍ਹਾਂ ਹੀ ਫੁਹਾਰੇ ਲਗਾਏ ਜਾਣਗੇ। ਉਹਨਾਂ ਨੇ ਕਿਹਾ ਕਿ 15 ਅਗਸਤ ਤੋਂ ਪਹਿਲਾਂ ਪਹਿਲਾਂ ਇਸ ਚੌਂਕ ਨੂੰ ਵੀ ਰੇਨੋਵੇਸ਼ਨ ਕਰ ਦਿੱਤਾ ਜਾਵੇਗਾ। ਸ਼ਹਿਰ ਅੰਦਰ ਆ ਰਹੀ ਟਰੈਫਿਕ ਦੀ ਸਮੱਸਿਆ ਨੂੰ ਲੈ ਕੇ ਉਹਨਾਂ ਨੇ ਕਿਹਾ ਕਿ ਰਾਹੋਂ ਰੋਡ ਤੇ ਪਸ਼ੂਆਂ ਦੇ ਸਰਕਾਰੀ ਹਸਪਤਾਲ ਵਿੱਚ ਫਰੀ ਪਾਰਕਿੰਗ ਬਣਾਈ ਜਾ ਰਹੀ ਹੈ,ਜਿਸ ਦਾ ਟੈਂਡਰ ਜਲਦੀ ਲਗਾਇਆ ਜਾਵੇਗਾ। ਕਮਿਊਨਟੀ ਸੈਂਟਰ ਨੂੰ ਵੀ ਸੁੰਦਰ ਲੁੱਕ ਦਿੱਤੀ ਗਈ ਹੈ, ਜਿਸ ਦਾ ਕੰਮ ਲਗਭਗ ਪੂਰਾ ਹੋ ਚੁੱਕਿਆ ਹੈ। ਸ਼ਹਿਰ ਅੰਦਰ ਤਿਰੰਗਾ ਝੰਡਾ ਜੋ ਲਗਾਇਆ ਗਿਆ ਹੈ ਉਹ ਸ਼ਹਿਰ ਦੀ ਖਿੱਚ ਦਾ ਕੇਂਦਰ ਬਣਿਆ ਹੋਇਆ ਹੈ ਅਤੇ ਅਸੀਂ ਆਪਣੇ ਦੇਸ਼ ਦਾ ਤਿਰੰਗਾ ਝੰਡਾ ਲਹਿਰਾ ਕੇ ਮਾਣ ਮਹਿਸੂਸ ਕਰ ਰਹੇ ਹਾਂ। ਬਾਜ਼ਾਰ ਵਿੱਚ ਲੱਗੀ ਹੋਈ ਪੀਲੀ ਪੱਟੀ ਨੂੰ ਲੈ ਕੇ ਉਹਨਾਂ ਨੇ ਕਿਹਾ ਕਿ ਬਾਜ਼ਾਰ ਅੰਦਰ ਦੁਕਾਨਦਾਰਾਂ ਵੱਲੋਂ ਸਮਝਦਾਰੀ ਦਿਖਾਉਂਦੇ ਹੋਏ ਪੀਲੀ ਪੱਟੀ ਦੇ ਅੰਦਰ ਸਮਾਨ ਰੱਖਿਆ ਹੋਇਆ ਕਿਤੇ ਕਿਤੇ ਇਸਦੀ ਸਮੱਸਿਆ ਜਰੂਰ ਆ ਰਹੀ ਹੈ ਪਰ ਉਸਨੂੰ ਵੀ ਬਹੁਤ ਜਲਦ ਹੱਲ ਕਰ ਲਿਆ ਜਾਵੇਗਾ। ਉਹਨਾਂ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਸ਼ਹਿਰ ਨੂੰ ਸਾਫ ਸੁਥਰਾ ਬਣਾਉਣ ਲਈ ਪਲਾਸਟਿਕ ਦੇ ਲਿਫਾਫਿਆਂ ਦੀ ਘੱਟ ਵਰਤੋਂ ਕੀਤੀ ਜਾਵੇ ਪਲਾਸਟਿਕ ਦੇ ਲਿਫਾਫੇ ਸੀਵਰੇਜ ਦੇ ਵਿੱਚ ਫਸਣ ਕਾਰਨ ਸੀਵਰੇਜ ਬੰਦ ਹੋ ਜਾਂਦਾ ਹੈ ਤੇ ਪਾਣੀ ਸੜਕਾਂ ਉੱਪਰ ਆਉਣ ਕਾਰਨ ਗੰਦਗੀ ਫੈਲ ਜਾਂਦੀ ਹੈ। ਇਸ ਤੋਂ ਇਲਾਵਾ ਉਹਨਾਂ ਨੇ ਕਿਹਾ ਕਿ ਸ਼ਾਇਦ ਅੰਦਰ ਬਹੁਤ ਸਾਰੇ ਅਧੂਰੇ ਕਾਰਜ ਪਏ ਹਨ ਜੋ ਜਲਦੀ ਟੈਂਡਰ ਪਾ ਕੇ ਨੇਪਰੇ ਚਾੜੇ ਜਾਣਗੇ। ਉਨ੍ਹਾਂ ਕਿਹਾ ਕਿ ਸ਼ਹਿਰ ਵਾਸੀਆਂ ਨੂੰ ਸਭ ਤੋਂ ਵੱਡੀ ਸਹੂਲਤ ਨਗਰ ਕੌਂਸਲ ਵਿਖੇ ਸ਼੍ਰੀ ਰਵਿਦਾਸ ਮਹਾਰਾਜ ਜੀ ਦੇ ਜਨਮ ਦਿਵਸ ਤੇ ਸਿੰਗਲ ਪਿੰਡੋ ਸਿਸਟਮ ਲਾਗੂ ਕਰਨ ਨਾਲ ਮਿਲੀ ਹੈ ਉਸਦਾ ਸਾਰੇ ਸ਼ਹਿਰ ਵਾਸੀਆਂ ਨੂੰ ਵੱਡਾ ਲਾਭ ਹੋਇਆ ਹੈ ਤੇ ਜਿੰਨੀਆਂ ਵੀ ਹੁਣ ਤੱਕ ਉਥੇ ਸ਼ਿਕਾਇਤਾਂ ਦਰਜ ਹੋਈਆਂ ਉਹਨਾਂ ਵਿੱਚੋਂ ਤਕਰੀਬਨ ਸਭ ਦਾ ਹੱਲ ਕਰ ਦਿੱਤਾ ਗਿਆ ਹੈ, ਜੋ ਦੋ ਚਾਰ ਵਿਭਾਗੀ ਕਾਰਵਾਈ ਤੋਂ ਉਪਰੰਤ ਹੋਣ ਵਾਲੀਆਂ ਹਨ ਉਹ ਵੀ ਬਹੁਤ ਜਲਦ ਹੱਲ ਹੋ ਜਾਣਗੀਆਂ।

# ਸਥਾਨਕ ਭੱਲਾ ਸਟਰੀਟ ਵਿੱਚ ਲੱਗੇ ਕੂੜੇ ਤੇ ਗੰਦਗੀ ਦੇ ਢੇਰ ਕਾਰਨ ਮੁਹੱਲਾ ਵਾਸੀ ਪ੍ਰੇਸ਼ਾਨ

## ਮਿਊਂਸਪਲ ਕਮੇਟੀ ਵੱਲੋਂ ਤੁਰੰਤ ਕੂੜਾ ਨਾ ਚੱਕਿਆ ਗਿਆ ਤਾਂ ਸ਼ਹਿਰ ਦੀ ਮੇਨ ਸੜਕ ਜਾਮ ਕਰਕੇ ਰੋਸ ਜ਼ਾਹਿਰ ਕਰਾਂਗੇ - ਹਰਪਾਲ ਸੋਨੂੰ




**ਸੰਗਰੂਰ 07 ਮਾਰਚ (ਸ਼ਰਮਾ)** ਸਥਾਨਕ ਵਾਰਡ ਨੰਬਰ 13 ਭੱਲਾ ਸਟਰੀਟ ਵਿੱਚ ਲੱਗੇ ਕੂੜੇ ਅਤੇ ਗੰਦਗੀ ਦੇ ਢੇਰ ਵਿਰੁੱਧ ਮੁਹੱਲਾ ਨਿਵਾਸੀਆਂ ਨਾਲ ਪਹੁੰਚੇ ਕਾਂਗਰਸ ਪਾਰਟੀ ਓ ਬੀ ਸੀ ਵਿੰਗ ਦੇ ਵਾਈਸ ਚੇਅਰਮੈਨ ਅਤੇ ਸੰਗਰੂਰ ਤੋਂ ਮੁੱਖ ਬੁਲਾਰੇ ਹਰਪਾਲ ਸੋਨੂੰ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪਿਛਲੇ ਕਈ ਦਿਨਾਂ ਤੋਂ ਭੱਲਾ ਸਟਰੀਟ ਵਾਸੀਆਂ ਨੂੰ ਕੂੜੇ ਦੇ ਲੱਗੇ ਢੇਰ ਕਾਰਨ ਗੰਦਗੀ ਫੈਲਣ ਕਰਕੇ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸਬੰਧੀ ਉਹਨਾਂ ਮਿਊਂਸਪਲ ਕਮੇਟੀ ਸੰਗਰੂਰ ਨੂੰ ਚਿਤਾਵਨੀ ਭਰੇ ਲਹਿਜੇ ਵਿੱਚ ਕਿਹਾ ਹੈ ਕਿ ਅਗਰ ਇਹ ਕੂੜੇ ਦੇ ਢੇਰ ਤੁਰੰਤ ਭੱਲਾ ਸਟਰੀਟ ਤੋਂ ਨਾ ਹਟਾਏ ਗਏ ਤਾਂ ਉਹ ਆਪਣੀ ਪਾਰਟੀ ਵਰਕਰਾਂ ਅਤੇ ਮੁਹੱਲਾ ਵਾਸੀਆਂ ਨੂੰ ਨਾਲ ਲੈਕੇ ਸ਼ਹਿਰ ਦੀ ਮੇਨ ਸੜਕ ਜਾਮ ਕਰਨ ਲਈ ਮਜਬੂਰ ਹੋਣਗੇ।

ਸੋਨੂੰ ਨੇ ਕਿਹਾ ਕਿ ਸ਼ਹਿਰ ਵਿੱਚ ਸਾਫ਼ ਸਫਾਈ ਦੇ ਕੰਮਾਂ ਵੱਲ ਮਿਉਂਸਪਲ ਕਮੇਟੀ ਦਾ ਬਿਲਕੁਲ ਕੋਈ ਵੀ ਧਿਆਨ ਨਹੀਂ ਹੈ, ਜਦਕਿ ਸ਼ਹਿਰ ਵਾਸੀਆਂ ਨੂੰ ਕੂੜੇ ਦੇ ਢੇਰ ਲੱਗਣ ਕਾਰਨ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਹਨਾਂ ਅੱਗੇ ਕਿਹਾ ਕਿ ਗਰਮੀ ਦਾ ਮੌਸਮ ਸ਼ੁਰੂ ਹੋ ਰਿਹਾ ਹੈ, ਜਿਸ ਕਾਰਨ ਗੰਦਗੀ ਕਾਰਨ ਡੇਂਗੂ, ਮਲੇਰੀਆ ਤੋਂ ਇਲਾਵਾ ਹੋਰ ਭਿਆਨਕ ਬਿਮਾਰੀਆਂ ਫੈਲਣ ਦਾ ਖਦਸ਼ਾ ਪੈਦਾ ਹੋ ਰਿਹਾ ਹੈ। ਸੋਨੂੰ ਨੇ ਕਿਹਾ ਕਿ ਸ਼ਹਿਰ ਵਾਸੀਆਂ ਦੀ ਸਿਹਤ ਨਾਲ ਖਿਲਵਾੜ ਕਰਨ ਦੀ ਕਿਸੇ ਨੂੰ ਇਜਾਜ਼ਤ ਨਹੀਂ ਦਿੱਤੀ ਜਾਵੇਗੀ ਅਤੇ ਕੂੜੇ ਦੇ ਢੇਰਾਂ ਦਾ ਹੱਲ ਕਰਵਾਉਣ ਲਈ ਕਾਂਗਰਸ ਪਾਰਟੀ ਦੇ ਵਫ਼ਾਦਾਰ ਸਿਪਾਹੀ ਹੋਣ ਅਤੇ ਸ਼ਹਿਰ ਵਾਸੀਆਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦੇ ਹੋਏ ਉਹ ਆਪਣੀ ਟੀਮ ਨਾਲ ਮਿਲਕੇ ਪ੍ਰਸ਼ਾਸ਼ਨ ਅਤੇ ਸਰਕਾਰ ਨੂੰ ਨੀਂਦ ਤੋਂ ਜਗਾਉਣ ਦਾ ਕੰਮ ਜਾਰੀ ਰੱਖਣਗੇ।

ਇਸ ਮੌਕੇ ਰਾਜ ਕੁਮਾਰ, ਸੁਰਿੰਦਰ ਮੰਡੋਰਾ ਪੰਜਾਬ ਡਰਾਈਕਲੀਨ, ਨੰਦ ਲਾਲ ਗਰੋਵਰ ਮਕੈਨਿਕ ਵਰਕਰ, ਮੰਗਤ ਰਾਏ ਸਨਗਰੀਨ ਦੁਕਾਨਦਾਰ, ਮੋਹਨ ਸਿੰਘ ਪੇਂਟਰ, ਏ.ਪੀ. ਮਲਿਕ, ਵਿਜੈ ਕੁਮਾਰ, ਬੰਟੀ, ਐਨ.ਕੇ. ਟੇਲਰ, ਕਮਲ ਬੂਟ ਹਾਊਸ ਆਦਿ ਸਥਾਨਕ ਵਾਸੀ ਹਾਜਰ ਸਨ।

# ਸ਼੍ਰੀ ਹੇਮਕੁੰਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਅੰਤਰ-ਰਾਸ਼ਟਰੀ ਮਹਿਲਾ ਦਿਵਸ ਮਨਾਇਆ

## ਮਹਿਲਾਵਾਂ ਦੇ ਅਧਿਕਾਰਾਂ ਅਤੇ ਸਨਮਾਨ ਦੀ ਰੱਖਿਆ ਕਰਨਾ ਮੁੱਖ ਜ਼ਿੰਮੇਵਾਰੀ



**ਕੋਟ ਈਸੇ ਖਾਂ, 07 ਮਾਰਚ (ਅਰੋੜਾ)** ਸ੍ਰੀ ਹੇਮਕੁੰਟ ਸੀਨੀ ਸੰਕੈ.ਸਕੂਲ ਕੋਟ-ਈਸੇ-ਖਾਂ ਵਿਖੇ ਅੰਤਰ-ਰਾਸ਼ਟਰੀ ਮਹਿਲਾ ਦਿਵਸ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਦੌਰਾਨ ਸਕੂਲ ਦੇ ਅਧਿਆਪਕਾਂ ਵੱਲੋਂ ਖਾਸ ਪ੍ਰੋਗਰਾਮ ਕਰਵਾਇਆਂ ਗਿਆ ਜਿਸ ਵਿੱਚ ਮਹਿਲਾਵਾਂ ਦੀ ਸਮਾਜ ਵਿੱਚ ਮਹੱਤਤਾ ਅਤੇ ਉਨ੍ਹਾਂ ਦੇ ਯੋਗਦਾਨ ਬਾਰੇ ਜਾਣਕਾਰੀ ਦਿੱਤੀ ਗਈ । ਇਸ ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਦੇ ਅਧਿਆਪਕਾਂ ਨੇ ਕਵਿਤਾ ਗਾਇਨ ਨਾਲ ਕੀਤੀ ਅਤੇ ਅਧਿਆਪਕਾਂ ਵੱਲੋਂ ਪ੍ਰੇਰਣਾਦਾਇਕ ਵਿਚਾਰ ਸਾਂਝੇ ਕੀਤੇ ਗਏ ਅਤੇ ਮਹਿਲਾਵਾਂ ਦੇ ਸਨਮਾਨ ਬਾਰੇ ਗੱਲ ਕੀਤੀ ਗਈ ।ਅਧਿਆਪਕਾਂ ਦੀਆਂ ਵੱਖ-ਵੱਖ ਤਰ੍ਹਾਂ ਦੀਆਂ ਗੇਮਾਂ ਕਰਵਾਈਆਂ ਗਈਆਂ ਅਤੇ ਅਧਿਆਪਕਾਂ ਵੱਲੋਂ ਕੇਕੇ ਕੱਟ ਵੀ ਕੀਤਾ ਗਿਆ । ਹੇਮਕੁੰਟ ਸੰਸਥਾਵਾਂ ਦੇ ਚੇਅਰਮੈਨ ਸ: ਕੁਲਵੰਤ ਸਿੰਘ ਸੰਧੂ ਅਤੇ ਐੱਮ.ਡੀ.ਮੈਡਮ ਨੇ ਮਹਿਲਾ ਦਿਵਸ ਬਾਰੇ ਦੱਸਦੇ ਹੋਏ ਕਿਹਾ ਕਿ ਮਹਿਲਾ ਦਿਵਸ ਹਰ ਸਾਲ ਵਿਸ਼ਵ ਪੱਧਰ ਤੇ ਔਰਤਾਂ ਦੇ ਮਨੋਬਲ ਨੂੰ ਉੱਚਾ ਚੁੱਕਣ ਲਈ 8 ਮਾਰਚ ਨੂੰ ਮਨਾਇਆ ਜਾਂਦਾ ਹੈ। ਮਹਿਲਾਵਾਂ ਸਮਾਜ ਦੀ ਮਜ਼ਬੂਤ ਨੀਂਹ ਹਨ ਅਤੇ ਹਰ ਖੇਤਰ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀਆਂ ਹਨ। ਸਾਨੂੰ ਹਮੇਸ਼ਾ ਮਹਿਲਾਵਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ ਅਤੇ ਉਨ੍ਹਾਂ ਨੂੰ ਅੱਗੇ ਵੱਧਣ ਲਈ ਪ੍ਰੋਤਸਾਹਿਤ ਕਰਨਾ ਚਾਹੀਦਾ ਹੈ। ਇਸ ਪ੍ਰੋਗਰਾਮ ਨੂੰ ਨਪੇਰੇ ਚੜਾਉਣ ਦਾ ਸਿਹਰਾ ਪ੍ਰਿੰਸੀਪਲ ਮੈਡਮ ਰਮਨਜੀਤ ਕੌਰ ਅਤੇ ਸੋਨੀਆ ਸ਼ਰਮਾ ਨੂੰ ਜਾਂਦਾ ਹੈ ਸਮੂਹ ਸਟਾਫ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਗਈਆ । ਉਹਨਾਂ ਨੇ ਆਪਣੇ ਪ੍ਰਭਾਵਸ਼ਾਲੀ ਭਾਸ਼ਣ ਵਿੱਚ ਕਿਹਾ ਕਿ ਮਹਿਲਾ ਦਿਵਸ ਸਾਨੂੰ ਇਹ ਸਿੱਖ ਦਿੰਦਾ ਹੈ ਕਿ ਮਹਿਲਾਵਾਂ ਦੇ ਅਧਿਕਾਰਾਂ ਅਤੇ ਸਨਮਾਨ ਦੀ ਰੱਖਿਆ ਕਰਨਾ ਹਰ ਇੱਕ ਦੀ ਜ਼ਿੰਮੇਵਾਰੀ ਹੈ।

# ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਭਗਤਾ ਭਾਈ ਵਿਖੇ ਹ.ਫਤਾਵਾਰੀ ਪੁਸਤਕ ਰਿਵਿਊ ਸਮਾਗਮ



**ਭਗਤਾ ਭਾਈ, 7 ਮਾਰਚ (ਰਾਜਿੰਦਰ ਸਿੰਘ ਮਰਾਹੜ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਕੱਤਰ ਵਿੱਦਿਆ ਸੁਖਮਿੰਦਰ ਸਿੰਘ ਅਤੇ ਸਿਕੰਦਰ ਸਿੰਘ ਮਲੂਕਾ (ਸਾਬਕਾ ਕੈਬਨਿਟ ਮੰਤਰੀ, ਪੰਜਾਬ ਅਤੇ ਆਨਰੇਰੀ ਸਕੱਤਰ ਕਾਲਜ) ਦੀ ਰਹਿਨੁਮਾਈ ਅਤੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇਲਾਕੇ ਦੀ ਨਾਮਵਰ ਸੰਸਥਾ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਭਗਤਾ ਭਾਈ ਵੱਲੋਂ ਕਾਲਜ ਪ੍ਰਿੰਸੀਪਲ ਡਾ. ਸਤਿੰਦਰ ਕੌਰ ਮਾਨ ਦੀ ਅਗਵਾਈ ਹੇਠ ਕਾਲਜ ਵਿਖੇ ਗਿਆਨੀ ਬਲਵੰਤ ਸਿੰਘ ਕੋਠਾ ਗੁਰੂ ਲਾਇਬਰੇਰੀ ਵਿੱਚ ਅੱਜ ਹ.ਫਤਾਵਰੀ ਪੁਸਤਕ ਰਿਵਿਊ ਪੇਸ਼ ਕਰਵਾਏ ਗਏ। ਇਸ ਮੌਕੇ ਲਾਇਬਰੇਰੀਅਨ ਕਿਰਨਜੀਤ ਕੌਰ ਨੇ ਦੱਸਿਆ ਕਿ ਪੁਸਤਕ ਰਿਵਿਊ ਪੜ੍ਹ ਕੇ ਜਾਂ ਸੁਣ ਕੇ ਵਿਦਿਆਰਥੀਆਂ ਵਿੱਚ ਪੁਸਤਕ ਪੜ੍ਹਨ ਲਈ ਉਤਸ਼ਾਹ ਪੈਦਾ ਹੁੰਦਾ ਹੈ। ਇਸ ਤੋਂ ਉਪਰੰਤ ਹਫਤਾਵਾਰੀ ਰਿਵਿਊ ਵਿੱਚ ਅੰਗਰੇਜ਼ੀ ਵਿਭਾਗ ਦੇ ਪ੍ਰੋ: ਗਗਨਦੀਪ ਕੌਰ ਵੱਲੋਂ ਪੁਸਤਕ 'ਡੌਲਜ਼ ਹਾਊਸ' (ਲੇਖਕ ਹੇਨਰਿਕ ਇਬਸਨ) ਵਿੱਚੋਂ ਮਰਦ ਪ੍ਰਧਾਨ ਸਮਾਜ ਅਤੇ 19ਵੀਂ ਸਦੀ ਵਿਚ ਔਰਤਾਂ ਦੀ ਆਰਥਿਕ ਸਥਿਤੀ ਦੇ ਵਿਭਿੰਨ ਪੱਖਾਂ ਬਾਰੇ ਵਿਦਿਆਰਥੀਆਂ ਨਾਲ ਵਿਚਾਰ ਚਰਚਾ ਕੀਤੀ। ਇਸੇ ਸਮੇਂ ਬੀ.ਏ ਭਾਗ ਤੀਜਾ ਦੀ ਵਿਦਿਆਰਥਣ ਅਰਸ਼ਦੀਪ ਕੌਰ ਨੇ ਪੁਸਤਕ ਕੰਨਿਆਦਾਨ' (ਲੇਖਕ ਵਿਜੈ ਤੇਂਦੂਲਕਰ) ਉੱਪਰ ਆਪਣੇ ਵਿਚਾਰ ਪੇਸ਼ ਕੀਤੇ। ਇਸ ਤੋ ਇਲਾਵਾ ਅੰਗਰੇਜ਼ੀ ਵਿਭਾਗ ਦੇ ਮੁਖੀ ਪ੍ਰੋ: ਜਗਦੀਪ ਕੌਰ ਨੇ ਪੁਰਾਣੇ ਅਤੇ ਅਜੋਕੇ ਸਮੇ ਵਿਚ ਇਸਤਰੀਆਂ ਦੀ ਸਥਿਤੀ ਬਾਰੇ ਜਾਣੂ ਕਰਵਾਇਆ ਅਤੇ ਵਿਦਿਆਰਥੀਆਂ ਨੂੰ ਸਿਲਬੇਸ ਤੋ ਇਲਾਵਾ ਕਿਤਾਬਾਂ ਪੜਨ ਲਈ ਦੇ ਉਤਸ਼ਾਹਿਤ ਕੀਤਾ, ਕਾਲਜ ਪ੍ਰਿੰਸੀਪਲ ਡਾ. ਸਤਿੰਦਰ ਕੌਰ ਮਾਨ ਨੇ ਵਿਦਿਆਰਥੀਆਂ ਨਾਲ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਅੱਜ ਦੇ ਰੁਝੇਵੇਂ ਭਰੇ ਸਮੇਂ ਵਿੱਚ ਵਿਦਿਆਰਥੀ ਪੁਸਤਕਾਂ ਤੋਂ ਟੁੱਟਦਾ ਜਾ ਰਿਹਾ ਹੈ। ਸਮਾਜ ਨੂੰ ਸੇਧ ਦੇਣ ਅਤੇ ਵਿਕਾਸ ਦੀ ਲੀਹ 'ਤੇ ਤੁਰਨ ਲਈ ਪੁਸਤਕਾਂ ਨਾਲ ਜੁੜਨਾ ਜ਼ਰੂਰੀ ਹੈ। ਇਹ ਹ.ਫਤਾਵਰੀ ਪੁਸਤਕ ਰਿਵਿਊ ਵਿਦਿਆਰਥੀਆਂ ਦੀ ਸ਼ਖਸ਼ੀਅਤ ਨਿਖਾਰਨ ਵਿੱਚ ਅਹਿਮ ਯੋਗਦਾਨ ਪਾਵੇਗਾ। ਇਸ ਮੌਕੇ ਪ੍ਰੋ. ਮਨਦੀਪ ਕੌਰ, ਪ੍ਰੋ. ਹਰਦੀਪ ਕੌਰ ਅਤੇ ਵਿਦਿਆਰਥੀ ਹਾਜ਼ਰ ਸਨ।

# ਸਾਬਕਾ ਕੈਬਨਿਟ ਮੰਤਰੀ ਫੌਜਾ ਸਿੰਘ ਸਰਾਰੀ ਨੇ ਹਲਕੇ ਅੰਦਰ ਸਰਬਸੰਮਤੀ ਕਰਨ ਵਾਲੀਆਂ ਪੰਚਾਇਤਾਂ ਨੂੰ 5-5 ਲੱਖ ਰੁਪਏ ਦੇ ਸੌਂਪੇ ਚੈੱਕ





**ਗੁਰੂ ਹਰਸਹਾਏ, 7 ਮਾਰਚ (ਗੁਰਮੇਲ ਵਾਰਵਲ)** ਸਾਬਕਾ ਕੈਬਨਿਟ ਮੰਤਰੀ ਅਤੇ ਹਲਕਾ ਵਿਧਾਇਕ ਸ੍ਰ ਫੌਜਾ ਸਿੰਘ ਸਰਾਰੀ ਵਲੋਂ ਹਲਕੇ ਅੰਦਰ ਸਰਵਸੰਮਤੀ ਨਾਲ ਚੁਣੀਆਂ ਗਈਆਂ ਗ੍ਰਾਮ ਪੰਚਾਇਤਾਂ ਨੂੰ 5/5 ਲੱਖ ਰੁਪਏ ਦੇ ਚੈੱਕ ਵੰਡੇ ਜਾ ਰਹੇ ਹਨ। ਇਸੇ ਤਹਿਤ ਹਲਕੇ ਦੇ ਪਿੰਡ ਟਾਹਲੀ ਵਾਲਾ ਦੀ ਗ੍ਰਾਮ ਪੰਚਾਇਤ ਅਤੇ ਪਿੰਡ ਮਹਿਮਾ ਦੀ ਗ੍ਰਾਮ ਪੰਚਾਇਤ ਨੂੰ 5/5 ਲੱਖ ਰੁਪਏ ਦੇ ਚੈੱਕ ਸੌਂਪੇ ਗਏ। ਇਸ ਮੌਕੇ ਗੱਲਬਾਤ ਕਰਦਿਆਂ ਹਲਕਾ ਵਿਧਾਇਕ ਸ੍ਰ ਫੌਜਾ ਸਿੰਘ ਸਰਾਰੀ ਨੇ ਕਿਹਾ ਕਿ ਸੂਬੇ ਦੇ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਵਲੋਂ ਪੰਚਾਇਤੀ ਚੋਣਾ ਦੌਰਾਨ ਪਿੰਡਾ ਅੰਦਰ ਸਰਬਸੰਮਤੀ ਕਰਨ ਵਾਲੀਆਂ ਪੰਚਾਇਤਾਂ ਨੂੰ ਪੰਜ ਲੱਖ ਰੁਪਏ ਦੀ ਵਿਸ਼ੇਸ਼ ਗ੍ਰਾਂਟ ਦੇਣ ਦਾ ਵਾਅਦਾ ਕੀਤਾ ਗਿਆ ਸੀ ਜਿਸਨੂੰ ਮਾਨ ਸਰਕਾਰ ਵਲੋਂ ਪੂਰਾ ਕੀਤਾ ਗਿਆ ਹੈ। ਵਿਧਾਇਕ ਨੇ ਕਿਹਾ ਕਿ ਮਾਨ ਸਰਕਾਰ ਵਲੋਂ ਲੋਕਾ ਨਾਲ ਕੀਤੇ ਵਾਅਦੇ ਨੂੰ ਸਮਾਂ ਰਹਿੰਦਿਆਂ ਪੂਰਾ ਕੀਤਾ ਗਿਆ ਹੈ ਉਨ੍ਹਾਂ ਕਿਹਾ ਕਿ ਲੋਕਾਂ ਦੇ ਟੈਕਸਾਂ ਦਾ ਪੈਸਾ ਲੋਕਾਂ ਤੇ ਗ੍ਰਾਂਟ ਦੇ ਰੂਪ ਵਿੱਚ ਖਰਚ ਕੀਤਾ ਜਾ ਰਿਹਾ ਹੈ। ਹਲਕਾ ਵਿਧਾਇਕ ਨੇ ਸਰਵਸੰਮਤੀ ਨਾਲ ਚੁਣੀਆਂ ਪੰਚਾਇਤਾ ਤੇ ਪਿੰਡ ਵਾਸੀਆਂ ਨੂੰ ਦਿੱਤੀ ਵਧਾਈ ਤੇ ਅਪੀਲ ਕੀਤੀ ਕਿ ਉਹ ਇਸ ਵਿਸ਼ੇਸ਼ ਗ੍ਰਾਂਟ ਨੂੰ ਪਿੰਡ ਦੇ ਸਾਂਝੇ ਕੰਮਾਂ ਜਾ ਪਿੰਡ ਦੇ ਵਿਕਾਸ ਕਾਰਜਾਂ ਉਪਰ ਖਰਚ ਕਰਨ ਤਾਂ ਜੋ ਪਿੰਡਾਂ ਅੰਦਰ ਭਾਈਚਾਰਕ ਸਾਂਝ ਨੂੰ ਬਰਕਰਾਰ ਰੱਖਿਆ ਜਾ ਸਕੇ। ਇਸ ਮੌਕੇ ਪਿੰਡ ਵਾਸੀਆਂ ਅਤੇ ਸਮੂਹ ਗ੍ਰਾਮ ਪੰਚਾਇਤਾਂ ਨੇ ਮਾਨ ਸਰਕਾਰ ਅਤੇ ਹਲਕਾ ਵਿਧਾਇਕ ਸ੍ਰ ਫੌਜਾ ਸਿੰਘ ਸਰਾਰੀ ਦਾ ਧੰਨਵਾਦ ਕੀਤਾ। ਇਸ ਮੌਕੇ ਨਿੱਜੀ ਸਕੱਤਰ ਬਚਿੱਤਰ ਸਿੰਘ ਲਾਡੀ, ਪਰਮਿੰਦਰ ਸਿੰਘ ਬੀਡੀਪੀਓ ਗੁਰੂ ਹਰਸਹਾਏ, ਪੰਚਾਇਤ ਜਈ ਲਖਵਿੰਦਰ ਸਿੰਘ, ਜੱਸ ਸੰਧੂ, ਸਰਪੰਚ ਰਜਿੰਦਰ ਝਾਵਲਾ, ਸਰਪੰਚ ਬੱਬੂ ਡੋਰਾ, ਸਰਪੰਚ ਮਲੂਕ ਸਿੰਘ, ਆਪ ਆਗੂ ਸੰਦੀਪ ਛਿੱਲੀਆਂ, ਰਵੀ ਡਾਕਟਰ, ਚਰਨਜੀਤ ਸਿੰਘ ਨੰਬਰਦਾਰ, ਸਰਪੰਚ ਰਾਜਵਿੰਦਰ ਕੌਰ ਪਿੰਡ ਟਾਹਲੀ ਵਾਲਾ, ਜੋਨ ਇੰਚਾਰਜ ਅਮਰਜੀਤ ਸਿੰਘ ਟਾਹਲੀ ਵਾਲਾ, ਜੋਨ ਇੰਚਾਰਜ ਕੁਲਦੀਪ ਸਿੰਘ ਮਹਿਮਾ, ਜਰਨੈਲ ਸਿੰਘ ਪਿੰਡ ਮਹਿਮਾ, ਭਗਵਾਨ ਸਿੰਘ ਚੱਕ ਹੈਰਾਜ ਬੈਰਕਾ, ਜਤਿੰਦਰ ਸਿੰਘ ਸਰਪੰਚ ਬੁਰਜ ਮੱਖਣ ਸਿੰਘ, ਜਗਤਾਰ ਸਿੰਘ ਚੱਕ ਰੋੜਾ ਵਾਲਾ, ਇਕਬਾਲ ਸਿੰਘ ਮੈਂਬਰ ਛਾਮ ਸਿੰਘ ਵਾਲਾ, ਧਰਮਪਾਲ ਸਰਪੰਚ ਛਾਮ ਸਿੰਘ ਵਾਲਾ, ਗੁਰਪ੍ਰੀਤ ਸਿੰਘ ਸਰਪੰਚ ਚੱਕ ਹਰਾਜ ਬੈਰਕਾਂ, ਹਰਜਿੰਦਰ ਸਿੰਘ ਆਮ ਆਦਮੀ ਪਾਰਟੀ ਆਗੂ, ਆਦਿ ਵਲੰਟੀਅਰ ਮੌਜੂਦ ਸਨ।